




ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ








PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 104 Chief Editor : Chowdhary Prabhjit Singh, Editor : Chhatarpal Singh 98146-32807, Thursday 8 October 2026 Price : 2 Rs. Page : 6


## ਅੰਮ੍ਰਿਤਸਰ ’ਚ ਵੱਡਾ ਐਕਸ਼ਨ ! 15 ਪਿਸਤੌਲਾਂ ਸਣੇ 8 ਮੁਲਜ਼ਮ ਗ੍ਰਿਫ਼ਤਾਰ




**ਅੰਮ੍ਰਿਤਸਰ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਵੱਲੋਂ ਇਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਗ਼ੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਤਿੰਨ ਨੈੱਟਵਰਕਾਂ ਦਾ ਪਰਦਾਫਾਸ਼ ਕਰਕੇ 8 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿਚੋਂ 15 ਨਾਜਾਇਜ਼ ਪਿਸਤੌਲ ਅਤੇ 15 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ।

ਇਹ ਜਾਣਕਾਰੀ ਸਾਂਝੀ ਕਰਦਿਆਂ ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਸਾਹਮਣੇ ਆਇਆ ਹੈ ਕਿ ਇਹ ਮੁਲਜ਼ਮ ਕਥਿਤ ਤੌਰ ’ਤੇ ਵਿਦੇਸ਼ਾਂ ਵਿਚ ਬੈਠੇ ਹਥਿਆਰਾਂ ਦੇ ਤਸਕਰਾਂ ਨਾਲ ਜੁੜੇ ਹੋਏ ਸਨ ਅਤੇ ਅਪਰਾਧਿਕ ਅਨਸਰਾਂ ਨੂੰ ਸਪਲਾਈ ਕਰਨ ਲਈ ਗ਼ੈਰ-ਕਾਨੂੰਨੀ ਹਥਿਆਰ ਮੰਗਵਾਉਂਦੇ ਸਨ। ਜਾਂਚ ਦੌਰਾਨ ਇਸ ਗ਼ੈਰ-ਕਾਨੂੰਨੀ ਹਥਿਆਰ ਸਪਲਾਈ ਨੈੱਟਵਰਕ ਨਾਲ ਜੁੜੇ ਹੋਰ ਸਾਥੀਆਂ ਨਾਲ ਵੀ ਮੁਲਜ਼ਮਾਂ ਦੇ ਸੰਬੰਧ ਸਾਹਮਣੇ ਆਏ ਹਨ।

ਡੀ. ਜੀ. ਪੀ. ਨੇ ਦੱਸਿਆ ਕਿ ਇਸ ਸਬੰਧੀ ਥਾਣਾ ਕੈਂਟ, ਇਸਲਾਮਾਬਾਦ ਅਤੇ ਛੇਹਰਟਾ, ਅੰਮ੍ਰਿਤਸਰ ਵਿਖੇ ਵੱਖ-ਵੱਖ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ। ਇਸ ਪੂਰੇ ਨੈੱਟਵਰਕ ਦੇ ਅਗਲੇ ਅਤੇ ਪਿਛਲੇ ਸਬੰਧਾਂ ਦਾ ਪਤਾ ਕਰਨ ਅਤੇ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ।

## ਕੰਮ ਹੀ ਮੇਰਾ ਧਰਮ ਹੈ : ਪ੍ਰਧਾਨ ਮੰਤਰੀ

**ਨਵੀਂ ਦਿੱਲੀ, 7 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਵਜੋਂ ਜਨਤਕ ਸੇਵਾ ਵਿੱਚ ਆਪਣੇ 25 ਸਾਲ ਪੂਰੇ ਕਰ ਲਏ ਹਨ। ਇਸ ਖਾਸ ਮੌਕੇ ’ਤੇ ਰਾਜਧਾਨੀ ਦਿੱਲੀ ਦੇ ਇੰਦਰਾ ਗਾਂਧੀ ਸਟੇਡੀਅਮ ਵਿੱਚ ਆਯੋਜਿਤ ਇੱਕ ਵਿਸ਼ੇਸ਼ ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਆਪਣੇ ਜੀਵਨ ਦੇ ਸੰਘਰਸ਼ਾਂ, ਸਿਧਾਂਤਾਂ ਅਤੇ ਦੇਸ਼ ਦੇ ਭਵਿੱਖ ਲਈ ਆਪਣੇ ਦ੍ਰਿਸ਼ਟੀਕੋਣ ਨੂੰ ਦੇਸ਼ ਵਾਸੀਆਂ ਸਾਹਮਣੇ ਰੱਖਿਆ। ਉਨ੍ਹਾਂ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਹ ਇੱਕ ਅਜਿਹੇ ਵਿਅਕਤੀ ਹਨ ਜੋ ਕਿਸੇ ਵਿਅਕਤੀਗਤ ਇੱਛਾ ਲਈ ਨਹੀਂ, ਸਗੋਂ ਦੇਸ਼ ਸੇਵਾ ਦੇ ਮਿਸ਼ਨ ਲਈ ਜਿਉਂਦੇ ਹਨ।

ਆਪਣੇ ਸੰਬੋਧਨ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਮੈਂ ਕਦੇ ਨਹੀਂ ਸੋਚਿਆ ਸੀ ਕਿ ਮੈਂ ਜ਼ਿੰਦਗੀ ਵਿੱਚ ਕੀ ਬਣਾਂਗਾ। ਮੇਰੀ ਜ਼ਿੰਦਗੀ ਦੀਆਂ ਚੁਣੌਤੀਆਂ ਅਤੇ ਜਿਸ ਨੇ ਵੀ ਮੈਨੂੰ ਹੇਠਾਂ ਲਿਆਂਦਾ, ਉਸ ਨੇ ਮੈਨੂੰ ਇਹ ਸਿਖਾਇਆ ਕਿ ਦੁਬਾਰਾ ਕਿਵੇਂ ਖੜ੍ਹੇ ਹੋਣਾ ਹੈ। ਉਨ੍ਹਾਂ ਕਿਹਾ ਕਿ 25 ਸਾਲਾਂ ਦੀ ਇਸ ਯਾਤਰਾ ਨੂੰ ਲੋਕ ਸ਼ਾਇਦ ਇੱਕ ਵੱਡੀ ਪ੍ਰਾਪਤੀ ਸਮਝਦੇ ਹਨ, ਪਰ ਇਹ ਮੇਰੇ ਲਈ ਕਿਸੇ ਨਿੱਜੀ ਵਡਿਆਈ ਦਾ ਮਾਮਲਾ ਨਹੀਂ ਹੈ।

ਉਨ੍ਹਾਂ ਨੇ ਆਪਣੇ ਅਤੀਤ ਨੂੰ ਯਾਦ ਕਰਦਿਆਂ ਦੱਸਿਆ ਕਿ 25 ਸਾਲ ਪਹਿਲਾਂ, 50 ਸਾਲ ਦੀ ਉਮਰ ਵਿੱਚ ਉਹ ਜੰਗਲਾਂ ਵਿੱਚ ਆਦਿਵਾਸੀਆਂ ਦੇ ਵਿਚਕਾਰ ਅਤੇ ਪਹਾੜਾਂ ਵਿੱਚ ਰਹਿੰਦੇ ਸਨ।

## ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਵਿਧਾਇਕ ਕੋਹਲੀ ਨੇ ਤੀਰਥ ਯਾਤਰਾ ਬੱਸ ਕੀਤੀ ਰਵਾਨਾ

**ਪਟਿਆਲਾ, 7 ਅਕਤੂਬਰ**
**-ਛਤਰਪਾਲ ਸਿੰਘ-**



ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਤੋਂ ਸ਼ਰਧਾਲੂਆਂ ਨੂੰ ਤੀਰਥ ਅਸਥਾਨਾਂ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਨੂੰ ਅੱਜ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਰਸ਼ੂਰਾਮ ਚੌਂਕ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੌਰਾਨ ਵਾਰਡ ਨੰਬਰ 48 ਦੇ ਐੱਮ.ਸੀ. ਰਾਜੇਸ਼ ਕੁਮਾਰ (ਰਾਜੂ ਸਾਹਨੀ) ਵੀ ਮੌਜੂਦ ਰਹੇ।

ਵਿਧਾਇਕ ਕੋਹਲੀ ਨੇ ਕਿਹਾ ਕਿ ਤੀਰਥ ਯਾਤਰਾ ਲਈ ਰਵਾਨਾ ਹੋਈ ਇਹ ਬੱਸ ਖਾਟੂ ਸ਼ਿਆਮ ਅਤੇ ਸਾਲਾਸਰ ਬਾਲਾ ਜੀ ਦੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏਗੀ। ਉਨ੍ਹਾਂ ਦੱਸਿਆ ਕਿ ਯਾਤਰਾ ਨਾਲ ਸਬੰਧਤ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਅਤੇ ਸ਼ਰਧਾਲੂਆਂ ਤੋਂ ਕਿਸੇ ਤਰ੍ਹਾਂ ਦੀ ਕੋਈ ਰਕਮ ਨਹੀਂ ਲਈ ਜਾ ਰਹੀ।

ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਹੁਣ ਤੱਕ ਵੱਡੀ ਗਿਣਤੀ ਵਿੱਚ ਸ਼ਰਧਾਲੂ ਵੱਖ-ਵੱਖ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ ਅਤੇ ਲਗਾਤਾਰ ਲੋਕ ਇਸ ਯਾਤਰਾ ਦਾ ਲਾਭ ਲੈਣ ਲਈ ਆਪਣੇ ਇਲਾਕੇ ਦੇ ਆਗੂਆਂ ਨਾਲ ਸੰਪਰਕ ਕਰ ਰਹੇ ਹਨ।ਬੱਸ ਰਵਾਨਾ ਹੋਣ ਮੌਕੇ ਸ਼ਰਧਾਲੂਆਂ ਵਿੱਚ ਖਾਸਾ ਉਤਸ਼ਾਹ ਨਜ਼ਰ ਆਇਆ। ਯਾਤਰਾ ’ਤੇ ਜਾ ਰਹੀਆਂ ਸੰਗਤਾਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਲੋਕਾਂ ਨੂੰ ਦੇਸ਼ ਦੇ ਵੱਖ-ਵੱਖ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਖਦ ਮੌਕਾ ਮਿਲ ਰਿਹਾ ਹੈ।






## ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਗੁਰੂਗ੍ਰਾਮ ਵਿੱਚ ਕੀਤਾ ‘ਵਿਕਸਿਤ ਭਾਰਤ ਸੰਕਲਪ ਜੋਤ ਯਾਤਰਾ’ ਦਾ ਸ਼ੁਭ ਆਰੰਭ

**ਚੰਡੀਗੜ੍ਹ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ੍ਰੀ ਅਮਿਤ ਸ਼ਾਹ ਨੇ ਸੇਵਾ ਸੰਕਲਪ ਮੁਹਿੰਮ ਤਹਿਤ ਬੁੱਧਵਾਰ ਨੂੰ ਸਾਈਬਰ ਨਗਰੀ ਗੁਰੂਗ੍ਰਾਮ ਵਿੱਚ ‘ਵਿਕਸਿਤ ਭਾਰਤ ਸੰਕਲਪ ਜੋਤ ਯਾਤਰਾ’ ਦਾ ਸ਼ੁਭਆਰੰਭ ਕੀਤਾ। ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੇ ਯਾਤਰਾ ਦੀ ਮਸ਼ਾਲ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੂੰ ਸੌਂਪਦਿਆਂ ਸੂਬੇ ਨੂੰ ਵਿਕਾਸ ਦੇ ਰਾਹ ਉੱਤੇ ਅੱਗੇ ਵਧਾਉਣ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵਿੱਚ ਸਰਗਰਮ ਭਾਗੀਦਾਰੀ ਦਾ ਸੁਨੇਹਾ ਦਿੱਤਾ।

ਇਸ ਮੌਕੇ ਗੁਰੂਗ੍ਰਾਮ ਵਿੱਚ ਆਯੋਜਿਤ ਰਾਜ ਪੱਧਰੀ ਸਮਾਗਮ ਵਿੱਚ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ੍ਰੀ ਅਮਿਤ ਸ਼ਾਹ, ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸਮੇਤ ਹਾਜ਼ਰ ਜਨ-ਪ੍ਰਤੀਨਿਧੀਆਂ ਅਤੇ ਹਜ਼ਾਰਾਂ ਨੌਜਵਾਨਾਂ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਸੰਬੋਧਨ ਨੂੰ ਲਾਈਵ ਸੁਣਿਆ। ਪ੍ਰਧਾਨ ਮੰਤਰੀ ਨੇ ਆਪਣੇ ਜਨਤਕ ਜੀਵਨ ਦੇ 25 ਸਾਲ ਪੂਰੇ ਹੋਣ ਦੇ ਮੌਕੇ ਉੱਤੇ ਦੇਸ਼ਵਾਸੀਆਂ ਨੂੰ ਸੰਬੋਧਨ ਕਰਦਿਆਂ ਸੇਵਾ, ਸੁਸ਼ਾਸਨ ਅਤੇ ਰਾਸ਼ਟਰ ਨਿਰਮਾਣ ਦੇ ਪ੍ਰਤੀ ਸਮਰਪਣ ਦੇ ਨਾਲ ਵਿਕਸਿਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਜਨਭਾਗੀਦਾਰੀ ਦਾ ਸੱਦਾ ਦਿੱਤਾ।

ਇਸ ਪ੍ਰੋਗਰਾਮ ਵਿੱਚ ਕੇਂਦਰੀ ਮੰਤਰੀ ਰਾਓ ਇੰਦਰਜੀਤ ਸਿੰਘ, ਹਰਿਆਣਾ ਦੇ ਉਦਯੋਗ ਅਤੇ ਵਪਾਰ ਮੰਤਰੀ ਰਾਓ ਨਰਬੀਰ ਸਿੰਘ, ਯੁਵਾ ਅਧਿਕਾਰਿਤਾ ਅਤੇ ਉਦਯੋਗਿਤਾ ਮੰਤਰੀ ਗੌਰਵ ਗੌਤਮ, ਭਾਜਪਾ ਪ੍ਰਦੇਸ਼ ਪ੍ਰਧਾਨ ਡਾ. ਅਰਚਨਾ ਗੁਪਤਾ, ਸਾਬਕਾ ਕੇਂਦਰੀ ਮੰਤਰੀ ਸਮ੍ਰਿਤੀ ਇਰਾਨੀ, ਭਾਜਪਾ ਸੰਸਦੀ ਬੋਰਡ ਦੀ ਮੈਂਬਰ ਡਾ. ਸੁਧਾ ਯਾਦਵ, ਸੋਹਨਾ ਦੇ ਵਿਧਾਇਕ ਤੇਜਪਾਲ ਤੰਵਰ, ਪਟੌਦੀ ਦੀ ਵਿਧਾਇਕ ਬਿਮਲਾ ਚੌਧਰੀ, ਗੁਰੂਗ੍ਰਾਮ ਦੇ ਵਿਧਾਇਕ ਮੁਕੇਸ਼ ਸ਼ਰਮਾ ਸਮੇਤ ਹੋਰ ਪਤਵੰਤੇ ਮੌਜੂਦ ਰਹੇ।

ਸ੍ਰੀ ਅਮਿਤ ਸ਼ਾਹ ਨੇ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਜਨਤਕ ਜੀਵਨ ਦੇ 25 ਸਾਲ ਪੂਰੇ ਹੋਣ ਦਾ ਇਹ ਮੌਕਾ ਭਾਰਤੀ ਲੋਕਤੰਤਰ ਦੇ ਇਤਿਹਾਸ ਵਿੱਚ ਸੁਨਹਿਰੀ ਅਤੇ ਯੁੱਗ-ਪਲਟਾਊ ਅਧਿਆਇ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ 25 ਸਾਲਾਂ ਵਿੱਚ ਸ੍ਰੀ ਨਰਿੰਦਰ ਮੋਦੀ ਨੇ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਦੇ ਰੂਪ ਵਿੱਚ ਨਿਰੰਤਰ ਦੇਸ਼ ਅਤੇ ਕਰੋੜਾਂ ਨਾਗਰਿਕਾਂ ਦੀ ਸੇਵਾ ਕੀਤੀ ਹੈ।

ਸ੍ਰੀ ਅਮਿਤ ਸ਼ਾਹ ਨੇ ਕਿਹਾ ਕਿ 7 ਅਕਤੂਬਰ ਦਾ ਦਿਨ ਭਾਰਤੀ ਲੋਕਤੰਤਰ ਦੇ ਇਤਿਹਾਸ ਵਿੱਚ ਵਿਸ਼ੇਸ਼ ਮਹੱਤਵ ਰੱਖਦਾ ਹੈ। ਇੱਕ ਗਰੀਬ ਪਰਿਵਾਰ ਵਿੱਚ ਜੰਮੇ ਵਿਅਕਤੀ ਨੇ ਆਪਣੀ ਸਮਰੱਥਾ, ਪ੍ਰਤਿਭਾ ਅਤੇ ਕਰੋੜਾਂ ਲੋਕਾਂ ਨੂੰ ਨਾਲ ਲੈ ਕੇ 25 ਸਾਲਾਂ ਤੱਕ ਮੁੱਖ ਮੰਤਰੀ ਅਤੇ ਪ੍ਰਧਾਨ ਮੰਤਰੀ ਦੇ ਰੂਪ ਵਿੱਚ ਦੇਸ਼ ਦੀ ਅਗਵਾਈ ਕਰਨ ਦਾ ਰਿਕਾਰਡ ਬਣਾਇਆ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਜਨਤਕ ਜੀਵਨ ਦੇ ਇਹ 25 ਸਾਲ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਅੰਕਿਤ ਕੀਤੇ ਜਾਣਗੇ।

ਕੇਂਦਰੀ ਗ੍ਰਹਿ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਪਿਛਲੇ 25 ਸਾਲਾਂ ਵਿੱਚ ਦੇਸ਼ ਨੇ ਅਨੇਕ ਮਹੱਤਵਪੂਰਨ ਉਪਲਬਧੀਆਂ ਹਾਸਲ ਕੀਤੀਆਂ ਹਨ। ਉਨ੍ਹਾਂ ਨੇ ਗਰੀਬੀ ਖਤਮ ਕਰਨ, ਸੁਰੱਖਿਅਤ ਭਾਰਤ, ਧਾਰਾ 370 ਨੂੰ ਹਟਾਉਣ, ਨਕਸਲਵਾਦ ਖਤਮ ਕਰਨ, ਅਯੁੱਧਿਆ ਵਿੱਚ ਸ਼੍ਰੀ ਰਾਮ ਜਨਮਭੂਮੀ ਮੰਦਰ ਅਤੇ ਕਾਸ਼ੀ ਵਿਸ਼ਵਨਾਥ ਧਾਮ ਦੇ ਨਿਰਮਾਣ ਅਤੇ ਦੇਸ਼ ਦੇ ਬੁਨਿਆਦੀ ਢਾਂਚੇ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਉਣ ਵਰਗੀਆਂ ਉਪਲਬਧੀਆਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਗਰੀਬ ਭਲਾਈ ਦੀ ਦਿਸ਼ਾ ਵਿੱਚ ਕੀਤੇ ਗਏ ਯਤਨਾਂ ਨਾਲ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਣ ਵਿੱਚ ਮਹੱਤਵਪੂਰਨ ਸਫਲਤਾ ਮਿਲੀ ਹੈ।

ਸ੍ਰੀ ਅਮਿਤ ਸ਼ਾਹ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ 25 ਸਾਲ ਗਰੀਬ ਭਲਾਈ, ਭਾਰਤ ਦੇ ਗੌਰਵ ਅਤੇ ਰਾਸ਼ਟਰ ਦੀ ਪ੍ਰਗਤੀ ਦੇ 25 ਸਾਲ ਰਹੇ ਹਨ। ਇਨ੍ਹਾਂ 25 ਸਾਲਾਂ ਦੀ ਸੇਵਾ ਅਤੇ ਉਪਲਬਧੀਆਂ ਨੂੰ ਯਾਦਗਾਰ ਬਣਾਉਣ ਲਈ ‘ਸੇਵਾ ਜੋਤ ਯਾਤਰਾ’ ਦਾ ਆਯੋਜਨ ਕੀਤਾ ਗਿਆ ਹੈ। ਦੇਸ਼ ਦੇ ਵਿਕਾਸ ਅਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਸੇਵਾ-ਸਮਰਪਣ ਦੇ 25 ਸਾਲਾਂ ਨੂੰ ਜਨਭਾਗੀਦਾਰੀ ਦੇ ਮਾਧਿਅਮ ਨਾਲ ਯਾਦ ਕਰਨਾ ਇਸ ਯਾਤਰਾ ਦਾ ਉਦੇਸ਼ ਹੈ। ਉਨ੍ਹਾਂ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ ਅਤੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਸਰਗਰਮ ਯੋਗਦਾਨ ਦੇਣ ਦਾ ਸੱਦਾ ਦਿੱਤਾ।

## ਪੰਜਾਬ ਸਰਕਾਰ ਦੇ ਭ੍ਰਿਸ਼ਟਾਚਾਰ ਦਾ ਘੜਾ ਭਰਿਆ: ਕੇਵਲ ਸਿੰਘ ਢਿੱਲੋਂ

**ਚੰਡੀਗੜ੍ਹ, 7 ਅਕਤੂਬਰ**
**-ਜੀ. ਐਸ. ਤੁੰਗ-**



ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ’ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਸਰਕਾਰ ਦੇ ਭ੍ਰਿਸ਼ਟਾਚਾਰ ਦਾ ਘੜਾ ਹੁਣ ਭਰ ਚੁੱਕਾ ਹੈ ਅਤੇ ਪੰਜਾਬ ਨੂੰ ਬਰਬਾਦੀ ਵੱਲ ਧੱਕਣ ਵਾਲੀ ਇਸ ਸਰਕਾਰ ਦਾ ਅੰਤ ਹੁਣ ਨੇੜੇ ਹੈ।

ਮੋਹਾਲੀ ਵਿਖੇ ਭਾਜਪਾ ਕਾਰਜਕਰਤਾਵਾਂ ਨਾਲ ਮਿਲ ਕੇ ਪੰਜਾਬ ਸਰਕਾਰ ਦੇ ਕਥਿਤ ਭ੍ਰਿਸ਼ਟਾਚਾਰ ਵਿਰੁੱਧ ਕੀਤੇ ਪ੍ਰਦਰਸ਼ਨ ਦੌਰਾਨ ਕੇਵਲ ਸਿੰਘ ਢਿੱਲੋਂ ਨੇ ਭ੍ਰਿਸ਼ਟਾਚਾਰ ਦੇ ਪ੍ਰਤੀਕ ਵਜੋਂ ਘੜਾ ਭੰਨਿਆ। ਇਸ ਉਪਰੰਤ ਭਾਜਪਾ ਵੱਲੋਂ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀ ਅਰਥੀ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।

ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਆਪ ਨੂੰ ਇਮਾਨਦਾਰ ਸਰਕਾਰ ਦੱਸਦੀ ਸੀ, ਪਰ ਹੁਣ ਪੰਜਾਬ ਵਿੱਚ ਭ੍ਰਿਸ਼ਟਾਚਾਰ ਅਤੇ ਸਰਕਾਰੀ ਪੈਸੇ ਦੀ ਕਥਿਤ ਲੁੱਟ ਨਾਲ ਜੁੜੇ ਮਾਮਲੇ ਲਗਾਤਾਰ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਸਭ ਕੁਝ ਦੇਖ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਲੋਕ ਇਸ ਦਾ ਜਵਾਬ ਦੇਣਗੇ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭ੍ਰਿਸ਼ਟਾਚਾਰ ਦੇ ਮਾਮਲਿਆਂ ਸਬੰਧੀ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਪੰਜਾਬ ਪੁਲਿਸ ਨੂੰ ਕਈ ਵਾਰ ਪੱਤਰ ਲਿਖੇ ਜਾਣ ਦੇ ਬਾਵਜੂਦ ਜਦੋਂ ਪੰਜਾਬ ਸਰਕਾਰ ਵੱਲੋਂ ਮਾਮਲਿਆਂ ਦੀ ਢੁੱਕਵੀਂ ਜਾਂਚ ਨਹੀਂ ਕੀਤੀ ਗਈ ਤਾਂ ਮਾਮਲਾ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੱਕ ਪਹੁੰਚਿਆ। ਉਨ੍ਹਾਂ ਕਿਹਾ ਕਿ ਹੁਣ ਹਾਈਕੋਰਟ ਦੇ ਹੁਕਮਾਂ ’ਤੇ ਸੀਬੀਆਈ ਵੱਲੋਂ ਮਾਮਲਿਆਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਿੱਥੇ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ, ਉੱਥੇ ਆਮ ਆਦਮੀ ਪਾਰਟੀ ਸਰਕਾਰ ਬੌਖਲਾਹਟ ਵਿੱਚ ਆਉਂਦੀ ਨਜ਼ਰ ਆ ਰਹੀ ਹੈ।

ਭਾਜਪਾ ਸੂਬਾ ਪ੍ਰਧਾਨ ਨੇ ਕਿਹਾ ਕਿ ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੋਈ ਗਲਤ ਕੰਮ ਨਹੀਂ ਕੀਤਾ ਤਾਂ ਉਸ ਨੂੰ ਜਾਂਚ ਤੋਂ ਡਰਨ ਦੀ ਬਜਾਏ ਜਾਂਚ ਦਾ ਸਾਹਮਣਾ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਾਂਚ ’ਤੇ ਸਵਾਲ ਖੜ੍ਹੇ ਕਰਨ ਦੀ ਬਜਾਏ ਸਰਕਾਰ ਨੂੰ ਆਪਣੀ ਪਾਰਦਰਸ਼ਤਾ ਸਾਬਤ ਕਰਨੀ ਚਾਹੀਦੀ ਹੈ।

ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਭ੍ਰਿਸ਼ਟਾਚਾਰ ਦਾ ਘੜਾ ਭਰ ਚੁੱਕਾ ਹੈ। ਪੰਜਾਬ ਦੀ ਜਨਤਾ ਦੇ ਪੈਸੇ ਦੀ ਲੁੱਟ ਅਤੇ ਭ੍ਰਿਸ਼ਟਾਚਾਰ ਨਾਲ ਜੁੜੇ ਮਾਮਲੇ ਹੁਣ ਸਾਹਮਣੇ ਆ ਰਹੇ ਹਨ। ਪੰਜਾਬ ਨੂੰ ਲੁੱਟਣ ਵਾਲਿਆਂ ਦਾ ਹਿਸਾਬ ਹੁਣ ਜਨਤਾ ਦੀ ਕਚਹਿਰੀ ਵਿੱਚ ਹੋਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਸਰਕਾਰ ਦੇ ਝੂਠੇ ਵਾਅਦਿਆਂ ਅਤੇ ਕਥਿਤ ਭ੍ਰਿਸ਼ਟਾਚਾਰ ਤੋਂ ਤੰਗ ਆ ਚੁੱਕੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਨੂੰ ਬਰਬਾਦੀ ਵੱਲ ਲਿਜਾਣ ਵਾਲੀ ਆਮ ਆਦਮੀ ਪਾਰਟੀ ਸਰਕਾਰ ਦਾ ਅੰਤ ਹੁਣ ਨੇੜੇ ਹੈ ਅਤੇ ਜਨਤਾ ਇਸ ਸਰਕਾਰ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾਏਗੀ।

ਇਸ ਮੌਕੇ ਸੂਬਾ ਮੀਤ ਪ੍ਰਧਾਨ ਰਣਜੀਤ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ ਸੰਜੀਵ ਵਿਸ਼ਸਟ, ਅਨੁਜ ਖੋਸਲਾ, ਗੁਰਦਰਸ਼ਨ ਸਿੰਘ ਸੈਣੀ, ਐਨ.ਕੇ ਵਰਮਾ, ਸੰਜੀਵ ਧੰਨਾ, ਸੁਖਵਿੰਦਰ ਸਿੰਘ ਗੋਲਡੀ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।

## ਸੀਬੀਆਈ ਨੇ ਵੀ ਸਾਡੀ ਸਰਕਾਰ ਦੀ ਇਮਾਨਦਾਰੀ ਨੂੰ ਦਿੱਤੀ ਕਲੀਨ ਚਿੱਟ: ਭਗਵੰਤ ਸਿੰਘ ਮਾਨ



**ਚੰਡੀਗੜ੍ਹ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਪੂਰੇ ਪੰਜਾਬ ਵਿੱਚ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਵੱਲੋਂ ਮਾਰੇ ਗਏ 12 ਘੰਟਿਆਂ ਦੇ ਛਾਪਿਆਂ ਨੂੰ ਲੈ ਕੇ ਭਾਜਪਾ ’ਤੇ ਤਿੱਖਾ ਨਿਸ਼ਾਨਾ ਸਾਧਿਆ। ਉਨ੍ਹਾਂ ਦਾਅਵਾ ਕੀਤਾ ਕਿ ਏਜੰਸੀ ਦੀਆਂ ਟੀਮਾਂ ਖਾਲੀ ਹੱਥ ਵਾਪਸ ਪਰਤੀਆਂ ਹਨ ਅਤੇ ਪੂਰੇ ਪੰਜਾਬ ਵਿੱਚ ਵਿਆਪਕ ਤਲਾਸ਼ੀ ਦੇ ਬਾਵਜੂਦ ਕੁਝ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਇਹ ਨਤੀਜਾ ਸਰਕਾਰ ਦੀ ਇਮਾਨਦਾਰੀ ਦਾ ਪ੍ਰਤੱਖ ਪ੍ਰਮਾਣ ਹੈ। ਉਨ੍ਹਾਂ ਨੇ ਭਾਜਪਾ ’ਤੇ ਦੋਸ਼ ਲਾਇਆ ਕਿ ਉਹ ਚੋਣਾਂ ਤੋਂ ਪਹਿਲਾਂ ਚੁਣੀ ਹੋਈ ਸਰਕਾਰ ਦੇ ਮੁੱਖ ਮੰਤਰੀ ਨੂੰ ਡਰਾਉਣ ਅਤੇ ਉਨ੍ਹਾਂ ਦਾ ਅਕਸ ਖਰਾਬ ਕਰਨ ਲਈ ਕੇਂਦਰੀ ਏਜੰਸੀਆਂ ਦੀ ਵਰਤੋਂ ਕਰ ਰਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਨਾ ਤਾਂ ਉਹ ਅਤੇ ਨਾ ਹੀ ਪੰਜਾਬ ਸਰਕਾਰ ਅਜਿਹੀਆਂ ਚਾਲਾਂ ਤੋਂ ਡਰਨ ਵਾਲੀ ਹੈ। ਉਨ੍ਹਾਂ ਕਿਹਾ ਕਿ ਉਹ ਪੈਸਾ ਕਮਾਉਣ ਲਈ ਨਹੀਂ ਬਲਕਿ ਪੰਜਾਬ ਦੀ ਸੇਵਾ ਕਰਨ ਲਈ ਰਾਜਨੀਤੀ ਵਿੱਚ ਆਏ ਹਨ ਅਤੇ ਪੰਜਾਬੀ ਕਦੇ ਵੀ ‘ਧੱਕੇਸ਼ਾਹੀ’ ਬਰਦਾਸ਼ਤ ਨਹੀਂ ਕਰਨਗੇ।

;X’ ’ਤੇ ਪੋਸਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ: ÷...ਸੀਬੀਆਈ ਦੇ ਛਾਪੇ ਸਿਰਫ਼ ਸਿਆਸੀ ਬੌਖਲਾਹਟ ਦਾ ਨਤੀਜਾ ਹਨ। ਅਸੀਂ ਡਰਾਉਣ ਜਾਂ ਬਦਨਾਮ ਕਰਨ ਦੀਆਂ ਅਜਿਹੀਆਂ ਕੋਝੀਆਂ ਕੋਸ਼ਿਸ਼ਾਂ ਤੋਂ ਨਾ ਡਰਾਂਗੇ ਅਤੇ ਨਾ ਹੀ ਝੁਕਾਂਗੇ। ਅਸੀਂ ਇੱਥੇ ਪੈਸਾ ਕਮਾਉਣ ਨਹੀਂ, ਪੰਜਾਬ ਦੀ ਸੇਵਾ ਕਰਨ ਆਏ ਹਾਂ, ਅਤੇ ਪੰਜਾਬੀ ਕਦੇ ਵੀ ਅਨਿਆਂ ਬਰਦਾਸ਼ਤ ਨਹੀਂ ਕਰਦੇ। ਸੰਗਰੂਰ ਵਿੱਚ ਇੱਕ ਸਮਾਗਮ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਐਮ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਾ ਤਾਂ ਉਹ ਅਤੇ ਨਾ ਹੀ ਪੰਜਾਬ ਸਰਕਾਰ ਅਜਿਹੀਆਂ ਚਾਲਾਂ ਤੋਂ ਡਰੇਗੀ। ਉਨ੍ਹਾਂ ਕਿਹਾ, ÷ਅਸੀਂ ਕਿਤੇ ਨਹੀਂ ਜਾ ਰਹੇ। ਅਸੀਂ ਕੇਂਦਰੀ ਏਜੰਸੀਆਂ ਦਾ ਸਾਹਮਣਾ ਕਰਾਂਗੇ ਅਤੇ ਹਰ ਸਵਾਲ ਦਾ ਜਵਾਬ ਦਿਆਂਗੇ। ਭਾਜਪਾ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਪੰਜਾਬੀ ਧਮਕੀਆਂ ਜਾਂ ਧੱਕੇਸ਼ਾਹੀ ਤੋਂ ਡਰਨ ਵਾਲੇ ਨਹੀਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸੀਬੀਆਈ ਦੇ ਛਾਪਿਆਂ ਦਾ ਸਮਾਂ ਬਹੁਤ ਮਹੱਤਵਪੂਰਨ ਹੈ ਅਤੇ ਇਹ ਦਰਸਾਉਂਦਾ ਹੈ ਕਿ ਭਾਜਪਾ ਨੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ, ÷ਜਦੋਂ ਵੀ ਚੋਣਾਂ ਨੇੜੇ ਆਉਂਦੀਆਂ ਹਨ, ਉਨ੍ਹਾਂ ਰਾਜਾਂ ਵਿੱਚ ਇੱਕੋ ਜਿਹਾ ਤਰੀਕਾ ਅਪਣਾਇਆ ਜਾਂਦਾ ਹੈ ਜਿੱਥੇ ਭਾਜਪਾ ਨੂੰ ਸਿਆਸੀ ਚੁਣੌਤੀ ਮਿਲਦੀ ਹੈ। ਦਿੱਲੀ ਵਿੱਚ ਚੋਣਾਂ ਤੋਂ ਪਹਿਲਾਂ ਉਨ੍ਹਾਂ ਨੇ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਸਤਯੇਂਦਰ ਜੈਨ ਨੂੰ ਗ੍ਰਿਫ਼ਤਾਰ ਕੀਤਾ। ਛੱਤੀਸਗੜ੍ਹ, ਪੱਛਮੀ ਬੰਗਾਲ, ਦਿੱਲੀ, ਹਰਿਆਣਾ ਅਤੇ ਹੋਰ ਰਾਜਾਂ ਵਿੱਚ ਜਦੋਂ ਵੀ ਚੋਣਾਂ ਨੇੜੇ ਆਉਂਦੀਆਂ ਹਨ, ਕੇਂਦਰੀ ਏਜੰਸੀਆਂ ਅਚਾਨਕ ਸਰਗਰਮ ਹੋ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਡਰਾਉਣ-ਧਮਕਾਉਣ ਦੀ ਇਸ ਰਾਜਨੀਤੀ ਦਾ ਸ਼ਿਕਾਰ ਨਹੀਂ ਹੋਵੇਗਾ।

÷ਜਿਹੜੀਆਂ ਟੀਮਾਂ ਪੰਜਾਬ ’ਚ ਛਾਪੇਮਾਰੀ ਕਰਨ ਆਈਆਂ ਸਨ, ਉਹ ਖਾਲੀ ਹੱਥ ਵਾਪਸ ਚਲੀਆਂ ਗਈਆਂ ਹਨ। ਉਹ ਇੱਕ ਮਕਸਦ ਨਾਲ ਆਏ ਸਨ, ਪਰ ਉਨ੍ਹਾਂ ਨੂੰ ਕੀ ਮਿਲਿਆ ? ਕੁਝ ਵੀ ਨਹੀਂ। ਉਹ ਖਾਲੀ ਹੱਥ ਵਾਪਸ ਗਏ,÷ ਉਨ੍ਹਾਂ ਅੱਗੇ ਕਿਹਾ ਕਿ ਜਦੋਂ ਕੋਈ ਗਲਤ ਕੰਮ ਕੀਤਾ ਹੀ ਨਹੀਂ ਤਾਂ ਅਜਿਹੇ ਛਾਪੇ ਡਰ ਦਾ ਮਾਹੌਲ ਪੈਦਾ ਕਰਨ ਅਤੇ ਅਕਸ ਖਰਾਬ ਕਰਨ ਦੀ ਕੋਸ਼ਿਸ਼ ਤੋਂ ਇਲਾਵਾ ਕੁਝ ਨਹੀਂ ਹਨ।

ਮਾਨ ਨੇ ਕਿਹਾ ਕਿ ਇਹ ਕੋਸ਼ਿਸ਼ ਸਿਰਫ਼ ਉਨ੍ਹਾਂ ਨੂੰ ਸਿਆਸੀ ਤੌਰ ’ਤੇ ਨਿਸ਼ਾਨਾ ਬਣਾਉਣ ਤੱਕ ਸੀਮਤ ਨਹੀਂ ਹੈ, ਸਗੋਂ ਉਨ੍ਹਾਂ ਦੇ ਪਰਿਵਾਰ ਦੇ ਅਕਸ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਨੂੰ ਬਦਨਾਮ ਕਰਨ ਦੇ ਉਦੇਸ਼ ਨਾਲ ਕੀਤੀ ਗਈ ਹੈ।

## ਵਿਧਾਇਕ ਲਖਬੀਰ ਸਿੰਘ ਰਾਏ ਨੇ ਭੱਦਲਥੂਹਾ, ਰੰਘੇੜਾ ਰੋਡ ਤੋਂ ਬੀੜ ਭਮਾਰਸੀ ਤੱਕ ਦੀ ਸੜਕ ’ਤੇ ਪ੍ਰੀਮਿਕਸ ਪਾਉਣ ਦੇ ਕੰਮ ਦੀ ਕਰਵਾਈ ਸ਼ੁਰੂਆਤ



**ਫ਼ਤਹਿਗੜ੍ਹ ਸਾਹਿਬ, 7 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਅੱਜ ਪਿੰਡ ਭੱਦਲਥੂਹਾ,ਰੰਘੇੜਾ ਰੋਡ ਤੋਂ ਬੀੜ ਭਮਾਰਸੀ ਤੱਕ ਲਗਪਗ 2.98 ਕਿਲੋਮੀਟਰ ਲੰਮੀ ਸੜਕ ਤੇ 23.32 ਲੱਖ ਰੁਪਏ ਦੀ ਲਾਗਤ ਨਾਲ ਪ੍ਰੀਮਿਕਸ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਵਿਧਾਇਕ ਲਖਬੀਰ ਰਾਏ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਮਿਆਰੀ ਸੜਕ ਸਹੂਲਤਾਂ ਦੇਣ ਲਈ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਇਹ ਪਹਿਲ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਦੇ ਨਾਲ ਨਾਲ ਇਲਾਕੇ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰੇਗੀ। ਵਿਧਾਇਕ ਨੇ ਕਿਹਾ ਕਿ ਭੱਦਲਥੂਹਾ,ਰੰਘੇੜਾ ਰੋਡ ਤੋਂ ਬੀੜ ਭਮਾਰਸੀ ਤੱਕ ਦੀ ਇਸ ਸੜਕ ਦੀ ਪਿਛਲੇ ਲੰਮੇ ਸਮੇਂ ਤੋਂ ਖਸਤਾ ਹਾਲਤ ਚੱਲੀ ਆ ਰਹੀ ਸੀ ਜਿਸ ਕਾਰਨ ਲੋਕਾਂ ਨੂੰ ਆਵਾਜਾਈ ਵਿੱਚ ਮੁਸ਼ਕਲ ਪੇਸ਼ ਆਉਂਦੀ ਸੀ। ਉਨ੍ਹਾਂ ਕਿਹਾ ਕਿ ਸੜਕ ਦੇ ਬਣਨ ਨਾਲ ਲੋਕਾਂ ਦੀ ਲੰਮੇ ਸਮੇਂ ਦੀ ਮੰਗ ਪੂਰੀ ਕੀਤੀ ਜਾ ਰਹੀ ਹੈ। ਉਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਹੋਣ ਵਾਲੇ ਵਿਕਾਸ ਕੰਮਾਂ ਦੀ ਖੁਦ ਨਿਗਰਾਨੀ ਕੀਤੀ ਜਾਵੇ ਤਾਂ ਜੋ ਕੰਮ ਦੇ ਮਿਆਰ ਵਿੱਚ ਕੋਈ ਕਮੀ ਨਾ ਰਹੇ। ਇਸ ਮੌਕੇ ਸਰਪੰਚ ਬਲਕਾਰ ਸਿੰਘ ਹਰਦੀਪ ਸਿੰਘ ਨੰਬਰਦਾਰ ਹਰਦੀਪ ਸਿੰਘ ਕਰਨੈਲ ਸਿੰਘ ਜਸਵਿੰਦਰ ਸਿੰਘ ਜਗਤਾਰ ਸਿੰਘ ਹਰਜਿੰਦਰ ਸਿੰਘ ਲਖਵੀਰ ਸਿੰਘ ਜਗਦੀਪ ਸਿੰਘ ਨਿਰਮਲ ਸਿੰਘ ਹਾਜਰ ਸਨ।




# ਸੰਪਾਦਕੀ

## ਉਮੀਦਵਾਰਾਂ ਦੇ ਖਾਸ ਦਾਅ-ਓ-ਪੇਚ, ਵੋਟਰਾਂ ਦੇ ਅਰਮਾਨਾਂ ਨਾਲ ਦੋ ਤਰਫਾ ਖੇਡ.

ਚੋਣਾਂ ਦਾ ਮੌਸਮ ਆਉਂਦੇ ਹੀ ਸਿਆਸਤ ਦਾ ਰੰਗ ਬਦਲਣਾ ਸ਼ੁਰੂ ਹੋ ਜਾਂਦਾ ਹੈ। ਜਿਹੜੇ ਚਿਹਰੇ ਪੰਜ ਸਾਲ ਲੋਕਾਂ ਤੋਂ ਦੂਰ ਰਹਿੰਦੇ ਹਨ, ਉਹ ਅਚਾਨਕ ਗਲੀਆਂ, ਮੁਹੱਲਿਆਂ, ਪਿੰਡਾਂ ਅਤੇ ਘਰਾਂ ਦੀਆਂ ਡਿਓੜ੍ਹੀਆਂ ਤੱਕ ਪਹੁੰਚਣ ਲੱਗ ਪੈਂਦੇ ਹਨ। ਕਿਸੇ ਦੇ ਹੱਥ ਵਿੱਚ ਵਿਕਾਸ ਦਾ ਵਾਅਦਾ ਹੁੰਦਾ ਹੈ, ਕਿਸੇ ਕੋਲ ਪੁਰਾਣੇ ਕੰਮਾਂ ਦੀ ਫਾਈਲ, ਕਿਸੇ ਕੋਲ ਨਵੀਂ ਉਮੀਦ ਦਾ ਨਾਅਰਾ ਅਤੇ ਕਿਸੇ ਕੋਲ ਵਿਰੋਧੀ ਦੀਆਂ ਕਮਜ਼ੋਰੀਆਂ ਦੀ ਲੰਮੀ ਸੂਚੀ। ਇਹੀ ਚੋਣੀ ਸਿਆਸਤ ਦਾ ਉਹ ਪੜਾਅ ਹੈ ਜਿੱਥੇ ਵਾਅਦਾ, ਪ੍ਰਭਾਵ, ਮਨੋਵਿਗਿਆਨ ਅਤੇ ਜ਼ਮੀਨੀ ਚਲਾਕੀ ਇਕੱਠੇ ਕੰਮ ਕਰਦੇ ਹਨ। ਨਵਾਂ ਉਮੀਦਵਾਰ ਆਮ ਤੌਰ 'ਤੇ ਆਪਣੇ ਆਪ ਨੂੰ ਬਦਲਾਅ ਦਾ ਚਿਹਰਾ ਬਣਾਉਂਦਾ ਹੈ। ਉਹ ਕਹਿੰਦਾ ਹੈ ਕਿ ਪੁਰਾਣਿਆਂ ਨੇ ਕੁਝ ਨਹੀਂ ਕੀਤਾ ਅਤੇ ਹੁਣ ਇੱਕ ਨਵੀਂ ਸ਼ੁਰੂਆਤ ਦੀ ਲੋੜ ਹੈ। ਇਸ ਰਣਨੀਤੀ ਦਾ ਆਧਾਰ ਲੋਕਾਂ ਦੀ ਬਦਲਾਅ ਦੀ ਇੱਛਾ ਹੁੰਦੀ ਹੈ। ਦੂਜੇ ਪਾਸੇ ਪੁਰਾਣਾ ਉਮੀਦਵਾਰ ਆਪਣਾ ਤਜਰਬਾ, ਸੰਪਰਕ ਅਤੇ ਪਿਛਲੇ ਕੰਮ ਗਿਣਾਉਂਦਾ ਹੈ। ਉਸ ਦਾ ਸੰਦੇਸ਼ ਹੁੰਦਾ ਹੈ— ਮੈਨੂੰ ਤੁਸੀਂ ਜਾਣਦੇ ਹੋ, ਮੇਰਾ ਕੰਮ ਤੁਸੀਂ ਦੇਖਿਆ ਹੈ। ਇੱਥੇ ਵੋਟਰ ਦੀ ਮਨੋਵਿਗਿਆਨਿਕ ਦੁਵਿਧਾ ਸ਼ੁਰੂ ਹੁੰਦੀ ਹੈ ਕਿ ਨਵਾਂ ਭਰੋਸਾ ਕਰੀਏ ਜਾਂ ਪੁਰਾਣੇ ਤਜਰਬੇ ਨੂੰ ਮੌਕਾ ਦੇਈਏ ?

ਚੋਣਾਂ ਨੇੜੇ ਆਉਂਦਿਆਂ ਇੱਕ ਹੋਰ ਦੇਸੀ ਤਰੀਕਾ ਸਰਗਰਮ ਹੁੰਦਾ ਹੈ ਉਹ ਹੈ ਨਿੱਜੀ ਪਹੁੰਚ। ਕਿਸੇ ਦੇ ਘਰ ਚਾਹ ਪੀਣਾ, ਕਿਸੇ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋਣਾ, ਵਿਆਹ ਜਾਂ ਭੋਗ 'ਤੇ ਹਾਜ਼ਰੀ ਲਗਾਉਣਾ, ਛੋਟੇ-ਮੋਟੇ ਮਸਲੇ ਵਿੱਚ ਫ਼ੋਨ ਕਰ ਦੇਣਾ ਜਾਂ ਕਿਸੇ ਨੌਜਵਾਨ ਦੀ ਕੰਡ ਤੇ ਹੱਥ ਰੱਖ ਕੇ ਉਸ ਨੂੰ ਆਪਣਾ ਬੰਦਾ ਕਹਿ ਦੇਣਾ ਆਦਿ ਇਹ ਸਾਰੀਆਂ ਗੱਲਾਂ ਰਿਸ਼ਤਾ ਬਣਾਉਣ ਦੀ ਇਲੈਕਸ਼ਨੀ ਰਣਨੀਤੀ ਦਾ ਹਿੱਸਾ ਬਣਾਉਣ ਦੀ ਚਾਲ ਮਾਤਰ ਹੈ । ਕਈ ਵਾਰ ਇਹ ਸੱਚੀ ਲੋਕ-ਸੇਵਾ ਵੀ ਹੋ ਸਕਦੀ ਹੈ, ਪਰ ਕਈ ਵਾਰ ਇਸ ਦੇ ਪਿੱਛੇ ਵੋਟ ਦੀ ਗਿਣਤੀ ਵੀ ਚੱਲ ਰਹੀ ਹੁੰਦੀ ਹੈ।

ਇਸ ਤੋਂ ਅੱਗੇ ਆਉਂਦਾ ਹੈ ਡਰ ਅਤੇ ਧਾਰਣਾ ਦਾ ਮਨੋਵਿਗਿਆਨ। ਵੋਟਰ ਨੂੰ ਕਿਹਾ ਜਾਂਦਾ ਹੈ ਕਿ ਜੇ ਫਲਾਣਾ ਆ ਗਿਆ ਤਾਂ ਇਲਾਕੇ ਦਾ ਨੁਕਸਾਨ ਹੋਵੇਗਾ , ਜੇ ਸਾਨੂੰ ਮੌਕਾ ਨਾ ਮਿਲਿਆ ਤਾਂ ਤੁਹਾਡਾ ਕੰਮ ਰੁਕ ਜਾਵੇਗਾ ਜਾਂ ਇਸ ਵਾਰ ਮੁਕਾਬਲਾ ਬਹੁਤ ਵੱਡਾ ਹੈ। ਇਸ ਤਰ੍ਹਾਂ ਮੁੱਦੇ ਦੀ ਥਾਂ ਡਰ, ਗੁੱਸੇ ਜਾਂ ਭਾਵਨਾ ਨੂੰ ਵੋਟ ਦਾ ਆਧਾਰ ਬਣਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ।

ਸੋਸ਼ਲ ਮੀਡੀਆ ਨੇ ਇਸ ਖੇਡ ਨੂੰ ਹੋਰ ਤੇਜ਼ ਕਰ ਦਿੱਤਾ ਹੈ। ਇੱਕ ਤਸਵੀਰ, ਛੋਟੀ ਵੀਡੀਓ, ਪੁਰਾਣੀ ਘਟਨਾ ਦਾ ਨਵਾਂ ਸੰਦਰਭ ਜਾਂ ਅਧੂਰੀ ਜਾਣਕਾਰੀ ਕੁਝ ਘੰਟਿਆਂ ਵਿੱਚ ਹਜ਼ਾਰਾਂ ਲੋਕਾਂ ਤੱਕ ਪਹੁੰਚ ਸਕਦੀ ਹੈ। ਇੱਥੇ ਸਭ ਤੋਂ ਵੱਡਾ ਹਥਿਆਰ ਤੱਥ ਨਹੀਂ, ਧਾਰਣਾ ਬਣ ਜਾਂਦੀ ਹੈ। ਜੇ ਕਿਸੇ ਦਾਅਵੇ ਦੀ ਪੁਸ਼ਟੀ ਕੀਤੇ ਬਿਨਾਂ ਉਸਨੂੰ ਵਾਰ-ਵਾਰ ਦੁਹਰਾਇਆ ਜਾਵੇ ਤਾਂ ਉਹ ਕੁਝ ਲੋਕਾਂ ਨੂੰ ਸੱਚ ਜਿਹਾ ਲੱਗਣ ਲੱਗਦਾ ਹੈ।

ਇੱਥੇ ਵੋਟਰ ਨੂੰ ਉਮੀਦਵਾਰ ਤੋਂ ਪੁੱਛ ਚਾਹੀਦਾ ਹੈ ਕੀ ਵੀਰ-ਭੈਣ ਇਹ ਦੱਸ ਪਿਛਲੇ ਪੰਜ ਸਾਲਾਂ ਵਿੱਚ ਕੀ ਕੀਤਾ ? ਜੋ ਵਾਅਦਾ ਹੁਣ ਕੀਤਾ ਜਾ ਰਿਹਾ ਹੈ, ਉਸ ਲਈ ਪੈਸਾ ਕਿੱਥੋਂ ਆਵੇਗਾ ? ਪਿਛਲੇ ਵਾਅਦਿਆਂ ਦਾ ਕੀ ਬਣਿਆ ? ਤੂੰ ਸਿਰਫ ਇਲੈਕਸ਼ਨ ਵੇਲੇ ਕਿਓਂ ਮਿਲਦਾ ਹੈ ਆਮ ਦਿਨਾਂ ਵਿੱਚ ਵੀ ਲੋਕਾਂ ਦੇ ਨਾਲ ਖੜ੍ਹਾ ਕਿਓਂ ਨਹੀਂ ਰਹਿੰਦਾ ਹੈ ?

ਅਸਲ ਲੋਕਤੰਤਰ ਦੀ ਪਰਖ ਇੱਥੇ ਹੀ ਹੈ। ਉਮੀਦਵਾਰਾਂ ਦਾ ਕੰਮ ਵੋਟਰ ਨੂੰ ਪ੍ਰਭਾਵਿਤ ਕਰਨਾ ਹੋ ਸਕਦਾ ਹੈ, ਪਰ ਵੋਟਰ ਦਾ ਕੰਮ ਪ੍ਰਭਾਵਿਤ ਹੋ ਕੇ ਨਹੀਂ ਸਗੋਂ ਪਰਖ ਕੇ ਫੈਸਲਾ ਕਰਨਾ ਹੈ।

ਚੋਣੀ ਮੌਸਮ ਵਿੱਚ ਮਿੱਠੀ ਬੋਲੀ, ਵੱਡੇ ਵਾਅਦੇ, ਨਿੱਜੀ ਰਿਸ਼ਤੇ, ਸੋਸ਼ਲ ਮੀਡੀਆ ਦੀ ਚਮਕ ਅਤੇ ਵਿਰੋਧੀਆਂ ਵਿਰੁੱਧ ਦਾਅ-ਪੇਚ ਭਾਵੇਂ ਇਹ ਸਭ ਆਪਣੀ ਥਾਂ ਹਨ। ਪਰ ਆਖ਼ਰੀ ਸ਼ੱਕੀ ਸਵਾਲ ਵੋਟਰਾ ਦੇ ਮਨਾ ਵਿੱਚ ਘਰ ਕਰ ਜਾਂਦਾ ਹੈ: ਜੋ ਕਿਹਾ ਜਾ ਰਿਹਾ ਹੈ, ਕੀ ਉਹ ਸੱਚਮੁੱਚ ਕੀਤਾ ਵੀ ਜਾ ਸਕਦਾ ਹੈ ?

ਜੇ ਵੋਟਰ ਇਸ ਇੱਕ ਸਵਾਲ ਨੂੰ ਇਮਾਨਦਾਰੀ ਨਾਲ ਪੁੱਛਣਾ ਸਿੱਖ ਲਵੇ, ਤਾਂ ਇਲੈਕਟ - ਸ਼ਨੀ ਸਿਆਸਤ ਦੇ ਕਈ ਦਾਅ-ਪੇਚ ਆਪਣੇ ਆਪ ਬੇਅਸਰ ਹੋ ਸਕਦੇ ਹਨ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਸਿਆਸਤ ਦੇ ਰੰਗ-ਓ-ਅੰਦਾਜ਼, ਇੱਕ ਸਪੱਸ਼ਟ-ਇਕ ਰਾਜ਼ ਵਾਅਦਿਆਂ ਦੇ ਮੌਸਮ ਤੋਂ ਵੋਟਾਂ ਦੇ ਇਮਤਿਹਾਨ ਤੱਕ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਚੋਣਾਂ ਆਉਂਦੀਆਂ ਹਨ ਤਾਂ ਸਿਆਹ-ਸਤ ਦਾ ਰੰਗ ਹੀ ਬਦਲ ਜਾਂਦਾ ਹੈ। ਜਿਹੜਾ ਨੇਤਾ ਪੰਜ ਸਾਲ ਤੱਕ ਆਪਣੇ ਦਫ਼ਤਰ, ਸੁਰੱਖਿਆ ਘੇਰੇ ਜਾਂ ਰਾਜਨੀਤਕ ਮੀਟਿੰਗਾਂ ਵਿੱਚ ਨਜ਼ਰ ਆਉਂਦਾ ਰਿਹਾ, ਉਹ ਅਚਾਨਕ ਗਲੀ-ਮੁਹੱਲਿਆਂ ਦਾ ਹਿੱਸਾ ਬਣ ਜਾਂਦਾ ਹੈ। ਕਿਸੇ ਦੇ ਘਰ ਚਾਹ, ਕਿਸੇ ਦੀ ਦੁਕਾਨ 'ਤੇ ਗੱਲਬਾਤ, ਕਿਸੇ ਬਜ਼ੁਰਗ ਦੇ ਮੋਢੇ 'ਤੇ ਹੱਥ, ਕਿਸੇ ਨੌਜਵਾਨ ਨਾਲ ਸੈਲਫੀ ਅਤੇ ਕਿਸੇ ਗਰੀਬ ਦੇ ਘਰ ਬੈਠ ਕੇ ਤੁਹਾਡੀ ਸਮੱਸਿਆ ਮੇਰੀ ਸਮੱਸਿਆ ਹੈ ਚੋਣਾਂ ਦਾ ਮੌਸਮ ਆਉਂਦਿਆਂ ਇਹ ਰੰਗਾ ਰੰਗ ਪ੍ਰੋਗਰਾਮ ਦਾ ਦ੍ਰਿਸ਼ ਆਮ ਹੋ ਜਾਂਦੇ ਹਨ।

ਜੇ ਜਨਤਾ ਦੀ ਸਮੱਸਿਆ ਇੰਨੀ ਹੀ ਆਪਣੀ ਹੈ ਤਾਂ ਫਿਰ ਇਹ ਸਮੱਸਿਆ ਪੰਜ ਸਾਲ ਤੱਕ ਕਿਸ ਦੀ ਸੀ ? ਇਹੀ ਸਵਾਲ ਚੋਣਾਂ ਨੂੰ ਸਿਰਫ਼ ਵੋਟ ਪਾਉਣ ਦੀ ਰਸਮ ਤੋਂ ਕੱਢ ਕੇ ਲੋਕਤੰਤਰ ਦੇ ਅਸਲ ਇਮਤਿਹਾਨ ਵਿੱਚ ਬਦਲ ਦਿੰਦਾ ਹੈ।

ਪਿੰਡ ਦੀ ਟੁੱਟੀ ਸੜਕ, ਸ਼ਹਿਰ ਦਾ ਜਾਮ, ਸੀਵਰੇਜ ਦਾ ਪਾਣੀ, ਪੀਣ ਵਾਲੇ ਪਾਣੀ ਦੀ ਕਮੀ, ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਦੀ ਘਾਟ, ਸਕੂਲਾਂ ਦੀਆਂ ਇਮਾਰਤਾਂ, ਬੇਰੁਜ਼ਗਾਰੀ, ਕਿਸਾਨ ਦੀ ਲਾਗਤ, ਵਪਾਰੀ ਦੀ ਚਿੰਤਾ ਅਤੇ ਨੌਜਵਾਨ ਦੀ ਵਿਦੇਸ਼ ਜਾਣ ਦੀ ਮਜਬੂਰੀ ਆਦਿ ਇਹ ਸਾਰੀਆਂ ਸਮੱਸਿਆਵਾਂ ਚੋਣਾਂ ਤੋਂ ਕੁਝ ਸਮਾਂ ਪਹਿਲਾਂ ਅਚਾਨਕ ਬਹੁਤ ਜ਼ਿਆਦਾ ਜ਼ਰੂਰੀ ਬਣ ਜਾਂਦੀਆਂ ਹਨ।

ਜਿਹੜੀ ਗਲੀ ਸਾਲਾਂ ਤੋਂ ਟੁੱਟੀ ਪਈ ਸੀ, ਉੱਥੇ ਚੋਣਾਂ ਨੇੜੇ ਆਉਂਦਿਆਂ ਨਿਰੀਖਣ ਸ਼ੁਰੂ ਹੋ ਜਾਂਦਾ ਹੈ। ਜਿਹੜੇ ਨਾਲੇ ਦੀ ਸਫ਼ਾਈ ਲਈ ਲੋਕ ਵਾਰ-ਵਾਰ ਦਫ਼ਤਰਾਂ ਦੇ ਚੱਕਰ ਲਾਉਂਦੇ ਰਹੇ, ਉਸ ਦੀਆਂ ਤਸਵੀਰਾਂ ਹੁਣ ਰਾਜਨੀਤਕ ਸੋਸ਼ਲ ਮੀਡੀਆ ਪੰਨਿਆਂ 'ਤੇ ਆ ਜਾਂਦੀਆਂ ਹਨ। ਜਨਤਾ ਹੈਰਾਨ ਹੋ ਕੇ ਸੋਚਦੀ ਹੈ— ਕੀ ਚੋਣਾਂ ਹੀ ਉਹ ਤਵਾਰੀਖ਼ ਹੈ ਜਿਸ ਦਿਨ ਸਾਡੀਆਂ ਸਮੱਸਿਆਵਾਂ ਸਰਕਾਰ ਨੂੰ ਦਿਖਾਈ ਦਿੰਦੀਆਂ ਹਨ ?

ਇਹ ਸਵਾਲ ਕਿਸੇ ਇੱਕ ਪਾਰਟੀ ਜਾਂ ਇੱਕ ਉਮੀਦਵਾਰ ਦਾ ਨਹੀਂ। ਇਹ ਸਾਡੇ ਪੂਰੇ ਇਲੈਕਸ਼ਨ ਸੱਭਿਆਚਾਰ ਦਾ ਸਵਾਲ ਹੈ।

ਫਿਰ ਆਉਂਦਾ ਹੈ ਵਾਅਦਿਆਂ ਦਾ ਦੌਰ। ਨੌਕਰੀਆਂ ਦੇ ਵਾਅਦੇ, ਮੁਫ਼ਤ ਜਾਂ ਸਸਤੀ ਸਹੂਲਤਾਂ, ਨਵੇਂ ਪ੍ਰਾਜੈਕਟ, ਬਿਹਤਰ ਸਿਹਤ ਸੇਵਾਵਾਂ, ਸਿੱਖਿਆ ਵਿੱਚ ਸੁਧਾਰ, ਕਿਸਾਨਾਂ ਲਈ ਰਾਹਤ, ਵਪਾਰੀਆਂ ਲਈ ਸਹੂਲਤਾਂ , ਨੌਜਵਾਨਾਂ ਲਈ ਨਵੇਂ ਮੌਕੇ ਸੱਭ ਤੋਂ ਵੱਡਾ ਮੁੱਦਾ ਨਸ਼ਿਆਂ ਦਾ ਖ਼ਾਤਮਾ

ਮੈਨੀਫੈਸਟੋ ਪੜ੍ਹਦਿਆਂ ਕਈ ਵਾਰ ਅਜਿਹਾ ਮਹਿਸੂਸ ਹੁੰਦਾ ਹੈ ਜਿਵੇਂ ਸਰਕਾਰ ਬਣਦੇ ਹੀ ਹਰ ਸਮੱਸਿਆ ਦਾ ਹੱਲ ਦਰਵਾਜ਼ੇ 'ਤੇ ਖੜ੍ਹਾ ਹੋਵੇਗਾ।

ਜਿਵੇਂ ਇਕ ਗਡਰਾਈਏ ਨੇ ਖੁਸ਼ ਹੋ ਕੇ ਭੇਡਾਂ ਨੂੰ ਕਿਹਾ ਕਿ ਇਸ ਵਾਰ ਸਬ ਨੂੰ ਇਕ ਇਕ ਕੰਬਲ ਗਿਫਟ ਕੀਤਾ ਜਾਵੇਗਾ, ਭੇਡਾਂ ਦੇ ਝੁੰਡ ਵਿਚ ਸਿਆਣਿਆਂ ਕੁਜ ਭੇਡਾਂ ਸੋਚ ਰਹੀਆਂ ਸਨ ਕਿ ਉੱਨ ਤਾਂ ਸਾਡੀ ਹੀ ਲਾਹੀ ਜਾਵੇਗੀ ਫਿਰ ਗਿਫਟ ਕਾਹਦਾ

ਜਨਤਾ ਨੂੰ ਇੱਕ ਜ਼ਰੂਰੀ ਸਵਾਲ ਪੁੱਛਣ ਈ ਆਦਤ ਵੀ ਪਾ ਲੈਣੀ ਚਾਹੀਦੀ ਹੈ-

ਵਾਅਦਾ ਤਾਂ ਠੀਕ ਹੈ, ਪਰ ਪੈਸਾ ਕਿੱਥੋਂ ਆਵੇਗਾ ?

ਕਿਸੇ ਯੋਜਨਾ ਦਾ ਐਲਾਨ ਕਰਨਾ ਆਸਾਨ ਹੈ। ਉਸ ਲਈ ਬਜਟ, ਪ੍ਰਸ਼ਾਸਨਿਕ ਢਾਂਚਾ, ਸਮਾਂ-ਸੀਮਾ ਅਤੇ ਲਾਗੂ ਕਰਨ ਦੀ ਸਮਰੱਥਾ ਦੱਸਣਾ ਓਨਾ ਹੀ ਮੁਸ਼ਕਲ ਹੈ। ਲੇਕਿਨ ਉਮੀਦਵਾਰਾ ਨੇ ਕਿਹੜਾ ਕੋਈ ਪ੍ਰੋਜੈਕਟ ਸਾਕਾਰ ਕਰਨਾ ਹਿੰਦਾ ਹੈ

ਇਸੇ ਲਈ ਚੋਣੀ ਵਾਅਦਾ ਸਿਰਫ਼ ਇਹ ਨਹੀਂ ਦੱਸਦਾ ਕਿ ਉਮੀਦਵਾਰ ਕੀ ਦੇਣਾ ਚਾਹੁੰਦਾ ਹੈ ਸਗੋਂ ਵੋਟਰ ਨੂੰ ਇਹ ਵੀ ਦੇਖਣਾ ਚਾਹੀਦਾ ਹੈ ਕਿ ਉਹ ਦੇਵੇਗਾ ਕਿਵੇਂ ?

ਇੱਕ ਪਾਸੇ ਚੋਣੀ ਮੰਚਾਂ 'ਤੇ ਵੱਡੇ ਭਾਸ਼ਣ ਹੁੰਦੇ ਹਨ। ਦੂਜੇ ਪਾਸੇ ਆਮ ਪਰਿਵਾਰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਨਾਲ ਜੂਝ ਰਿਹਾ ਹੁੰਦਾ ਹੈ।

ਘਰ ਦਾ ਬਜਟ ਮਹਿੰਗਾਈ ਨਾਲ ਲੜ ਰਿਹਾ ਹੈ। ਨੌਜਵਾਨ ਰੁਜ਼ਗਾਰ ਲਈ ਭਟਕ ਰਿਹਾ ਹੈ ,ਹਾਰੇ ਹੋਏ ਨੌਜਵਾਨ ਜਾਂ ਮਾੜੀ ਸੰਗਤ ਵਿੱਚ ਵਿਹਲੇ ਫਿਰਦੇ ਨਸ਼ਿਆਂ ਦੇ ਦਲ ਦਲ ਵਿੱਚ ਗ਼ਰਕ ਹੁੰਦੇ ਜਾ ਰਹੇ ਹਨ। ਮਾਪੇ ਬੱਚਿਆਂ ਦੀ ਪੜ੍ਹਾਈ ਲਈ ਖ਼ਰਚਾ ਜੋੜ ਰਹੇ ਹਨ। ਕਿਸਾਨ ਮੌਸਮ, ਲਾਗਤ ਅਤੇ ਮੰਡੀ ਦੀ ਚਿੰਤਾ ਵਿੱਚ ਹੈ। ਛੋਟਾ ਵਪਾਰੀ ਬਿਜਲੀ, ਕਿਰਾਏ, ਟੈਕਸ ਅਤੇ ਕਾਰੋਬਾਰੀ ਖ਼ਰਚਿਆਂ ਦਾ ਹਿਸਾਬ ਕਰ ਰਿਹਾ ਹੈ। ਹਾਲਤ ਹਰ ਰੋਜ਼ ਵਿਗੜਦੇ ਜਾ ਰਹੇ ਹਨ।

ਕਿਸੇ ਪਰਿਵਾਰ ਲਈ ਚੋਣ ਸਿਰਫ਼ ਰਾਜਨੀਤਕ ਵਿਚਾਰਧਾਰਾ ਨਹੀਂ— ਰੋਟੀ, ਰੁਜ਼ਗਾਰ, ਸਿੱਖਿਆ, ਇਲਾਜ ,ਸੁਰੱਖਿਆ ਅਤੇ ਨਸ਼ਿਆਂ ਦੇ ਕੋੜ ਤੋਂ ਨਿਜ਼ਾਤ ਦਾ ਸਵਾਲ ਵੀ ਹੈ।

ਇਸੇ ਲਈ ਵੋਟਰ ਦਾ ਦਰਦ ਇਲੈਕਸ਼ਨ ਭਾਸ਼ਣਾਂ ਨਾਲੋਂ ਕਿਤੇ ਵੱਡਾ ਹੈ।

ਚੋਣਾਂ ਦਾ ਦੂਜਾ ਪੜਾਅ ਹੋਰ ਦਿਲਚਸਪ ਹੁੰਦਾ ਹੈ। ਹੁਣ ਮੁੱਦਿਆਂ ਨਾਲੋਂ ਨੈਰੇਟਿਵ ਤੇਜ਼ੀ ਨਾਲ ਬਣਦੇ ਹਨ। ਸੋਸ਼ਲ ਮੀਡੀਆ 'ਤੇ ਕੁਝ ਸਕਿੰਟਾਂ ਦੀ ਵੀਡੀਓ ਹਜ਼ਾਰਾਂ ਲੋਕਾਂ ਤੱਕ ਪਹੁੰਚ ਜਾਂਦੀ ਹੈ। ਇੱਕ ਤਸਵੀਰ, ਇੱਕ ਬਿਆਨ ਜਾਂ ਇੱਕ ਇਲਜ਼ਾਮ ਕਈ ਵਾਰ ਪੂਰੇ ਦਿਨ ਦੀ ਰਾਜਨੀਤਕ ਚਰਚਾ ਦਾ ਕੇਂਦਰ ਬਣ ਜਾਂਦਾ ਹੈ। ਇੱਥੇ ਉਮੀਦਵਾਰ ਦੇ ਸਾਹਮਣੇ ਇੱਕ ਵੱਡੀ ਚੁਣੌਤੀ ਹੁੰਦੀ ਹੈ ਸਮਾਜਿਕ ਦੀ ਆਧਾਰ ਭੂਤ ਲੋੜਾਂ ਦੇ ਪਿੱਛੇ ਜਾਈਏ ਜਾਂ ਫਿਰਕੇ, ਜਾਤ , ਪੰਥ, ਧਾਰਮਿਕ (ਬਣਾਉਟੀ) ਮੁੱਦਿਆਂ ਪਿੱਛੇ ਬਣੀ ਕਿਸੇ ਕਹਾਣੀ ਪਿੱਛੇ ਜਾਈਏ ? ਕਿਉਂਕਿ ਕਿਸੇ ਵੀ ਉਮੀਦਵਾਰ ਵੱਲੋਂ ਕੰਮ ਦਿਖਾਉਣ ਵਿੱਚ ਸਮਾਂ - ਕਾਬਲੀਅਤ ਲੱਗਦੀ ਹੈ। ਕਹਾਣੀ ਬਣਾਉਣ ਵਿੱਚ ਕੁਝ ਮਿੰਟ। ਇਸੇ ਕਰਕੇ ਰਾਜਨੀਤੀ ਵਿੱਚ ਕਈ ਅਸਲ ਪ੍ਰਦਰਸ਼ਨ ਨਾਲੋਂ ਉਸ ਦੀ ਪੈਕੇਜਿੰਗ / ਦਿਖਾਵਾ ਕਿਤੇ ਵੱਡਾ ਹੁੰਦਾ ਹੈ।

ਵੋਟਰ ਨੂੰ ਹੁਣ ਸਿਰਫ਼ ਇਹ ਨਹੀਂ ਪੁੱਛਣਾ ਚਾਹੀਦਾ ਕਿ—

ਤੁਸੀਂ ਸਾਡੇ ਲਈ ਕੀ ਕਰੋਗੇ ?

ਸਗੋਂ ਇਹ ਵੀ ਪੁੱਛਣਾ ਚਾਹੀਦਾ ਹੈ—

ਤੁਸੀਂ ਪਹਿਲਾਂ ਕੀ ਕੀਤਾ ?

ਜੇ ਉਮੀਦਵਾਰ ਪਹਿਲਾਂ ਅਹੁਦੇ 'ਤੇ ਰਹਿ ਚੁੱਕਾ ਹੈ ਤਾਂ ਉਸ ਦੇ ਕਾਰਜਕਾਲ ਦਾ ਰਿਕਾਰਡ ਕੀ ਹੈ ? ਕਿਹੜੇ ਵਾਅਦੇ ਪੂਰੇ ਹੋਏ ? ਕਿਹੜੇ ਅਧੂਰੇ ਰਹੇ ? ਕਿਉਂ ਰਹੇ ?

ਜੇ ਨਵਾਂ ਉਮੀਦਵਾਰ ਹੈ ਤਾਂ ਉਸ ਦਾ ਜਨਤਕ ਜੀਵਨ, ਸਮਾਜਿਕ ਕੰਮ, ਪ੍ਰਸ਼ਾਸਨਿਕ ਸਮਝ ਅਤੇ ਲੋਕਾਂ ਨਾਲ ਸੰਪਰਕ ਕਿਹੋ ਜਿਹਾ ਹੈ ?

ਸਿਰਫ਼ ਪਾਰਟੀ ਦਾ ਝੰਡਾ ਉਮੀਦਵਾਰ ਦੀ ਯੋਗਤਾ ਦਾ ਸਰਟੀਫਿਕੇਟ ਨਹੀਂ ਹੋ ਸਕਦਾ।

ਵੋਟਰ ਦੀਆਂ ਸਮਾਜਿਕ ਜ਼ਰੂਰਤਾਂ ਨੂੰ ਵੀ ਸਮਝਣਾ ਪਵੇਗਾ

ਇਹ ਕਹਿਣਾ ਆਸਾਨ ਹੁੰਦਾ ਹੈ ਕਿ ਵੋਟਰ ਪੈਸੇ ਜਾਂ ਛੋਟੇ ਲਾਭ ਲਈ ਵੋਟ ਨਾ ਪਾਵੇ। ਪਰ ਜ਼ਮੀਨੀ ਹਕੀਕਤ ਇਹ ਵੀ ਹੈ ਕਿ ਸਮਾਜ ਦੇ ਕਮਜ਼ੋਰ ਵਰਗ ਲਈ ਛੋਟੀ ਸਹਾਇਤਾ ਵੀ ਕਈ ਵਾਰ ਵੱਡੀ ਹੁੰਦੀ ਹੈ।

ਜਿਹੜਾ ਪਰਿਵਾਰ ਮਹੀਨੇ ਦਾ ਬਜਟ ਮੁਸ਼ਕਲ ਨਾਲ ਚਲਾਉਂਦਾ ਹੈ, ਉਸ ਲਈ ਇਲੈਕਸ਼ਨ ਵੇਲੇ ਮਿਲਣ ਵਾਲਾ ਛੋਟਾ ਲਾਭ ਵੀ ਮਹੱਤਵ ਰੱਖਦਾ ਹੈ। ਜਦੋਂ ਪੰਜ ਸਾਲਾਂ ਦੀ ਨੀਤੀ ਨੂੰ ਇੱਕ ਦਿਨ ਦੇ ਲਾਭ ਨਾਲ ਤੋਲਿਆ ਜਾਣ ਲੱਗੇ ਉਦੋਂ ਲੋਕਤੰਤਰ ਨੂੰ ਵੱਡਾ ਖ਼ਤਰਾ ਸ਼ੁਰੂ ਹੁੰਦਾ ਹੈ। ਵੋਟ ਦੀ ਕੀਮਤ ਤੁਰੰਤ ਮਿਲਣ ਵਾਲੀ ਚੀਜ਼ ਨਾਲੋਂ ਕਿਤੇ ਵੱਧ ਹੈ।

ਚੋਣਾਂ ਵਿੱਚ ਮੁੱਦਿਆਂ ਦੀ ਥਾਂ ਜਾਤ, ਧਰਮ, ਨਿੱਜੀ ਹਮਲੇ ਅਤੇ ਬਿਨਾ ਤਸਦੀਕਹੁਦਾ ਦੋਸ਼ ਲੈ ਲੈਣ ਤਾਂ ਚੋਣੀ ਬਹਿਸ ਆਪਣਾ ਮਕਸਦ ਗੁਆ ਬੈਠਦੀ ਹੈ।

ਪਰ ਕਿਸੇ ਵਿਅਕਤੀ ਦੀ ਨਿੱਜੀ ਜ਼ਿੰਦਗੀ 'ਤੇ ਬੇਬੁਨਿਆਦ ਹਮਲਾ, ਝੂਠੀ ਜਾਣਕਾਰੀ ਜਾਂ ਸਮਾਜ ਨੂੰ ਵੰਡਣ ਵਾਲੀ ਭਾਸ਼ਾ ਲੋਕਤੰਤਰ ਨੂੰ ਮਜ਼ਬੂਤ ਨਹੀਂ ਕਰਦੀ—ਉਸ ਨੂੰ ਕਮਜ਼ੋਰ ਅਤੇ ਅਪੰਗ ਕਰਦੀ ਹੈ।

ਚੋਣ ਕਮਿਸ਼ਨ ਦੀ ਮਾਡਲ ਕੋਡ ਆਫ਼ ਕੰਡਕਟ ਵੀ ਪ੍ਰਚਾਰ ਵਿੱਚ ਮਰਿਆਦਾ, ਨੀਤੀਆਂ ਅਤੇ ਪ੍ਰੋਗਰਾਮਾਂ 'ਤੇ ਧਿਆਨ ਅਤੇ ਗੈਰ ਤਸਦੀਕਹੁਦਾ ਦੋਸ਼ਾਂ ਤੋਂ ਬਚਣ ਦੀ ਹਦਾਇਤ ਦਿੰਦੀ ਹੈ।

ਸਭ ਤੋਂ ਵੱਡੀ ਵਿਡੰਬਨਾ

ਚੋਣਾਂ ਤੋਂ ਪਹਿਲਾਂ— ਨੇਤਾ ਵੋਟਰ ਨੂੰ ਲੱਭਦਾ ਹੈ।

ਚੋਣਾਂ ਦੌਰਾਨ— ਵੋਟਰ ਦੀ ਵੋਟ ਸਭ ਤੋਂ ਕੀਮਤੀ ਹੋ ਜਾਂਦੀ ਹੈ।

ਚੋਣਾਂ ਤੋਂ ਬਾਅਦ— ਵੋਟਰ ਨੂੰ ਆਪਣੇ ਨੇਤਾ ਨੂੰ ਲੱਭਣਾ ਪੈਂਦਾ ਹੈ।

ਇਹੀ ਸਾਡੇ ਲੋਕਤੰਤਰ ਦੀ ਸਭ ਤੋਂ ਵੱਡੀ ਘਾਟ ਹੈ।

ਪਰ ਇਸ ਤ੍ਰਾਸਦੀ ਦਾ ਹੱਲ ਸਿਰਫ਼ ਨੇਤਾ ਕੋਲ ਨਹੀਂ।

ਵੋਟਰ ਕੋਲ ਵੀ ਹੈ।

ਹੁਣ ਵੋਟਰ ਨੂੰ ਸਵਾਲ ਪੁੱਛਣੇ ਪੈਣਗੇ ਚੋਣੀ ਮੰਚ 'ਤੇ ਤਾਲੀਆਂ ਵਜਾਉਣ ਤੋਂ ਪਹਿਲਾਂ ਸਵਾਲ ਪੁੱਛੋ।

ਵਾਅਦਾ ਕਿੰਨਾ ਵੱਡਾ ਹੈ—ਇਹ ਨਹੀਂ। ਵਾਅਦਾ ਪੂਰਾ ਕਰਨ ਦੀ ਯੋਜਨਾ ਕਿੰਨੀ ਸਪਸ਼ਟ ਹੈ—ਇਹ ਪੁੱਛੋ।

ਭਾਸ਼ਣ ਕਿੰਨਾ ਲੰਮਾ ਹੈ—ਇਹ ਨਹੀਂ। ਪਿਛਲਾ ਕੰਮ ਕਿੰਨਾ ਲੰਮਾ ਟਿਕਿਆ— ਇਹ ਦੇਖੋ।

ਪੋਸਟਰ ਕਿੰਨਾ ਵੱਡਾ ਹੈ—ਇਹ ਨਹੀਂ। ਉਮੀਦਵਾਰ ਦੀ ਜਵਾਬਦੇਹੀ ਕਿੰਨੀ ਵੱਡੀ ਹੈ—ਇਹ ਦੇਖੋ।

ਸੋਸ਼ਲ ਮੀਡੀਆ 'ਤੇ ਕਿੰਨੇ ਫਾਲੋਅਰ ਹਨ—ਇਹ ਨਹੀਂ। ਜ਼ਮੀਨ 'ਤੇ ਕਿੰਨੇ ਲੋਕ ਉਸ ਦੇ ਕੰਮ ਦੀ ਗਵਾਹੀ ਦਿੰਦੇ ਹਨ—ਇਹ ਪੁੱਛੋ।

ਪੰਜ ਸਾਲ ਦੀ ਵੋਟ, ਪੰਜ ਮਿੰਟ ਦਾ ਫ਼ੈਸਲਾ ਨਹੀਂ

ਵੋਟ ਪਾਉਣ ਦਾ ਸਮਾਂ ਕੁਝ ਮਿੰਟ ਲਈ ਜ਼ਰੂਰ ਹੁੰਦਾ ਹੈ। ਪਰ ਉਸ ਵੋਟ ਦਾ ਪ੍ਰਭਾਵ ਪੰਜ ਸਾਲ ਜਾਂ ਇਸ ਤੋਂ ਵੀ ਵੱਧ ਹੁੰਦਾ ਹੈ।

ਇਸ ਲਈ ਵੋਟ ਕਿਸੇ ਰਿਸ਼ਤੇਦਾਰੀ ਦੀ ਮਜਬੂਰੀ ਨਹੀਂ ਹੋਣੀ ਚਾਹੀਦੀ। ਨਾ ਕਿਸੇ ਦੇ ਦਬਾਅ ਦਾ ਨਤੀਜਾ। ਨਾ ਕਿਸੇ ਚਮਕਦਾਰ ਪੋਸਟਰ ਦਾ ਪ੍ਰਭਾਵ। ਨਾ ਕਿਸੇ ਵਾਇਰਲ ਵੀਡੀਓ ਦਾ ਤੁਰੰਤ ਜੋਸ਼। ਵੋਟ ਸੋਚਿਆ-ਸਮਝਿਆ ਜਨਤਕ ਫ਼ੈਸਲਾ ਹੋਣਾ ਚਾਹੀਦਾ ਹੈ। ਚੋਣਾਂ ਵਿੱਚ ਭਾਵੇਂ ਉਮੀਦਵਾਰ ਆਪਣੇ ਆਪ ਨੂੰ ਪਰਖਵਾਉਣ ਆਉਂਦੇ ਹਨ। ਪਰ ਅਸਲ ਵਿੱਚ ਇਮਤਿਹਾਨ ਵੋਟਰ ਦਾ ਵੀ ਹੁੰਦਾ ਹੈ। ਉਮੀਦਵਾਰ ਪੁੱਛਦਾ ਹੈ—

ਮੈਨੂੰ ਵੋਟ ਦਿਓ ?

ਵੋਟਰ ਨੂੰ ਇਸ ਤੋਂ ਪਹਿਲਾਂ ਪੁੱਛਣਾ ਚਾਹੀਦਾ ਹੈ—

ਮੈਂ ਤੁਹਾਡੇ 'ਤੇ ਭਰੋਸਾ ਕਿਉਂ ਕਰਾਂ ?

ਇਹੀ ਸਵਾਲ ਰਾਜਨੀਤੀ ਨੂੰ ਨਾਅਰਿਆਂ ਤੋਂ ਕੱਢ ਕੇ ਜਵਾਬਦੇਹੀ ਵੱਲ ਲੈ ਜਾ ਸਕਦਾ ਹੈ।

ਕਿਉਂਕਿ ਲੋਕਤੰਤਰ ਵਿੱਚ ਵੋਟ ਸਿਰਫ਼ ਉਂਗਲ 'ਤੇ ਲੱਗੀ ਸਿਆਹੀ ਨਹੀਂ।

ਇਹ ਪੰਜ ਸਾਲਾਂ ਲਈ ਦਿੱਤਾ ਗਿਆ ਅਧਿਕਾਰ ਹੈ।

ਵਾਅਦਿਆਂ ਦੇ ਮੌਸਮ ਵਿੱਚ ਹਰ ਉਮੀਦਵਾਰ ਹਮਦਰਦ ਬਣਦਾ ਹੈ, ਲੋਕਾਂ ਦੀ ਆਵਾਜ਼ ਬਣਦਾ ਹੈ। ਪਰ ਅਸਲ ਸੱਚਾਈ ਚੋਣੀ ਭਾਸ਼ਣ ਵਿੱਚ ਨਹੀਂ—ਚੋਣਾਂ ਤੋਂ ਬਾਅਦ ਦੀ ਕਾਰਗੁਜ਼ਾਰੀ ਵਿੱਚ ਸਾਹਮਣੇ ਆਉਂਦੀ ਹੈ।

ਇਸ ਲਈ ਵੋਟਰ ਨੂੰ ਹੁਣ ਸਿਰਫ਼ ਸੁਣਨਾ ਨਹੀਂ, ਪਰਖਣਾ ਹੈ , ਸਿਰਫ਼ ਪੁੱਛਣਾ ਨਹੀਂ, ਹਿਸਾਬ ਵੀ ਮੰਗਣਾ ਹੈ

ਸਿਰਫ਼ ਵਾਅਦਾ ਨਹੀਂ, ਵਾਅਦੇ ਦਾ ਰੋਡਮੈਪ ਵੀ ਦੇਖਣਾ ਹੈ

ਕਿਉਂਕਿ ਚੋਣਾਂ ਵਿੱਚ ਉਮੀਦਵਾਰ ਬਹੁਤ ਹੁੰਦੇ ਹਨ—

ਪਰ ਫ਼ੈਸਲਾ ਇੱਕ ਹੀ ਹੁੰਦਾ ਹੈ।

ਵੋਟਰ ਦਾ ਫ਼ੈਸਲਾ

## ਗੱਤਕੇ ਦੀ ਗੂੰਜ ਤੋਂ ਰਾਸ਼ਟਰੀ ਮੰਚ ਤੱਕ -ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਖਿਡਾਰੀਆਂ ਨੇ ਚਾਰ ਤਮਗਿਆਂ ਨਾਲ ਰਚੀ ਨਵੀਂ ਮਿਸਾਲ



ਫ਼ਤਹਿਗੜ੍ਹ ਸਾਹਿਬ, 7 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਗੱਤਕਾ ਖਿਡਾਰੀਆਂ ਨੇ ਸ੍ਰੀਨਗਰ, ਜੰਮੂ-ਕਸ਼ਮੀਰ ਵਿਖੇ ਕਰਵਾਈ ਗਈ 10ਵੀਂ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ। ਗੱਤਕਾ ਫੈਡਰੇਸ਼ਨ ਆਫ ਇੰਡੀਆ ਵੱਲੋਂ 29 ਸਤੰਬਰ ਤੋਂ 1 ਅਕਤੂਬਰ 2026 ਤੱਕ ਸ਼ੇਰ-ਏ-ਕਸ਼ਮੀਰ ਇੰਡੋਰ ਸਟੇਡੀਅਮ, ਸ੍ਰੀਨਗਰ ਵਿਖੇ ਕਰਵਾਈ ਗਈ ਇਸ ਚੈਂਪੀਅਨਸ਼ਿਪ ਵਿੱਚ ਦੇਸ਼ ਭਰ ਤੋਂ 500 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ। ਚੈਂਪੀਅਨਸ਼ਿਪ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਚਾਰ ਖਿਡਾਰੀਆਂ ਨੇ ਆਪੋ-ਆਪਣੀਆਂ ਸੂਬਾਈ ਟੀਮਾਂ ਦੀ ਨੁਮਾਇੰਦਗੀ ਕਰਦਿਆਂ ਇੱਕ ਸੋਨੇ, ਦੋ ਚਾਂਦੀ ਅਤੇ ਇੱਕ ਕਾਂਸੀ ਦਾ ਤਮਗਾ ਜਿੱਤਿਆ। ਅਗਮਜੋਤ ਸਿੰਘ, ਬੀਪੀਈਐੱਸ ਪਹਿਲਾ ਸਾਲ ਨੇ ਸੋਨੇ ਦਾ ਤਮਗਾ, ਜੀਵਨਜੋਤ ਸਿੰਘ, ਡਿਪਲੋਮਾ ਇਨ ਗੱਤਕਾ ਅਤੇ ਜੁਗਜੀਤ ਸਿੰਘ, ਬੀਸੀਏ ਪਹਿਲਾ ਸਾਲ ਨੇ ਚਾਂਦੀ ਦੇ ਤਮਗੇ, ਜਦਕਿ ਹਰਲੀਨ ਸਿੰਘ, ਐੱਮਪੀਐੱਡ ਫਾਈਨਲ ਸਾਲ ਨੇ ਕਾਂਸੀ ਦਾ ਤਮਗਾ ਜਿੱਤਿਆ।

ਇਸ ਸ਼ਾਨਦਾਰ ਪ੍ਰਾਪਤੀ 'ਤੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਗੱਤਕਾ ਖਿਡਾਰੀਆਂ ਦਾ ਸਨਮਾਨ ਕਰਦਿਆਂ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੋੜਨ ਅਤੇ ਵਿਸ਼ੇਸ਼ ਤੌਰ 'ਤੇ ਸਿੱਖ ਮਾਰਸ਼ਲ ਆਰਟ ਗੱਤਕਾ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਵਿੱਚ ਖੇਡ ਭਾਵਨਾ, ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਅਤੇ ਡਾ. ਐੱਸ ਪੀ ਸਿੰਘ ਓਬਰਾਏ ਦੇ ਸਹਿਯੋਗ ਨਾਲ ਯੂਨੀਵਰਸਿਟੀ ਵਿੱਚ ਇੱਕ ਸਾਲਾ ਡਿਪਲੋਮਾ ਇਨ ਗੱਤਕਾ ਕੋਰਸ ਵੀ ਚਲਾਇਆ ਜਾ ਰਿਹਾ ਹੈ। ਇਸ ਕੋਰਸ ਰਾਹੀਂ ਨੌਜਵਾਨਾਂ ਨੂੰ ਗੱਤਕਾ ਦੀ ਵਿਧੀਵਤ ਸਿਖਲਾਈ ਦੇਣ ਦੇ ਨਾਲ-ਨਾਲ ਉਨ੍ਹਾਂ ਨੂੰ ਸਿੱਖ ਮਾਰਸ਼ਲ ਆਰਟ ਦੀ ਵਿਰਾਸਤ ਨਾਲ ਜੋੜਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਵਿਭਾਗ ਮੁਖੀ ਡਾ. ਵਰਿੰਦਰ ਸਿੰਘ ਭੁੱਲਰ, ਗੱਤਕਾ ਖਿਡਾਰੀਆਂ ਅਤੇ ਕੋਚ ਤਲਵਿੰਦਰ ਸਿੰਘ ਨੂੰ ਵੀ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਡਾ. ਹਰਦੇਵ ਸਿੰਘ, ਵਿਭਾਗ ਮੁਖੀ ਧਰਮ ਅਧਿਐਨ, ਡਾ. ਰਮਨਦੀਪ ਕੌਰ, ਵਿਭਾਗ ਮੁਖੀ ਰਾਜਨੀਤੀ ਵਿਗਿਆਨ, ਡਾ. ਬਹਾਦਰ ਸਿੰਘ ਅਤੇ ਗੱਤਕਾ ਕੋਚ ਤਲਵਿੰਦਰ ਸਿੰਘ ਹਾਜ਼ਰ ਸਨ।




## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਸਵੈਇੱਛਿਕ ਖੂਨਦਾਨ ਦਿਵਸ ਮੌਕੇ ਰੈੱਡ ਰਿਬਨ ਕਲੱਬ ਵੱਲੋਂ ਰੀਲ-ਮੇਕਿੰਗ ਮੁਕਾਬਲਾ



ਫ਼ਤਹਿਗੜ੍ਹ ਸਾਹਿਬ, 7 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਰੈੱਡ ਰਿਬਨ ਕਲੱਬ, ਸਿੱਖਿਆ ਵਿਭਾਗ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵੱਲੋਂ ਸਵੈਇੱਛਿਕ ਖ਼ੂਨਦਾਨ ਦਿਵਸ ਦੇ ਮੌਕੇ 'ਤੇ ਰੀਲ-ਮੇਕਿੰਗ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਮੁਕਾਬਲੇ ਦਾ ਉਦੇਸ਼ ਸਵੈਇੱਛਿਕ ਖ਼ੂਨਦਾਨ ਦੀ ਮਹੱਤਤਾ ਅਤੇ ਜ਼ਿੰਦਗੀਆਂ ਬਚਾਉਣ ਵਿੱਚ ਇਸ ਦੀ ਅਹਿਮ ਭੂਮਿਕਾ ਬਾਰੇ ਵਿਦਿਆਰਥੀਆਂ ਅਤੇ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨਾ ਸੀ। ਇਹ ਮੁਕਾਬਲਾ ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ, ਦੀ ਅਗਵਾਈ ਹੇਠ ਕਰਵਾਇਆ ਗਿਆ, ਜਦਕਿ ਇਸ ਦਾ ਸੰਚਾਲਨ ਡਾ. ਗਗਨਦੀਪ ਟਿਵਾਣਾ, ਨੋਡਲ ਅਫ਼ਸਰ, ਰੈੱਡ ਰਿਬਨ ਕਲੱਬ ਵੱਲੋਂ ਕੀਤਾ ਗਿਆ। ਡਾ. ਹਰਨੀਤ ਬਿਲਿੰਗ, ਮੁਖੀ, ਸਿੱਖਿਆ ਵਿਭਾਗ, ਨੇ ਇਸ ਪਹਿਲਕਦਮੀ ਲਈ ਆਪਣਾ ਪੂਰਨ ਸਹਿਯੋਗ ਪ੍ਰਗਟ ਕਰਦਿਆਂ ਵਿਦਿਆਰਥੀਆਂ ਦੀ ਉਤਸ਼ਾਹਪੂਰਵਕ ਭਾਗੀਦਾਰੀ ਦੀ ਸ਼ਲਾਘਾ ਕੀਤੀ।

ਮੁਕਾਬਲੇ ਵਿੱਚ ਕੁੱਲ 20 ਟੀਮਾਂ ਨੇ ਭਾਗ ਲਿਆ ਅਤੇ ਸਵੈਇੱਛਿਕ ਖ਼ੂਨਦਾਨ ਨਾਲ ਸਬੰਧਿਤ ਜਾਣਕਾਰੀ ਭਰਪੂਰ ਅਤੇ ਪ੍ਰਭਾਵਸ਼ਾਲੀ ਰੀਲਾਂ ਰਾਹੀਂ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਸਿੱਖਿਆ ਵਿਭਾਗ ਦੇ ਤੀਜੇ ਸਾਲ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਰਸਾਇਣ ਵਿਗਿਆਨ ਵਿਭਾਗ ਦੇ ਵਿਦਿਆਰਥੀਆਂ ਨੇ ਦੂਜਾ ਅਤੇ ਸਿੱਖਿਆ ਵਿਭਾਗ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਡਾ. ਹਰਨੀਤ ਬਿਲਿੰਗ ਨੇ ਸਾਰੇ ਭਾਗੀਦਾਰਾਂ ਅਤੇ ਜੇਤੂਆਂ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਵਿੱਚ ਸਮਾਜਿਕ ਜ਼ਿੰਮੇਵਾਰੀ, ਹਮਦਰਦੀ ਅਤੇ ਭਾਈਚਾਰਕ ਸੇਵਾ ਦੀ ਭਾਵਨਾ ਵਿਕਸਿਤ ਕਰਨ ਵਾਲੀਆਂ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਡਾ. ਸਿਕੰਦਰ ਸਿੰਘ ਨੇ ਵੀ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਜਾਗਰੂਕਤਾ ਅਤੇ ਸਮਾਜ ਭਲਾਈ ਨਾਲ ਸਬੰਧਿਤ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਇਹ ਮੁਕਾਬਲਾ ਰਚਨਾਤਮਕਤਾ ਨੂੰ ਸਮਾਜਿਕ ਜਾਗਰੂਕਤਾ ਨਾਲ ਜੋੜਨ ਵਿੱਚ ਸਫਲ ਰਿਹਾ ਅਤੇ ਵਿਦਿਆਰਥੀ ਭਾਈਚਾਰੇ ਤੱਕ ਸਵੈਇੱਛਿਕ ਖ਼ੂਨਦਾਨ—ਮਨੁੱਖੀ ਜ਼ਿੰਦਗੀਆਂ ਬਚਾਉਣ ਲਈ ਇੱਕ ਮਹੱਤਵਪੂਰਨ ਸਮਾਜਿਕ ਜ਼ਿੰਮੇਵਾਰੀ ਦਾ ਪ੍ਰਭਾਵਸ਼ਾਲੀ ਸੰਦੇਸ਼ ਪਹੁੰਚਾਇਆ।

## ਐਮ.ਆਰ.ਐਸ.ਪੀ.ਟੀ.ਯੂ. ਅੰਤਰ-ਕਾਲਜ ਸ਼ਤਰੰਜ ਚੈਂਪੀਅਨਸ਼ਿਪ ਦਾ ਸ਼ਾਨਦਾਰ ਆਯੋਜਨ

ਬਠਿੰਡਾ, 7 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ (ਐਮ.ਆਰ.ਐਸ.ਪੀ.ਟੀ.ਯੂ.) ਦੇ ਖੇਡ ਵਿਭਾਗ ਵੱਲੋਂ ਸਾਲਾਨਾ ਅੰਤਰ-ਕਾਲਜ ਸ਼ਤਰੰਜ ਚੈਂਪੀਅਨਸ਼ਿਪ ਸਫਲਤਾਪੂਰਵਕ ਕਰਵਾਈ ਗਈ। ਇਸ ਚੈਂਪੀਅਨਸ਼ਿਪ ਵਿੱਚ ਯੂਨੀਵਰਸਿਟੀ ਨਾਲ ਸਬੰਧਤ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।



ਬਾਬਾ ਫਰੀਦ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਦਿਓਣ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਚੈਂਪੀਅਨਸ਼ਿਪ 'ਤੇ ਕਬਜ਼ਾ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਐਮ.ਆਰ.ਐਸ.ਪੀ.ਟੀ.ਯੂ. ਮੇਨ ਕੈਂਪਸ, ਬਠਿੰਡਾ ਨੇ ਦੂਜਾ ਸਥਾਨ, ਜਦਕਿ ਪੰਜਾਬ ਸਟੇਟ ਏਅਰੋਨਾਟਿਕਲ ਇੰਜੀਨੀਅਰਿੰਗ ਕਾਲਜ (ਪੀ.ਐਸ.ਏ.ਈ.ਸੀ.), ਪਟਿਆਲਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੇਤੂ ਟੀਮਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਮਾਨਤਾ ਵਜੋਂ ਮੈਡਲ ਅਤੇ ਸਰਟੀਫਿਕੇਟ ਪ੍ਰਦਾਨ ਕੀਤੇ ਗਏ। ਭਾਗ ਲੈਣ ਵਾਲੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਡਾਇਰੈਕਟਰ ਸਪੋਰਟਸ ਪ੍ਰੋ. ਭੁਪਿੰਦਰਪਾਲ ਸਿੰਘ ਢੋਟ ਨੇ ਸਾਰੀਆਂ ਟੀਮਾਂ ਨੂੰ ਉਨ੍ਹਾਂ ਦੇ ਪ੍ਰਦਰਸ਼ਨ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਅਕਾਦਮਿਕ ਉੱਤਮਤਾ ਦੇ ਨਾਲ-ਨਾਲ ਖੇਡਾਂ ਵਿੱਚ ਵੀ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅੱਜ ਦੇ ਤਕਨਾਲੋਜੀ-ਪ੍ਰਧਾਨ ਯੁੱਗ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਖੇਡਾਂ ਵਿੱਚ ਭਾਗ ਲੈਣਾ ਵੀ ਬੇਹੱਦ ਮਹੱਤਵਪੂਰਨ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਖੇਡ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਅਤੇ ਇੱਕ ਪਾਸੇ ਉੱਤਮ ਖਿਡਾਰੀ ਬਣਨ ਦੇ ਨਾਲ-ਨਾਲ ਜ਼ਿੰਮੇਵਾਰ ਅਤੇ ਸੰਤੁਲਿਤ ਸ਼ਖ਼ਸੀਅਤਾਂ ਵਜੋਂ ਵਿਕਸਤ ਹੋਣ ਲਈ ਪ੍ਰੇਰਿਤ ਕੀਤਾ।




# ਸਲੇਮਸ਼ਾਹ ਸਰਕਾਰੀ ਗਊਸ਼ਾਲਾ 'ਚ 650 ਗਊਆਂ ਦੀ ਸੇਵਾ ਸੰਭਾਲ ਦੀ ਅਮਨ ਅਰੋੜਾ ਵੱਲੋਂ ਸ਼ਲਾਘਾ



**ਫਾਜ਼ਿਲਕਾ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਜ਼ਿਲ੍ਹਾ ਫਾਜ਼ਿਲਕਾ ਦੇ ਪਿੰਡ ਸਲੇਮਸ਼ਾਹ ਵਿਖੇ ਸਰਕਾਰੀ ਗਊਸ਼ਾਲਾ ਦਾ ਦੌਰਾ ਕਰਦਿਆਂ ਇੱਥੇ ਗਊਆਂ ਦੀ ਸੰਭਾਲ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਗਊਸ਼ਾਲਾ ਦੇ ਪ੍ਰਬੰਧਕਾਂ, ਸੇਵਾਦਾਰਾਂ ਅਤੇ ਕੰਮ ਕਰ ਰਹੇ ਕਾਮਿਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਵੱਲੋਂ ਨਿਭਾਈ ਜਾ ਰਹੀ ਸੇਵਾ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਉਨ੍ਹਾਂ ਨਾਲ ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਵੀ ਮੌਜੂਦ ਸਨ।ਇਸ ਮੌਕੇ ਮੰਤਰੀ ਨੂੰ ਦੱਸਿਆ ਗਿਆ ਕਿ ਗਊਸ਼ਾਲਾ ਵਿੱਚ ਲਗਭਗ 650 ਗਊਆਂ ਦੀ ਸੰਭਾਲ ਕੀਤੀ ਜਾ ਰਹੀ ਹੈ। ਇਨ੍ਹਾਂ ਦੀ ਦੇਖਭਾਲ ਲਈ ਗਊਸ਼ਾਲਾ ਦੇ ਕਾਮਿਆਂ ਦੇ ਨਾਲ-ਨਾਲ ਸਥਾਨਕ ਵਸਨੀਕਾਂ ਅਤੇ ਪੰਜਾਬ ਸਰਕਾਰ ਦੇ ਸਬੰਧਤ ਅਧਿਕਾਰੀਆਂ ਵੱਲੋਂ ਵੀ ਸਹਿਯੋਗ ਦਿੱਤਾ ਜਾ ਰਿਹਾ ਹੈ। ਅਮਨ ਅਰੋੜਾ ਨੇ ਕਿਹਾ ਕਿ ਪਸ਼ੂਆਂ ਦੀ ਸੇਵਾ ਅਤੇ ਸਾਂਭ-ਸੰਭਾਲ ਇੱਕ ਨੇਕ ਕਾਰਜ ਹੈ ਅਤੇ ਸਮਾਜ ਦੇ ਹਰ ਵਰਗ ਨੂੰ ਅਜਿਹੇ ਉਪਰਾਲਿਆਂ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਮੰਤਰੀ ਨੇ ਗਊਸ਼ਾਲਾ ਵਿਖੇ ਮੌਜੂਦ ਆਮ ਲੋਕਾਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਧਿਆਨ ਨਾਲ ਸੁਣੀਆਂ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਵੱਲੋਂ ਉਠਾਏ ਗਏ ਜਾਇਜ਼ ਮਸਲਿਆਂ ਦੇ ਹੱਲ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ 300 ਯੂਨਿਟ ਤੱਕ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਰਾਹੀਂ ਸਿਹਤ ਸਹੂਲਤਾਂ, ਸਕੂਲ ਆਫ ਐਮੀਨੈਂਸ ਰਾਹੀਂ ਮਿਆਰੀ ਸਿੱਖਿਆ ਅਤੇ ਮਹਿਲਾਵਾਂ ਲਈ ਸਰਕਾਰੀ ਬੱਸਾਂ ਵਿੱਚ ਮੁਫ਼ਤ ਸਫ਼ਰ ਸਮੇਤ ਕਈ ਲੋਕ-ਪੱਖੀ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸਰਕਾਰੀ ਨੀਤੀਆਂ ਅਤੇ ਲੋਕ ਭਲਾਈ ਸਕੀਮਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਹੈ।

ਇਸ ਦੌਰਾਨ ਵਿਧਾਇਕ ਫਾਜ਼ਿਲਕਾ ਨਰਿੰਦਰਪਾਲ ਸਿੰਘ ਸਵਨਾ ਨੇ ਕਿਹਾ ਕਿ ਸਬੰਧਿਤ ਕਰਮਚਾਰੀਆਂ ਵੱਲੋਂ ਗਊਵੰਸ ਦੀ ਸਾਂਭ ਸੰਭਾਲ ਵਿੱਚ ਕਿਸੇ ਤਰ੍ਹਾਂ ਦੀ ਲਾਪਰਵਾਹੀ ਨਾ ਵਰਤੀ ਜਾਵੇ। ਜੇਕਰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾਵੇ। ਉਨ੍ਹਾਂ ਫਾਜ਼ਿਲਕਾ ਵਾਸੀਆਂ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਬੇਸਹਾਰਾ ਗਊਵੰਸਸ਼ ਦੀ ਸਾਂਭ ਸੰਭਾਲ ਲਈ ਵੱਧ ਤੋਂ ਵੱਧ ਪਹੁੰਚ ਕੇ ਦਾਨ ਕਰਨ ਤਾਂ ਜੋ ਗਊਸ਼ਾਲਾ ਵਿੱਚ ਗਊਵੰਸ ਦੀ ਹੋਰ ਬਿਹਤਰ ਸੰਭਾਲ ਹੋ ਸਕੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਜਗਵਿੰਦਰਜੀਤ ਸਿੰਘ ਗਰੇਵਾਲ, ਬੀ ਡੀ ਪੀ ਓ ਲਾਲ ਸਿੰਘ ਤੋਂ ਇਲਾਵਾ ਸਰਕਾਰੀ ਗਊਸ਼ਾਲਾ ਦੇ ਕਰਮਚਾਰੀ ਹਾਜ਼ਰ ਸਨ।

# ਸੀਬੀਆਈ ਛਾਪੇਮਾਰੀ ਖ਼ਿਲਾਫ਼ 'ਆਪ' ਦਾ ਪ੍ਰਦਰਸ਼ਨ, ਪਟਿਆਲਾ 'ਚ ਨਜ਼ਰ ਆਈ ਸਿਆਸੀ ਦੂਰੀ ?



**ਪਟਿਆਲਾ, 7 ਅਕਤੂਬਰ**
**-ਜੀ. ਐਸ. ਤੂੰਗ-**

ਸੀਬੀਆਈ ਦੀ ਛਾਪੇਮਾਰੀ ਦੇ ਵਿਰੋਧ ਵਿੱਚ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਭਰ ਵਿੱਚ ਰੋਸ ਪ੍ਰਦਰਸ਼ਨ ਕੀਤੇ ਗਏ। ਪਟਿਆਲਾ ਦੇ ਫੁਹਾਰਾ ਚੌਂਕ ਵਿੱਚ ਵੀ 'ਆਪ' ਦੇ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਇਕੱਠੇ ਹੋਏ।

ਪਰ ਇਸ ਪ੍ਰਦਰਸ਼ਨ ਦੀਆਂ ਸਿਆਸੀ ਚਰਚਾਵਾਂ ਸਿਰਫ਼ ਸੀਬੀਆਈ ਦੇ ਵਿਰੋਧ ਤੱਕ ਹੀ ਸੀਮਿਤ ਨਹੀਂ ਰਹੀਆਂ। ਪਟਿਆਲਾ ਵਿੱਚ ਹੋਏ ਇਸ ਪ੍ਰਦਰਸ਼ਨ ਦੌਰਾਨ ਆਮ ਆਦਮੀ ਪਾਰਟੀ ਦੇ ਅੰਦਰਲੀ ਸਿਆਸੀ ਤਸਵੀਰ ਨੂੰ ਲੈ ਕੇ ਵੀ ਸਵਾਲ ਉੱਠਦੇ ਨਜ਼ਰ ਆਏ।

ਪਟਿਆਲਾ ਦੇ ਫੁਹਾਰਾ ਚੌਂਕ ਵਿੱਚ ਹੋਏ ਇਸ ਪ੍ਰਦਰਸ਼ਨ ਵਿੱਚ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ, ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ, ਮੇਅਰ ਕੁੰਦਨ ਗੋਗੀਆ, ਵਿਧਾਇਕ ਗੁਰਲਾਲ ਘਨੌਰ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਤਜਿੰਦਰ ਮਹਿਤਾ ਸਮੇਤ ਕਈ ਆਗੂ ਅਤੇ ਪਾਰਟੀ ਵਰਕਰ ਮੌਜੂਦ ਰਹੇ।

ਪਰ ਇਸ ਦੌਰਾਨ ਪਟਿਆਲਾ ਤੋਂ ਮੌਜੂਦਾ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਦੀ ਗੈਰਹਾਜ਼ਰੀ ਵੀ ਸਿਆਸੀ ਚਰਚਾ ਦਾ ਵਿਸ਼ਾ ਬਣੀ।

ਇੱਕ ਪਾਸੇ ਪਾਰਟੀ ਦੇ ਕਈ ਵੱਡੇ ਆਗੂ ਸੀਬੀਆਈ ਦੀ ਕਾਰਵਾਈ ਖ਼ਿਲਾਫ਼ ਸੜਕਾਂ 'ਤੇ ਨਜ਼ਰ ਆਏ, ਉੱਥੇ ਹੀ ਮੌਜੂਦਾ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਇਸ ਪ੍ਰਦਰਸ਼ਨ ਵਿੱਚ ਨਜ਼ਰ ਨਹੀਂ ਆਏ।

ਇਸ ਗੈਰਹਾਜ਼ਰੀ ਨੇ ਪਟਿਆਲਾ ਦੀ ਸਿਆਸਤ ਵਿੱਚ ਇੱਕ ਵਾਰ ਫਿਰ ਇਹ ਸਵਾਲ ਖੜ੍ਹਾ ਕਰ ਦਿੱਤਾ ਹੈ ਕਿ ਕੀ ਆਮ ਆਦਮੀ ਪਾਰਟੀ ਦੇ ਸਥਾਨਕ ਸੰਗਠਨ ਵਿੱਚ ਸਭ ਕੁਝ ਠੀਕ ਚੱਲ ਰਿਹਾ ਹੈ ਜਾਂ ਪਾਰਟੀ ਦੇ ਅੰਦਰ ਵੱਖ-ਵੱਖ ਸਿਆਸੀ ਧੜਿਆਂ ਵਿਚਕਾਰ ਦੂਰੀਆਂ ਮੌਜੂਦ ਹਨ ? ਹਾਲਾਂਕਿ, ਅਜੀਤ ਪਾਲ ਸਿੰਘ ਕੋਹਲੀ ਦੀ ਇਸ ਪ੍ਰਦਰਸ਼ਨ ਵਿੱਚ ਗੈਰਹਾਜ਼ਰੀ ਦੇ ਕਾਰਨਾਂ ਬਾਰੇ ਉਨ੍ਹਾਂ ਵੱਲੋਂ ਕੋਈ ਅਧਿਕਾਰਤ ਸਪਸ਼ਟੀਕਰਨ ਸਾਹਮਣੇ ਨਹੀਂ ਆਇਆ।

ਉਧਰ ਪ੍ਰਦਰਸ਼ਨ ਦੌਰਾਨ 'ਆਪ' ਆਗੂਆਂ ਨੇ ਕੇਂਦਰ ਸਰਕਾਰ ਅਤੇ ਭਾਜਪਾ 'ਤੇ ਤਿੱਖੇ ਹਮਲੇ ਕੀਤੇ। ਪਰ ਪਟਿਆਲਾ ਦੇ ਇਸ ਪ੍ਰਦਰਸ਼ਨ ਤੋਂ ਬਾਅਦ ਹੁਣ ਸਿਆਸੀ ਚਰਚਾ ਦਾ ਇੱਕ ਹੋਰ ਸਵਾਲ ਵੀ ਸਾਹਮਣੇ ਹੈ—ਕੀ ਪਟਿਆਲਾ 'ਚ 'ਆਪ' ਇਕਜੁੱਟ ਨਜ਼ਰ ਆ ਰਹੀ ਹੈ ਜਾਂ ਪਾਰਟੀ ਦੇ ਅੰਦਰਲੇ ਸਿਆਸੀ ਸਮੀਕਰਨ ਕੁਝ ਹੋਰ ਕਹਾਣੀ ਬਿਆਨ ਕਰ ਰਹੇ ਹਨ ?

ਇਸਦਾ ਜਵਾਬ ਆਉਣ ਵਾਲੇ ਦਿਨਾਂ ਵਿੱਚ ਪਟਿਆਲਾ ਦੀ ਸਿਆਸਤ ਦੀ ਤਸਵੀਰ ਹੋਰ ਸਾਫ਼ ਕਰ ਸਕਦਾ ਹੈ।

# ਜ਼ਿਲ੍ਹਾ ਤੇ ਸੈਸ਼ਨ ਜੱਜ ਅਵਤਾਰ ਸਿੰਘ ਵੱਲੋਂ ਨਾਭਾ ਜੇਲ੍ਹਾਂ ਦਾ ਦੌਰਾ, ਕੈਦੀਆਂ ਦੀਆਂ ਸਮੱਸਿਆਵਾਂ ਸੁਣੀਆ

**ਪਟਿਆਲਾ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਅਤੇ ਸੈਸ਼ਨ ਜੱਜ, ਪਟਿਆਲਾ ਸ਼੍ਰੀ ਅਵਤਾਰ ਸਿੰਘ ਜੀਆਂ ਨੇ ਮੈਡਮ ਅਮਨਦੀਪ ਕੰਬੋਜ, ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨਾਲ ਨਵੀਂ ਜਿਲ੍ਹਾ ਜੇਲ਼ ਨਾਭਾ ਅਤੇ ਓਪਨ ਏਅਰ ਜੇਲ, ਨਾਭਾ ਦਾ ਦੌਰਾ ਕੀਤਾ। ਇਸ ਦੌਰੇ ਦੌਰਾਨ ਜ਼ਿਲ੍ਹਾ ਅਤੇ ਸੈਸ਼ਨ ਜੱਜ, ਪਟਿਆਲਾ, ਸ਼੍ਰੀ ਅਵਤਾਰ ਸਿੰਘ ਨੇ ਨਿੱਜੀ ਤੌਰ ਤੇ ਹਰੇਕ ਬੈਰਕ ਦਾ ਦੌਰਾ ਕੀਤਾ।



ਕੈਦੀਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਹੱਲ ਕਰਨ ਦੀ ਕੋਸ਼ਿਸ਼ ਵਜੋਂ, ਮਾਣਯੋਗ ਜੱਜ ਸਾਹਿਬਾਨ ਨੇ ਉਨ੍ਹਾਂ ਨਾਲ ਖਾਸ ਕਰਕੇ ਉਹਨਾਂ ਦੀ ਪੇਸ਼ਾਵਰ ਟ੍ਰੇਨਿੰਗ ਅਤੇ ਪੁਨਰਵਾਸ ਬਾਰੇ ਸਾਰਥਕ ਗੱਲਬਾਤ ਕੀਤੀ।

ਕੈਦੀਆਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਕੈਦੀਆਂ ਲਈ ਢੁਕਵੀਆਂ ਸਿਹਤ ਅਤੇ ਡਾਕਟਰੀ ਸਹੂਲਤਾਂ ਨੂੰ ਯਕੀਨੀ ਬਣਾਉਣ ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਇਸ ਸੰਬੰਧੀ ਜੇਲ੍ਹ ਅਧਿਕਾਰੀਆਂ ਅਤੇ ਸਟਾਫ ਨੂੰ ਜ਼ਰੂਰੀ ਹਦਾਇਤਾਂ ਵੀ ਦਿੱਤੀਆਂ ਗਈਆਂ।

ਇਸ ਮੌਕੇ ਚੀਫ ਜੁਡੀਸ਼ੀਅਲ ਮੈਜਿਸਟਰੇਟ ਕਮ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਮੈਡਮ ਅਮਨਦੀਪ ਕੰਬੋਜ ਨੇ ਲੋੜਵੰਦਾਂ ਲਈ ਮੁਫ਼ਤ ਕਾਨੂੰਨੀ ਸਹਾਇਤਾ ਦੀ ਉਪਲਬਧਤਾ ਤੇ ਵੀ ਚਾਨਣਾ ਪਾਇਆ।

ਉਨ੍ਹਾਂ ਅੱਗੇ ਦੱਸਿਆ ਕਿ ਸਹਾਇਤਾ ਮੰਗਣ ਵਾਲੇ ਵਿਅਕਤੀ ਪਟਿਆਲਾ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਸੰਪਰਕ ਕਰਨ ਲਈ ਨਿੱਜੀ ਤੌਰ ਤੇ ਜਾਂ 0175-2306500 ਤੇ ਫੋਨ ਰਾਹੀਂ ਸੰਪਰਕ ਕਰ ਸਕਦੇ ਹਨ।

ਇਸ ਤੋਂ ਇਲਾਵਾ, ਉਨ੍ਹਾਂ ਨੇ ਸਹਾਇਤਾ ਲਈ ਨਾਲਸਾ ਹੈਲਪਲਾਈਨ ਨੰਬਰ 15100 ਤੇ ਸੰਪਰਕ ਕਰਨ ਬਾਰੇ ਜਾਣਕਾਰੀ ਦਿੱਤੀ।

# ਮਨੁੱਖੀ ਹੱਕਾਂ ਦੀ ਆਵਾਜ਼ ; ਸਨਮਦੀਪ ਸਨੀ ਦੇ ਪਰਿਵਾਰ ਨਾਲ ਮੁਲਾਕਾਤ, NHRC ਵੱਲੋਂ ਪੰਜਾਬ ਦੇ DGP ਅਤੇ ਮੁੱਖ ਸਕੱਤਰ ਨੂੰ ਨੋਟਿਸ

**ਸੁਨਾਮ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਵਿਧਾਨ ਸਭਾ ਹਲਕਾ ਸੁਨਾਮ ਵਿਖੇ ਮ੍ਰਿਤਕ ਸਨਮਦੀਪ ਸਨੀ ਦੇ ਪਰਿਵਾਰ ਲਈ ਇਨਸਾਫ਼ ਦੀ ਲੜਾਈ ਨੂੰ ਅੱਜ ਇੱਕ ਅਹਿਮ ਮੋੜ ਮਿਲਿਆ, ਜਦੋਂ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ (NHRC) ਦੇ ਮੈਂਬਰ ਪ੍ਰਿਯੰਕ ਕਾਨੂਨਗੋ ਖੁਦ ਪਿੰਡ ਕਨੋਈ ਵਿਖੇ ਸਨਮਦੀਪ ਸਨੀ ਦੇ ਘਰ ਪਹੁੰਚੇ ਅਤੇ ਪਰਿਵਾਰ ਨਾਲ ਮੁਲਾਕਾਤ ਕੀਤੀ। ਪ੍ਰਿਯੰਕ ਕਾਨੂਨਗੋ ਨੇ ਇਸ ਮੌਕੇ ਸਨਮਦੀਪ ਸਨੀ ਦੀ ਮਾਤਾ, ਪਿਤਾ ਅਤੇ ਦਾਦਾ-ਦਾਦੀ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ। ਉਨ੍ਹਾਂ ਨੇ ਪਰਿਵਾਰ ਦੀ ਪੂਰੀ ਗੱਲ ਧਿਆਨ ਨਾਲ ਸੁਣੀ ਅਤੇ ਘਟਨਾ ਨਾਲ ਜੁੜੇ ਤੱਥਾਂ, ਪਰਿਵਾਰ ਦੀਆਂ ਚਿੰਤਾਵਾਂ ਅਤੇ ਉਨ੍ਹਾਂ ਵੱਲੋਂ ਮੰਗੇ ਜਾ ਰਹੇ ਇਨਸਾਫ਼ ਬਾਰੇ ਜਾਣਕਾਰੀ ਹਾਸਲ ਕੀਤੀ। ਪਰਿਵਾਰ ਵੱਲੋਂ ਮੰਗ ਕੀਤੀ ਗਈ ਕਿ ਸਨਮਦੀਪ ਸਨੀ ਦੀ ਮੌਤ ਨਾਲ ਜੁੜੇ ਮਾਮਲੇ ਦੀ ਨਿਰਪੱਖ, ਪਾਰਦਰਸ਼ੀ ਅਤੇ ਸਮਾਂਬੱਧ ਜਾਂਚ ਕੀਤੀ ਜਾਵੇ ਅਤੇ ਜੇਕਰ ਕਿਸੇ ਪੱਧਰ 'ਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਈ ਹੈ ਤਾਂ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਅੱਜ ਹੀ ਪੰਜਾਬ ਦੇ ਪੁਲਿਸ ਡਾਇਰੈਕਟਰ ਜਨਰਲ (DGP) ਅਤੇ ਪੰਜਾਬ ਦੇ ਮੁੱਖ ਸਕੱਤਰ ਨੂੰ ਨੋਟਿਸ ਜਾਰੀ ਕੀਤਾ ਗਿਆ ਹੈ। ਇਸ ਮਾਮਲੇ ਦਾ ਇੱਕ ਹੋਰ ਗੰਭੀਰ ਪੱਖ ਇਹ ਹੈ ਕਿ ਪਰਿਵਾਰ ਦੇ ਦੱਸਣ ਅਨੁਸਾਰ ਸਨਮਦੀਪ ਸਨੀ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਲਾਵਾਰਿਸ ਵਜੋਂ ਕਰ ਦਿੱਤਾ ਗਿਆ, ਜਦਕਿ ਉਸਦਾ ਪਰਿਵਾਰ ਕੁਝ ਹੀ ਕਿਲੋਮੀਟਰ ਦੀ ਦੂਰੀ 'ਤੇ ਹਿਰਾਸਤ/ਬੰਦ ਹਾਲਤ ਵਿੱਚ ਸੀ। ਪਰਿਵਾਰ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਆਪਣੇ ਪੁੱਤਰ/ਪੋਤੇ ਦੇ ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਦਾ ਮੌਕਾ ਵੀ ਨਹੀਂ ਮਿਲਿਆ।

# ਝੋਨਾ ਵੇਚਣ ਲਈ ਮੰਡੀਆਂ 'ਚ ਆਏ ਕਿਸਾਨ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ ਤੋਂ ਖੁਸ਼: ਕਟਾਰੂਚੱਕ



**ਪਟਿਆਲਾ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਸੁਰੱਖਿਆ ਮਾਮਲਿਆਂ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਹੈ ਕਿ ਪੰਜਾਬ ਦੀਆਂ ਮੰਡੀਆਂ 'ਚ ਝੋਨੇ ਦੀ ਫਸਲ ਵੇਚਣ ਲਈ ਪੁੱਜੇ ਕਿਸਾਨ ਖੁਸ਼ ਹੋ ਕੇ ਵਾਪਸ ਜਾ ਰਹੇ ਹਨ। ਅੱਜ ਪਟਿਆਲਾ ਦੀ ਸਰਹਿੰਦ ਰੋਡ 'ਤੇ ਸਥਿਤ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਦਾ ਜਾਇਜ਼ਾ ਲੈਂਦਿਆਂ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਮੰਡੀਆਂ 'ਚ ਝੋਨੇ ਦੀ ਖਰੀਦ ਲਈ ਪੁਖ਼ਤਾ ਇੰਤਜਾਮ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਸਾਢੇ ਚਾਰ ਸਾਲਾਂ 'ਚ 9 ਸੀਜ਼ਨ ਬਹੁਤ ਵਧੀਆ ਲੰਘੇ ਹਨ ਅਤੇ ਇਹ 10ਵਾਂ ਖਰੀਦ ਸੀਜ਼ਨ ਵੀ ਸੁਚਾਰੂ, ਨਿਰਵਿਘਨ ਤੇ ਸਫ਼ਲਤਾਪੂਰਵਕ ਨੇਪਰੇ ਚਾੜ੍ਹਿਆ ਜਾਵੇਗਾ।

ਇਸ ਮੌਕੇ ਮੀਡੀਆ ਨਾਲ ਗ਼ੈਰ ਰਸਮੀ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਦੱਸਿਆ ਕਿ ਕੇਂਦਰੀ 42786.68 ਕਰੋੜ ਰੁਪਏ ਦੀ ਨਗ਼ਦ ਕਰਜਾ ਹੱਦ (ਸੀਸੀਐਲ), ਬਾਰਦਾਨੇ ਦੇ ਲੋੜੀਂਦੇ ਪ੍ਰਬੰਧ ਹਨ ਤੇ ਉਹ ਖ਼ੁਦ ਮੰਡੀਆਂ 'ਚ ਜਾ ਰਹੇ ਹਨ ਅਤੇ ਨਾਲ ਹੀ ਅਧਿਕਾਰੀ ਵੀ ਪ੍ਰਬੰਧਾਂ ਦਾ ਜਾਇਜ਼ਾ ਲਗਾਤਾਰ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ 6.23 ਲੱਖ ਮੀਟ੍ਰਿਕ ਟਨ ਝੋਨਾ ਮੰਡੀਆਂ 'ਚ ਪੁੱਜਾ ਹੈ ਤੇ ਇਸ 'ਚੋਂ 5.70 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਖਰੀਦੀ ਫ਼ਸਲ ਦੀ ਕੀਮਤ ਐਮ.ਐਸ.ਪੀ ਮੁਤਾਬਕ 781 ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ 'ਚ ਪਾਈ ਜਾ ਚੁੱਕੀ ਹੈ।

ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੂਬਾ ਕੇਂਦਰੀ ਪੂਲ ਲਈ ਝੋਨੇ ਦੀ ਖਰੀਦ ਲਈ 180 ਲੱਖ ਮੀਟ੍ਰਿਕ ਟਨ ਦੇ ਮਿਲੇ ਟੀਚੇ ਨੂੰ ਪੂਰਾ ਕਰਨ ਵੱਲ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਰੀਆਂ ਨੋਟੀਫਾਈ 1887 ਮੰਡੀਆਂ 'ਚ ਕਿਸਾਨਾਂ ਦੀ ਖਰੀਦੀ ਜਿਣਸ ਦਾ ਤੁਰੰਤ ਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਸਰਕਾਰ ਦੇ ਪ੍ਰਬੰਧਾਂ ਸਦਕਾ ਕਿਸਾਨਾਂ ਦੀ ਦੁਸ਼ਹਿਰਾ ਤੇ ਦਿਵਾਲੀ ਦੇ ਤਿਉਹਾਰ ਮੰਡੀਆਂ 'ਚ ਮਨਾਉਣ ਦੀ ਪੁਰਾਣੀ ਮਿੱਥ ਵੀ ਤੋੜੀ ਗਈ ਹੈ।

# ਮੁੱਖ ਮੰਤਰੀ ਭਗਵੰਤ ਮਾਨ ਨਾਲ ਸੁਰਜੀਤ ਸਿੰਘ ਰੱਖੜਾ ਦੀ ਅਹਿਮ ਬੈਠਕ, ਵਿਕਾਸ ਮੁੱਦਿਆਂ 'ਤੇ ਹੋਈ ਚਰਚਾ

**ਸਮਾਣਾ 7 ਅਕਤੂਬਰ**
**-ਜਗਦੇਵ ਸਿੰਘ ਜੱਗੀ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਸਮਾਣਾ ਤੋਂ ਇੰਚਾਰਜ ਸੁਰਜੀਤ ਸਿੰਘ ਰੱਖੜਾ ਨੇ ਅੱਜ ਚੰਡੀਗੜ੍ਹ ਵਿਖੇ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨਾਲ ਰਸਮੀ ਮੁਲਾਕਾਤ ਕੀਤੀ। ਇਸ ਅਹਿਮ ਬੈਠਕ ਦੌਰਾਨ ਦੋਵਾਂ ਆਗੂਆਂ ਵਿਚਕਾਰ ਸੂਬੇ ਅਤੇ ਖ਼ਾਸਕਰ ਹਲਕਾ ਸਮਾਣਾ ਦੇ ਸਰਬਪੱਖੀ ਵਿਕਾਸ ਅਤੇ ਲੋਕ ਹਿੱਤ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਸਾਰਥਿਕ ਚਰਚਾ ਹੋਈ।

ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਸ. ਰੱਖੜਾ ਨੂੰ ਵਿਧਾਨ ਸਭਾ ਹਲਕਾ ਸਮਾਣਾ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਤੋਂ ਬਾਅਦ ਇਹ ਉਨ੍ਹਾਂ ਦੀ ਮੁੱਖ ਮੰਤਰੀ ਨਾਲ ਪਹਿਲੀ ਮੁਲਾਕਾਤ ਸੀ। ਇਸ ਮੌਕੇ ਉਨ੍ਹਾਂ ਨੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਲਗਨ ਅਤੇ ਇਮਾਨਦਾਰੀ ਨਾਲ ਨਿਭਾਉਣ ਦਾ ਭਰੋਸਾ ਦਿਵਾਇਆ।

ਮੁਲਾਕਾਤ ਦੌਰਾਨ ਸ. ਰੱਖੜਾ ਨੇ ਸਮਾਣਾ ਹਲਕੇ ਦੇ ਲੋਕਾਂ ਨੂੰ ਦਰਪੇਸ਼ ਮੁੱਢਲੀਆਂ ਸਮੱਸਿਆਵਾਂ, ਵਿਕਾਸ ਕਾਰਜਾਂ ਦੀ ਮੌਜੂਦਾ ਸਥਿਤੀ ਅਤੇ ਆਮ ਜਨਤਾ ਦੀਆਂ ਲੋੜਾਂ ਬਾਰੇ ਮੁੱਖ ਮੰਤਰੀ ਨੂੰ ਜਾਣੂ ਕਰਵਾਇਆ।

ਇਸ ਮੌਕੇ ਉਨ੍ਹਾਂ ਨਾਲ ਪ੍ਰੀਤ ਗਰੁੱਪ ਆਫ਼ ਕੰਪਨੀਜ਼ ਦੇ ਡਾਇਰੈਕਟਰ ਹਰੀ ਸਿੰਘ, ਗੁਰਪ੍ਰੀਤ ਸਿੰਘ ਨਾਭਾ, ਸਾਬਕਾ ਚੇਅਰਮੈਨ ਜਸਪਾਲ ਸਿੰਘ ਕਲਿਆਣ, ਜਗਜੀਤ ਸਿੰਘ ਸੋਨੀ ਅਤੇ ਸੋਹਨ ਲਾਲ ਸ਼ਰਮਾ ਮੌਜੂਦ ਸਨ।

# ਮਾਨ ਸਰਕਾਰ ਵੱਲੋਂ ਮੱਛੀ ਪਾਲਣ ਸੈਕਟਰ ਨੂੰ ਹੁਲਾਰਾ: ਗੁਰਮੀਤ ਸਿੰਘ ਖੁੱਡੀਆਂ ਨੇ ਨਵੇਂ ਭਰਤੀ ਮੁਲਾਜ਼ਮਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਚੰਡੀਗੜ੍ਹ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਖੇਤੀਬਾੜੀ ਅਤੇ ਸਹਾਇਕ ਧੰਦਿਆਂ ਨੂੰ ਹੋਰ ਮਜ਼ਬੂਤ ਕਰਨ ਦੀ ਲੜੀ ਤਹਿਤ ਸੂਬੇ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਮੱਛੀ ਪਾਲਣ ਵਿਭਾਗ ਵਿੱਚ ਨਵੇਂ ਭਰਤੀ ਹੋਏ ਦੋ ਉਮੀਦਵਾਰਾਂ, ਜਿਨ੍ਹਾਂ ਵਿੱਚ ਇੱਕ ਮਲਟੀਪਰਪਜ਼ ਫਿਸ਼ਰੀਜ਼ ਸਕਿਲਡ ਵਰਕਰ ਅਤੇ ਇੱਕ ਫਿਸ਼ਰਮੈਨ (ਮੱਛੀ ਪਾਲਕ) ਸ਼ਾਮਲ ਹੈ, ਨੂੰ ਨਿਯੁਕਤੀ ਪੱਤਰ ਸੌਂਪੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਨਿਯੁਕਤੀਆਂ ਉਸ ਨਿਰੰਤਰ ਭਰਤੀ ਮੁਹਿੰਮ ਦਾ ਹਿੱਸਾ ਹਨ, ਜਿਸ ਤਹਿਤ ਮੱਛੀ ਪਾਲਣ ਵਿਭਾਗ ਵਿੱਚ ਸਾਲ 2022 ਤੋਂ ਲੈ ਕੇ ਹੁਣ ਤੱਕ 55 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਭਰਤੀ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਵਿਭਾਗ ਦੀ ਪ੍ਰਸ਼ਾਸਕੀ, ਤਕਨੀਕੀ ਅਤੇ ਕਾਰਜਕਾਰੀ ਸਮਰੱਥਾ ਵਿੱਚ ਵੱਡਾ ਵਾਧਾ ਹੋਇਆ ਹੈ। ਇਹ ਕਦਮ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਮੱਛੀ ਪਾਲਣ ਖੇਤਰ ਨੂੰ ਪ੍ਰਫੁੱਲਤ ਕਰਨ ਅਤੇ ਪੰਜਾਬ ਭਰ ਦੇ ਮੱਛੀ ਪਾਲਕਾਂ ਨੂੰ ਪੂਰਨ ਸਹਿਯੋਗ ਦੇਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, ÷ਸਾਲ 2022 ਤੋਂ ਲਗਾਤਾਰ ਜਾਰੀ ਭਰਤੀ ਮੁਹਿੰਮ ਤਹਿਤ ਅੱਜ ਇਹ ਨਿਯੁਕਤੀ ਪੱਤਰ ਸੌਂਪੇ ਗਏ ਹਨ, ਜੋ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੱਛੀ ਪਾਲਣ ਵਿਭਾਗ ਦੇ ਆਧੁਨਿਕੀਕਰਨ ਅਤੇ ਮਜ਼ਬੂਤੀਕਰਨ ਪ੍ਰਤੀ ਠੋਸ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਨਾਲ ਹੀ ਕਿਹਾ ਕਿ ਮੱਛੀ ਪਾਲਣ ਅਫ਼ਸਰਾਂ ਤੋਂ ਲੈ ਕੇ ਤਕਨੀਕੀ ਅਮਲੇ ਅਤੇ ਹੁਨਰਮੰਦ ਕਾਮਿਆਂ ਤੱਕ ਦੇ ਵੱਖ-ਵੱਖ ਕਾਡਰਾਂ ਵਿੱਚ ਯੋਗ ਨੌਜਵਾਨਾਂ ਨੂੰ ਸ਼ਾਮਲ ਕਰਕੇ ਅਸੀਂ ਨਾ ਸਿਰਫ਼ ਵਿਭਾਗੀ ਕੰਮਕਾਜ ਨੂੰ ਸੁਚਾਰੂ ਬਣਾ ਰਹੇ ਹਾਂ, ਸਗੋਂ ਆਪਣੇ ਮੱਛੀ ਪਾਲਕਾਂ ਲਈ ਬਿਹਤਰ ਸੇਵਾਵਾਂ ਅਤੇ ਤਕਨੀਕੀ ਸਹਾਇਤਾ ਪ੍ਰਦਾਨ ਕਰਨਾ ਵੀ ਯਕੀਨੀ ਬਣਾ ਰਹੇ ਹਾਂ। ਖੁੱਡੀਆਂ ਨੇ ਦੱਸਿਆ ਕਿ ਵੱਖ-ਵੱਖ ਕਾਡਰਾਂ ਵਿੱਚ ਹੁਨਰਮੰਦ ਪੇਸ਼ੇਵਰਾਂ ਦੀ ਭਰਤੀ ਕਰਕੇ ਵਿਭਾਗ ਨੇ ਆਪਣੇ ਜ਼ਮੀਨੀ ਅਤੇ ਪ੍ਰਸ਼ਾਸਕੀ ਕੰਮਕਾਜ ਨੂੰ ਕਾਫ਼ੀ ਮਜ਼ਬੂਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨਵੀਆਂ ਨਿਯੁਕਤੀਆਂ ਦੇ ਨਾਲ ਪੰਜਾਬ ਮੱਛੀ ਪਾਲਣ ਵਿਭਾਗ ਟਿਕਾਊ ਐਕੁਆਕਲਚਰ (ਜਲ-ਖੇਤੀ) ਅਭਿਆਸਾਂ ਨੂੰ ਉਤਸ਼ਾਹਿਤ ਕਰਨ, ਮੱਛੀ ਉਤਪਾਦਨ ਵਧਾਉਣ ਅਤੇ ਸੂਬੇ ਦੇ ਖੇਤੀ ਅਰਥਚਾਰੇ ਵਿੱਚ ਅਹਿਮ ਯੋਗਦਾਨ ਪਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਰਾਹੁਲ ਭੰਡਾਰੀ ਨੇ ਕਿਹਾ ਕਿ ਮੱਛੀ ਪਾਲਣ ਵਿਭਾਗ ਪੰਜਾਬ ਵਿੱਚ ਐਕੁਆਕਲਚਰ ਅਤੇ ਮੱਛੀ ਪਾਲਣ ਦੇ ਟਿਕਾਊ ਵਿਕਾਸ ਤੇ ਪ੍ਰਸਾਰ ਦੇ ਮਿਸ਼ਨ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ।

# ਸ਼੍ਰੋਮਣੀ ਕਮੇਟੀ ਵੱਲੋਂ ਦੋ ਹੋਰ ਕਰਮਚਾਰੀ ਮੁਅੱਤਲ, ਇੱਕ ਦਾ ਤਬਾਦਲਾ

**ਅੰਮ੍ਰਿਤਸਰ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਹਿਰੀਨ ਵਾਲੀ ਬੀਬੀ ਦੇ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਨੇ ਤਿੰਨ ਹੋਰ ਕਰਮਚਾਰੀਆਂ ਦੇ ਖ਼ਿਲਾਫ਼ ਕਾਰਵਾਈ ਕੀਤੀ ਹੈ। ਜਿਨ੍ਹਾਂ ਵਿੱਚੋਂ ਦੋ ਨੂੰ ਮੁਅੱਤਲ ਕੀਤਾ ਅਤੇ ਇੱਕ ਦਾ ਤਬਾਦਲਾ ਕੀਤਾ ਹੈ। ਇਸ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਗਈਆਂ ਸਨ ਅਤੇ ਇੱਕ ਡਰਾਈਵਰ ਨੂੰ ਮੁਅੱਤਲ ਕੀਤਾ ਗਿਆ ਸੀ।

ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਜਾਣਕਾਰੀ ਦਿੱਤੀ ਹੈ ਕਿ ਸ੍ਰੀ ਆਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗਠਤ ਕੀਤੀ ਪੜਤਾਲੀਆ ਕਮੇਟੀ ਦੀ ਸਿਫ਼ਾਰਸ਼ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜ਼ਿੰਮੇਵਾਰੀ 'ਚ ਕੁਤਾਹੀ ਕਰਨ ਦੇ ਦੋਸ਼ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਬਕਾ ਮੈਨੇਜਰ ਮਲਕੀਤ ਸਿੰਘ ਅਤੇ ਰਜਿਸਟਰਾਂ ਵਿਚ ਛੇੜਛਾੜ ਕਰਕੇ ਗ਼ਲਤ ਇੰਦਰਾਜ ਦਰਜ ਕਰਨ ਵਾਲੇ ਸਰਾਂ ਦੇ ਇੰਚਾਰਜ ਅਮਰੀਕ ਸਿੰਘ ਨੂੰ ਡਿਊਟੀ ਤੋਂ ਮੁਅੱਤਲ ਕਰ ਦਿੱਤਾ ਹੈ। ਇਸ ਦੇ ਨਾਲ ਹੀ ਸਰਾਂ ਵਿਚ ਹੈਲਪਰ ਵਜੋਂ ਡਿਊਟੀ ਨਿਭਾ ਰਹੇ ਪ੍ਰਭਜੋਤ ਸਿੰਘ ਦੀ ਵੀ ਤਬਦੀਲੀ ਕੀਤੀ ਗਈ ਹੈ। ਇਸ ਮਾਮਲੇ ਵਿਚ ਅੱਗੋਂ ਵਿਭਾਗੀ ਪੜਤਾਲ ਜਾਰੀ ਰੱਖਣ ਦਾ ਵੀ ਆਦੇਸ਼ ਕੀਤਾ ਗਿਆ ਹੈ।

# ਪਾਇਲ' ਗ਼ਜ਼ਲ ਸੰਗ੍ਰਹਿ ਦੀਆਂ 200 ਕਾਪੀਆਂ ਪੰਜਾਬ ਤੋਂ ਮੰਗਵਾ ਕੇ ਪਾਠਕਾਂ ਤੱਕ ਪਹੁੰਚਾਈਆਂ



**ਲੁਧਿਆਣਾ, 7 ਅਕਤੂਬਰ**
**-ਜਗਮੇਲ ਸਿੰਘ ਢਿੱਲੋਂ-**

ਕੇਂਦਰੀ ਪੰਜਾਬੀ ਲੇਖਕ ਸਭਾ ਉੱਤਰੀ ਅਮਰੀਕਾ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਗਿੱਲ ਸਮੇਤ ਸਾਹਿਤਕ ਤੇ ਮੀਡੀਆ ਖੇਤਰ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਦੀ ਮੌਜੂਦਗੀ ਵਿੱਚ 'ਪਾਇਲ' ਗ਼ਜ਼ਲ ਸੰਗ੍ਰਹਿ ਸਬੰਧੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸੁਰਜੀਤ ਸਿੰਘ ਮਾਧੋਪੁਰੀ, ਪਲਵਿੰਦਰ ਸਿੰਘ ਰੰਧਾਵਾ, ਦਰਸ਼ਨ ਸਿੰਘ ਸੰਘਾ, ਬਿੱਕਰ ਸਿੰਘ ਖੋਸਾ, ਜਸਵੀਰ ਸਿੰਘ ਭਲੂਰੀਆ, ਇੰਦਰਪਾਲ ਸਿੰਘ ਸੰਧੂ, ਐਡਵੋਕੇਟ ਸੰਘਾ, ਸ਼ੱਬਾ ਹੁੰਦਲ, ਬੂਟਾ ਸਿੰਘ ਢਿੱਲੋਂ, ਬਲਬੀਰ ਸਿੰਘ ਪੱਡਾ, ਬਲਬੀਰ ਸਿੰਘ ਬੋਪਾਰਾਏ ਅਤੇ ਰਣਜੀਤ ਸਿੰਘ ਵਾਲੀਆ ਸਮੇਤ ਵੱਡੀ ਗਿਣਤੀ ਵਿੱਚ ਮੀਡੀਆ ਨਾਲ ਸਬੰਧਿਤ ਸ਼ਖ਼ਸੀਅਤਾਂ ਹਾਜ਼ਰ ਸਨ।

ਇਸ ਮੌਕੇ 'ਰੇਡੀਓ ਇੰਡੀਆ' ਦੇ ਮੈਨੇਜਿੰਗ ਡਾਇਰੈਕਟਰ ਮਨਿੰਦਰ ਸਿੰਘ ਗਿੱਲ ਵੱਲੋਂ 'ਪਾਇਲ' ਗ਼ਜ਼ਲ ਸੰਗ੍ਰਹਿ ਦੀਆਂ 200 ਕਾਪੀਆਂ ਪੰਜਾਬ ਤੋਂ ਮੰਗਵਾ ਕੇ ਪੰਜਾਬੀ ਪਾਠਕਾਂ ਤੱਕ ਪਹੁੰਚਾਉਣ ਲਈ ਕਿਤਾਬ ਦੇ ਸੰਪਾਦਕ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਉਨ੍ਹਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।


SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# ਵਾਰ ਅਗੇਂਸਟ ਇਕੋਸਾਈਡ ਸੰਸਥਾ ਵੱਲੋਂ ਸਪੈਸ਼ਲ ਬੱਚਿਆਂ ਲਈ 'ਤਾਰੇ ਜ਼ਮੀਂ ਪੇ' ਪ੍ਰੋਗਰਾਮ ਦਾ ਆਯੋਜਨ ਕਰਨਾ ਸ਼ਲਾਘਾਯੋਗ ਉਪਰਾਲਾ : ਮੇਅਰ ਕੁੰਦਨ ਗੋਗੀਆ

**ਪਟਿਆਲਾ, 7 ਅਕਤੂਬਰ**
**-ਬਲਜੀਤ ਸਰਨਾ-**

ਵਾਰ ਅਗੇਂਸਟ ਇਕੋਸਾਈਡ ਸੰਸਥਾ ਵੱਲੋਂ ਮੈਡਮ ਗੁਰਪ੍ਰੀਤ ਕੌਰ ਦੀ ਅਗਵਾਈ ਹੇਠ ਹਰਪਾਲ ਟਿਵਾਣਾ ਹਾਲ ਵਿਖੇ ਸਪੈਸ਼ਲ ਅਤੇ ਦਿਵਿਆਂਗ ਬੱਚਿਆਂ ਲਈ ਵਿਸ਼ੇਸ਼ ਸਭਿਆਚਾਰਕ ਪ੍ਰੋਗਰਾਮ 'ਤਾਰੇ ਜ਼ਮੀਂ ਪੇ' ਕਰਵਾਇਆ ਗਿਆ।



ਪ੍ਰੋਗਰਾਮ ਦਾ ਆਗਾਜ਼ ਦ੍ਰਿਸ਼ਟੀਹੀਣ ਬੱਚੀ ਰੀਤੀ ਵੱਲੋਂ 'ਸਤਿਅਮ ਸ਼ਿਵਮ ਸੁੰਦਰਮ' ਭਜਨ ਨਾਲ ਕੀਤਾ ਗਿਆ। ਉਪਰੰਤ ਨਵਜੀਵਨੀ ਸਪੈਸ਼ਲ ਚਿਲਡਰਨ ਸਕੂਲ, ਵਾਣੀ ਸਕੂਲ ਸਮੇਤ ਵੱਖ-ਵੱਖ ਸਕੂਲਾਂ ਦੇ ਸਪੈਸ਼ਲ ਬੱਚਿਆਂ ਨੇ ਸਭਿਆਚਾਰਕ ਪੇਸ਼ਕਾਰੀਆਂ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ।

ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਅਤੇ ਸਿਮਰਨਜੋਤ ਸਿੰਘ ਮੱਕੜ ਨੇ ਸ਼ਿਰਕਤ ਕੀਤੀ। ਇਸ ਮੌਕੇ ਆਪਣੇ ਸੰਬੋਧਨ ਵਿੱਚ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਵਾਰ ਅਗੇਂਸਟ ਇਕੋਸਾਈਡ ਸੰਸਥਾ ਵੱਲੋਂ ਸਪੈਸ਼ਲ ਬੱਚਿਆਂ ਲਈ ਅਜਿਹਾ ਪ੍ਰੋਗਰਾਮ ਕਰਵਾਉਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ ਅਤੇ ਬੱਚਿਆਂ ਵੱਲੋਂ ਪੇਸ਼ ਕੀਤੀਆਂ ਗਈਆਂ ਪੇਸ਼ਕਾਰੀਆਂ ਕਾਬਿਲ-ਏ-ਤਾਰੀਫ ਸਨ।

ਇਸ ਮੌਕੇ ਮਨਪ੍ਰੀਤ ਸਿੰਘ ਕਰਤਾਰ ਕੰਬਾਈਨ, ਸਹਿਜਦੀਪ ਸਿੰਘ ਜੱਗੀ, ਪੰਜਾਬੀ ਫਿਲਮ ਸਟਾਰ ਤੇ ਭੰਗੜਾ ਕੋਚ ਸੋਨੂੰ ਪ੍ਰਧਾਨ, ਕਮਲਪ੍ਰੀਤ ਕੌਰ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਭਾਰਤ ਵਿਕਾਸ ਪ੍ਰੀਸ਼ਦ ਤੋਂ ਸੀਮਾ ਜੋਸ਼ੀ ਤੇ ਮੁਕੇਸ਼ ਸਿੰਗਲਾ, ਦੋਸਤ ਸੰਸਥਾ ਤੋਂ ਸੇਵਾਮੁਕਤ ਐਸ.ਪੀ. ਮਨਜੀਤ ਬਰਾੜ, ਰਵਿੰਦਰ ਸਿੰਘ ਔਲਖ, ਜੀ.ਐਸ. ਭੁੱਲਰ, ਮਸਤੀ ਦੀ ਪਾਠਸ਼ਾਲਾ ਤੋਂ ਰਾਜਪਾਲ ਮਸਤ, ਮੀਨੂ ਸੋਢੀ, ਹਰਪ੍ਰੀਤ ਸਿੰਘ ਮਾਹੀ, ਦਰਸ਼ ਦੀਦਾਰ ਸਿੰਘ, ਤਰੁਨਦੀਪ ਸਿੰਘ, ਇੰਸਰਾਜ ਅਤੇ ਸਟੇਟ ਐਵਾਰਡੀ ਰੁਪਿੰਦਰ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਸੰਸਥਾ ਵੱਲੋਂ ਬੱਚਿਆਂ ਲਈ ਖਾਣੇ ਦਾ ਪ੍ਰਬੰਧ ਮਸ਼ਹੂਰ ਜੱਗੀ ਸਵੀਟਸ ਵੱਲੋਂ ਕੀਤਾ ਗਿਆ ਅਤੇ ਕਰਤਾਰ ਕੰਬਾਈਨ ਵੱਲੋਂ ਬੱਚਿਆਂ ਨੂੰ ਵਿਸ਼ੇਸ਼ ਕਿੱਟਾਂ ਵੰਡੀਆਂ ਗਈਆਂ।

ਪਲੇਅ ਵੇਅ ਸਕੂਲ ਦੇ ਬੱਚਿਆਂ ਅਤੇ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਵਲੰਟੀਅਰਾਂ ਨੇ ਸੇਵਾਵਾਂ ਨਿਭਾਈਆਂ।

ਅੰਤ ਵਿੱਚ ਮੈਡਮ ਗੁਰਪ੍ਰੀਤ ਕੌਰ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਅਤੇ ਬੱਚਿਆਂ ਨੂੰ ਬੂਟੇ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਜ ਦੀ ਭੂਮਿਕਾ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਬਾਖੂਬੀ ਨਿਭਾਈ।

# ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਵਫ਼ਦ ਨੇ ਰਾਜਪਾਲ ਕੋਲ ਉਠਾਇਆ ਪਾਰਟੀ ਰਜਿਸਟ੍ਰੇਸ਼ਨ

**ਚੰਡੀਗੜ੍ਹ, 7 ਅਕਤੂਬਰ**
**-ਜੀ. ਐਸ. ਤੁੰਗ-**

ਪਾਰਟੀ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਵਿੱਚ ਕਰਵਾਈ ਜਾ ਰਹੀ ਦੇਰੀ ਅਤੇ ਚੰਡੀਗੜ੍ਹ ਵਿੱਚ ਪੰਜਾਬ ਦੀਆਂ ਸਰਕਾਰੀ ਕੋਠੀਆਂ ਉਤੇ ਹੋਏ ਨਜਾਇਜ਼ ਸਿਆਸੀ ਕ ?ਬਜ਼ੇ ਦੇ ਮਸਲੇ ਨੂੰ ਲੈਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਉੱਚ ਪੱਧਰੀ ਵਫ਼ਦ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆਂ ਨੂੰ ਮਿਲਿਆ, ਵਫ਼ਦ ਵਿੱਚ ਪਾਰਟੀ ਦੇ ਸੀਨੀਅਰ ਲੀਡਰ ਸਰਦਾਰ ਮਨਪ੍ਰੀਤ ਸਿੰਘ ਇਯਾਲੀ ਵਿਧਾਇਕ, ਭਾਈ ਸਰਬਜੀਤ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ, ਸਰਦਾਰ ਕਾਬਲ ਸਿੰਘ ਕਨਵੀਨਰ ਪਾਰਲੀਮੈਂਟ ਬੋਰਡ ਹਾਜ਼ਰ ਰਹੇ।



ਸਰਦਾਰ ਮਨਪ੍ਰੀਤ ਸਿੰਘ ਇਯਾਲੀ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆਂ ਕੋਲ ਪਾਰਟੀ ਦੀ ਰਜਿਸਟ੍ਰੇਸ਼ਨ ਨੂੰ ਲੈਕੇ ਗਿਣੀ ਮਿਥੀ ਸਾਜਿਸ਼ ਹੇਠ ਪਾਈ ਜਾ ਰਹੀ ਰੁਕਾਵਟ ਤੇ ਸਖ਼ਤ ਸ਼ਬਦਾਂ ਵਿੱਚ ਇਤਰਾਜ਼ ਪ੍ਰਗਟ ਕੀਤਾ। ਸਰਦਾਰ ਇਯਾਲੀ ਨੇ ਕਿਹਾ ਕਿ, ਅੱਜ ਦੇਸ਼ ਦੇ ਕਾਨੂੰਨ ਹੇਠ ਹੋਈਆਂ ਚੋਣਾਂ ਲੜ ਕੇ ਪਾਰਟੀ ਦੇ ਦੋ ਸਾਂਸਦ ਮੈਂਬਰ ਅਤੇ ਉਨ੍ਹਾਂ ਦੇ ਰੂਪ ਵਿੱਚ ਇੱਕ ਵਿਧਾਇਕ ਮੌਜੂਦ ਹਨ। ਇਸ ਦੇ ਬਾਵਜੂਦ ਪਾਰਟੀ ਦੀ ਰਜਿਸਟ੍ਰੇਸ਼ਨ ਵਿੱਚ ਜਾਣਬੁੱਝ ਕੇ ਰੁਕਾਵਟਾਂ ਖੜੀਆਂ ਕੀਤੀਆਂ ਜਾ ਰਹੀਆਂ ਹਨ। ਸਰਦਾਰ ਇਯਾਲੀ ਨੇ ਕਿਹਾ ਕਿ, ਜਿਸ ਕੌਮ ਅਤੇ ਸੂਬੇ ਨੇ ਦੇਸ਼ ਦੀ ਆਜ਼ਾਦੀ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ, ਅੱਜ ਸਾਡੇ ਤੋ ਹੀ ਦੇਸ਼ ਦੀ ਸੁਰੱਖਿਆ ਨੂੰ ਖਤਰੇ ਦਾ ਹਵਾਲਾ ਦੇਕੇ ਬੇਬੁਨਿਆਦ ਸਵਾਲ ਖੜੇ ਕੀਤੇ ਜਾ ਰਹੇ ਹਨ। ਓਹਨਾ ਕਿਹਾ ਕਿ, ਅੱਜ ਸਿੱਖ ਰੈਜੀਮੈਂਟ ਦੇ ਜਵਾਨ ਦੇਸ਼ ਦੀ ਸਰਹੱਦਾਂ ਉਪਰ ਦੇਸ਼ ਦੀ ਰਾਖੀ ਲਈ ਤਾਇਨਾਤ ਹਨ,

ਦੇਸ਼ ਦੀ ਰਾਖੀ ਕਰਦੇ ਸਭ ਤੋ ਵੱਧ ਸ਼ਹਾਦਤਾਂ ਵੀ ਸਿੱਖ ਰੈਜੀਮੈਂਟ ਦੇ ਹਿੱਸੇ ਆਈਆਂ ਹਨ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਸਭ ਤੋ ਵੱਧ ਧੱਕਾ ਅਤੇ ਬੇਇਨਸਾਫ਼ੀ ਵੀ ਸਿੱਖ ਕੌਮ ਅਤੇ ਪੰਜਾਬ ਨਾਲ ਹੋਈ। ਪੰਜਾਬ ਪੁਨਰਗਠਨ ਐਕਟ ਤਹਿਤ ਸਾਡੇ ਤੋਂ ਸਾਡੇ ਪਾਣੀ, ਰਾਜਧਾਨੀ ਅਤੇ ਪੰਜਾਬੀ ਬੋਲਦੇ ਇਲਾਕੇ ਖੋਹੇ ਗਏ, ਪਰ ਹਰ ਵਾਰ ਝੂਠਾ ਵਿਸ਼ਵਾਸ ਦਿੱਤਾ ਗਿਆ। ਅਜ਼ਾਦੀ ਤੋਂ ਬਾਅਦ ਅਜ਼ਾਦ ਭਾਰਤ ਵਿੱਚ ਹੀ ਦਰਬਾਰ ਸਾਹਿਬ 'ਤੇ ਹਮਲਾ ਹੋਇਆ, ਦਿੱਲੀ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਸਿੱਖਾਂ ਦੀ ਨਸਲਕੁਸ਼ੀ ਕੀਤੀ ਗਈ, ਅੱਜ ਤੱਕ ਇਨਸਾਫ ਨਹੀਂ ਮਿਲਿਆ। ਦੇਸ਼ ਨੂੰ ਹਰੀ ਕ੍ਰਾਂਤੀ ਦੇ ਨਾਮ ਹੇਠ ਅੰਨ ਭੰਡਾਰ ਵਿੱਚ ਸਭ ਤੋਂ ਵੱਧ ਯੋਗਦਾਨ ਪੰਜਾਬ ਦਾ ਰਿਹਾ, ਦੇਸ਼ ਨੂੰ ਭੁੱਖ ਮਰੀ ਤੋ ਨਿਜ਼ਾਤ ਪੰਜਾਬ ਨੇ ਦਿਵਾਈ ਪਰ ਸਵਾਲ ਸਾਡੇ ਤੇ ਹੀ ਚੁੱਕੇ ਜਾ ਰਹੇ ਹਨ।

ਸਰਦਾਰ ਇਯਾਲੀ ਨੇ ਕਿਹਾ ਕਿ, ਅਸੀ ਸੰਵਿਧਾਨ ਅਤੇ ਕਾਨੂੰਨ ਦੇ ਦਾਇਰੇ ਹੇਠ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ, ਕੋਈ ਵੀ ਕਾਨੂੰਨ ਇਜਾਜ਼ਤ ਨਹੀਂ ਦਿੰਦਾ ਕਿ, ਕਾਨੂੰਨੀ ਜਾਮੇ ਹੇਠ ਫਰਕ ਕੀਤਾ ਜਾਵੇ। ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਨਾ ਹੋਣਾ, ਕਾਨੂੰਨ ਹੇਠ ਹੀ ਬੇਇਨਸਾਫ਼ੀ ਹੈ। ਸਾਨੂੰ ਰਾਜਧਾਨੀ ਦੇ ਹੱਕ 'ਤੋ ਵਾਂਝਾ ਰੱਖਣਾ, ਪੰਜਾਬ ਦੇ ਪਾਣੀਆਂ ਦੀ ਲੁੱਟ ਕਰਨਾ, ਇਹ ਸਭ ਕੁਝ ਕਾਨੂੰਨ ਅਤੇ ਸੰਵਿਧਾਨ ਹੇਠ ਕੀਤਾ ਜਾ ਰਿਹਾ ਹੈ ਜਦੋਂ ਕਿ ਪੀੜਤ ਵੀ ਅਸੀਂ ਹਾਂ, ਸਵਾਲ ਵੀ ਸਾਡੇ ਤੇ ਕੀਤੇ ਜਾ ਰਹੇ ਹਨ। ਸਰਦਾਰ ਇਯਾਲੀ ਨੇ ਕਿਹਾ ਕਿ, ਕਿਸੇ ਵੀ ਕਾਨੂੰਨ, ਸੰਵਿਧਾਨ ਦੇ ਦੋਹਰੇ ਮਾਪਦੰਡ ਨਹੀਂ ਹੋ ਸਕਦੇ।

ਸਰਦਾਰ ਇਯਾਲੀ ਨੇ ਕਿਹਾ ਕਿ, ਅਜਿਹੇ ਵਿੱਚ ਸਾਡੀ ਪਾਰਟੀ ਨੂੰ ਰਜਿਸਟ੍ਰੇਸ਼ਨ ਵਿੱਚ ਦੇਰੀ ਕਰਵਾਉਣਾ ਅਤੇ ਅੜਿੱਕਾ ਪਾਉਣਾ, ਇਹ ਸਰਾਸਰ ਕਾਨੂੰਨੀ ਅਤੇ ਸੰਵਿਧਾਨਿਕ ਬੇਇਨਸਾਫ਼ੀ ਹੈ। ਚੰਡੀਗੜ੍ਹ ਸਥਿਤ ਪੰਜਾਬ ਦੀ ਸਰਕਾਰੀ ਕੋਠੀਆਂ 'ਤੇ ਹੋ ਚੁੱਕੇ ਸਿਆਸੀ ਕਬਜ਼ੇ ਦੇ ਮਾਮਲੇ ਨੂੰ ਉਠਾਉਦੇ ਹੋਏ ਸਰਦਾਰ ਇਯਾਲੀ ਨੇ ਕਿਹਾ ਕਿ, ਅੱਜ ਪੰਜਾਬ ਦੇ ਵਸੀਲਿਆਂ ਦੀ ਖੁੱਲੀ ਲੁੱਟ ਕੀਤੀ ਜਾ ਰਹੀ ਹੈ।

ਮੁੱਖ ਮੰਤਰੀ ਭਗਵੰਤ ਮਾਨ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਕਿਹਾ ਕਿ, ਭ੍ਰਿਸ਼ਟਾਚਾਰ ਦੇ ਨਾਮ ਹੇਠ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਸਭ ਤੋ ਵੱਧ ਭ੍ਰਿਸ਼ਟਾਚਾਰੀ ਨਿੱਕਲੀ। ਅੱਜ ਦੇ ਪੰਜਾਬ ਦੇ ਵਿੱਤੀ ਵਸੀਲਿਆਂ ਨੂੰ ਦਿੱਲੀ ਤੋਂ ਆਮ ਆਦਮੀ ਪਾਰਟੀ ਦੇ ਲੀਡਰ ਹਰ ਪਹਿਲੂ ਤੋਂ ਲੁੱਟ ਰਹੇ ਹਨ। ਪੰਜਾਬ ਦੀਆਂ ਸਰਕਾਰੀ ਕੋਠੀਆਂ ਤੇ ਸਿਆਸੀ ਕ ?ਬਜ਼ੇ ਦੀ ਜਾਂਚ ਕੀਤੀ ਜਾਵੇ ਅਤੇ ਪੰਜਾਬ ਦੇ ਵਸੀਲਿਆਂ ਦੀ ਅੰਨੀ ਲੁੱਟ ਤਰੁੰਤ ਬੰਦ ਕੀਤੀ ਜਾਵੇ। ਇਸ ਦੇ ਨਾਲ ਹੀ ਸਰਦਾਰ ਇਯਾਲੀ ਨੇ ਕਿਹਾ ਕਿ, ਬੀਤੇ ਦਿਨ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਲੋਂ ਸੀਬੀਆਈ ਜਾਂਚ ਦੇ ਆਦੇਸ਼ ਦੇਣਾ, ਸਾਬਿਤ ਕਰਦਾ ਹੈ ਕਿ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਤੋਂ ਲੈਕੇ ਮੁੱਖ ਮੰਤਰੀ ਦਫ਼ਤਰ ਤੱਕ ਲੁੱਟ ਦਾ ਕੇਂਦਰ ਬਣ ਚੁੱਕੇ ਹਨ ।

# ਖੇਤੀਬਾੜੀ ਵਿਭਾਗ ਤਹਿਸੀਲ ਪਟਿਆਲਾ ਦੇ ਕਿਸਾਨਾਂ ਨੂੰ ਪਿੰਡ ਪੱਧਰੀ ਕੈਂਪਾਂ ਰਾਹੀਂ ਪਰਾਲੀ ਦੀ ਸੰਭਾਲ ਸਬੰਧੀ ਕਰ ਰਿਹਾ ਜਾਗਰੂਕ: ਐਸ.ਡੀ.ਐਮ.

**ਪਟਿਆਲਾ, 7 ਅਕਤੂਬਰ**
**-ਛਤਰਪਾਲ ਸਿੰਘ-**

ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐਸ.ਡੀ.ਐਮ. ਪਟਿਆਲਾ ਗੁਰਦੇਵ ਸਿੰਘ ਧੰਮ ਦੀ ਅਗਵਾਈ ਹੇਠ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਸੀ.ਆਰ.ਐਮ. ਸਕੀਮ ਦੀ ਮੱਦ ਆਈ.ਈ.ਸੀ. ਗਤੀਵਿਧੀਆਂ ਤਹਿਤ ਕਿਸਾਨਾਂ ਨੂੰ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਘੱਟ ਕਰਨ ਲਈ ਝੋਨੇ ਦੀ ਵਾਢੀ ਤੋਂ ਪਹਿਲਾਂ ਪਿੰਡ ਪੱਧਰੀ ਕੈਂਪਾਂ, ਮੋਬਾਇਲ ਵੈਨ, ਨੁੱਕੜ ਨਾਟਕ ਅਤੇ ਸਕੂਲ ਗਤੀਵਿਧੀਆਂ ਰਾਹੀਂ ਜਾਗਰੂਕ ਕੀਤਾ ਜਾ ਰਿਹਾ ਹੈ।



ਇਸ ਸਬੰਧੀ ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਨੇ ਦੱਸਿਆ ਕਿ ਬਲਾਕ ਖੇਤੀਬਾੜੀ ਅਫਸਰ ਪਟਿਆਲਾ ਡਾ. ਗੁਰਮੀਤ ਸਿੰਘ ਅਤੇ ਬਲਾਕ ਖੇਤੀਬਾੜੀ ਅਫਸਰ ਭੁਨਹੇੜੀ ਡਾ. ਮਨਦੀਪ ਸਿੰਘ ਅਧੀਨ ਪੈਂਦੇ ਸਰਕਲਾਂ ਵਿੱਚ ਹੁਣ ਤੱਕ 64 ਪਿੰਡ ਪੱਧਰੀ ਅਤੇ 2 ਬਲਾਕ ਪੱਧਰੀ ਕੈਂਪ ਲਗਾਏ ਜਾ ਚੁੱਕੇ ਹਨ। ਇਨ੍ਹਾਂ ਕੈਂਪਾਂ ਵਿੱਚ ਪਿੰਡਾਂ ਦੇ ਸਰਪੰਚਾਂ, ਨੰਬਰਦਾਰਾਂ, ਚੌਂਕੀਦਾਰਾਂ ਅਤੇ ਕਰੀਬ 2000 ਅਗਾਂਹਵਧੂ ਕਿਸਾਨਾਂ ਨੇ ਭਾਗ ਲਿਆ।

ਇਨ੍ਹਾਂ ਕੈਂਪਾਂ ਦੌਰਾਨ ਖੇਤੀਬਾੜੀ ਵਿਸਥਾਰ ਅਫਸਰ (ਦੌਣਕਲਾਂ) ਡਾ. ਰਵਿੰਦਰਪਾਲ ਸਿੰਘ ਚੱਠਾ, ਡਾ. ਬਲਵਿੰਦਰ ਕੌਰ (ਸਨੌਰ) ਅਤੇ ਖੇਤੀਬਾੜੀ ਵਿਕਾਸ ਅਫਸਰ ਡਾ. ਜਸ਼ਨਦੀਪ ਕੌਰ (ਲੰਗ), ਡਾ. ਜ਼ਸਪਿੰਦਰ ਕੌਰ (ਗੱਜੂਮਾਜਰਾ), ਡਾ. ਗਗਨਦੀਪ ਸਿੰਘ (ਧਬਲਾਨ), ਡਾ. ਜ਼ਸਪ੍ਰੀਤ ਸਿੰਘ ਰੰਧਾਵਾ (ਡਕਾਲਾ), ਡਾ. ਵਿਮਲਪ੍ਰੀਤ ਸਿੰਘ, ਖੇਤੀਬਾੜੀ ਉਪਨਿਰੀਖਕਾਂ ਅਤੇ ਆਤਮਾ ਸਟਾਫ ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਖੇਤਾਂ ਵਿੱਚ ਵਾਹੁਣ ਅਤੇ ਗੰਢਾਂ ਬਣਾ ਕੇ ਉਦਯੋਗਿਕ ਇਕਾਈਆਂ ਨੂੰ ਦੇਣ ਲਈ ਖੇਤੀਬਾੜੀ ਵਿਭਾਗ ਵੱਲੋਂ ਸਬਸਿਡੀ 'ਤੇ ਮੁਹੱਈਆ ਕਰਵਾਈ ਗਈ ਸੀ.ਆਰ.ਐਮ. ਮਸ਼ੀਨਰੀ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ ਗਿਆ।

ਇਸ ਮੌਕੇ ਕਿਸਾਨਾਂ ਨੂੰ ਦੱਸਿਆ ਗਿਆ ਕਿ ਉਹ ਖੇਤੀਬਾੜੀ ਵਿਭਾਗ ਅਤੇ ਸਹਿਕਾਰੀ ਸਭਾਵਾਂ ਨਾਲ ਸੰਪਰਕ ਕਰਕੇ ਸੀ.ਆਰ.ਐਮ. ਮਸ਼ੀਨਰੀ ਦੀ ਮੰਗ ਕਰ ਸਕਦੇ ਹਨ, ਤਾਂ ਜੋ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਘੱਟ ਕਰਕੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ।

# ਡਾ. ਪਰਮਿੰਦਰ ਚੋਪੜਾ ਨੇ ਪਸ਼ੂ ਪਾਲਣ ਵਿਭਾਗ ਦੇ ਸਹਾਇਕ ਡਾਇਰੈਕਟਰ ਵਜੋਂ ਸੰਗਰੂਰ ਵਿਖੇ ਅਹੁਦਾ ਸੰਭਾਲਿਆ



**ਸੰਗਰੂਰ, 7 ਅਕਤੂਬਰ**
**-ਜਗਦੇਵ ਰੰਚਨਾਂ-**

ਡਾ. ਪਰਮਿੰਦਰ ਚੋਪੜਾ ਨੇ ਅੱਜ ਸੰਗਰੂਰ ਵਿਖੇ ਪਸ਼ੂ ਪਾਲਣ ਵਿਭਾਗ ਦੇ ਸਹਾਇਕ ਡਾਇਰੈਕਟਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ। ਇਸ ਮੌਕੇ ਵਿਭਾਗ ਦੇ ਮੌਜੂਦਾ ਅਤੇ ਸੇਵਾਮੁਕਤ ਅਧਿਕਾਰੀਆਂ, ਪਰਿਵਾਰਕ ਮੈਂਬਰਾਂ, ਪੌਲੀਟੈਕਨਿਕ ਸਟਾਫ਼ ਅਤੇ ਦਫ਼ਤਰੀ ਸਟਾਫ਼ ਨੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ ਅਤੇ ਸਫ਼ਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ।

ਅਹੁਦਾ ਸੰਭਾਲਣ ਉਪਰੰਤ ਡਾ. ਪਰਮਿੰਦਰ ਚੋਪੜਾ ਨੇ ਕਿਹਾ ਕਿ ਪਸ਼ੂ ਪਾਲਕਾਂ ਨੂੰ ਸਮੇਂ ਸਿਰ ਅਤੇ ਬਿਹਤਰ ਵਿਭਾਗੀ ਸੇਵਾਵਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਸਹਿਯੋਗ ਨਾਲ ਵਿਭਾਗੀ ਕੰਮਕਾਜ ਨੂੰ ਹੋਰ ਸੁਚਾਰੂ ਬਣਾਇਆ ਜਾਵੇਗਾ ਅਤੇ ਪਸ਼ੂ ਪਾਲਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਸੁਹਿਰਦ ਯਤਨ ਕੀਤੇ ਜਾਣਗੇ।

ਡਾ. ਚੋਪੜਾ ਨੇ ਕਿਹਾ ਕਿ ਪਸ਼ੂ ਪਾਲਣ ਖੇਤੀਬਾੜੀ ਨਾਲ ਜੁੜਿਆ ਇੱਕ ਮਹੱਤਵਪੂਰਨ ਸਹਾਇਕ ਧੰਦਾ ਹੈ, ਜਿਸ ਨੂੰ ਹੋਰ ਲਾਹੇਵੰਦ ਬਣਾਉਣ ਲਈ ਪਸ਼ੂ ਪਾਲਕਾਂ ਨੂੰ ਵਿਗਿਆਨਕ ਢੰਗਾਂ ਅਤੇ ਵਿਭਾਗੀ ਸਹੂਲਤਾਂ ਬਾਰੇ ਜਾਣਕਾਰੀ ਦੇਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਸ਼ੂਆਂ ਦੀ ਸਿਹਤ ਸੰਭਾਲ, ਬਿਮਾਰੀਆਂ ਦੀ ਰੋਕਥਾਮ, ਸਮੇਂ ਸਿਰ ਟੀਕਾਕਰਨ ਅਤੇ ਤਕਨੀਕੀ ਮਾਰਗਦਰਸ਼ਨ ਸਬੰਧੀ ਸੇਵਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪਸ਼ੂ ਪਾਲਕਾਂ ਤੱਕ ਪਹੁੰਚਾਉਣ ਲਈ ਟੀਮ ਭਾਵਨਾ ਨਾਲ ਕੰਮ ਕੀਤਾ ਜਾਵੇਗਾ।

ਉਨ੍ਹਾਂ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਤਨਦੇਹੀ ਨਾਲ ਨਿਭਾਉਣ ਅਤੇ ਦਫ਼ਤਰ ਵਿੱਚ ਆਉਣ ਵਾਲੇ ਲੋਕਾਂ ਨਾਲ ਸਹਿਯੋਗ ਭਰਿਆ ਵਤੀਰਾ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਆਪਸੀ ਤਾਲਮੇਲ ਅਤੇ ਸਮਰਪਣ ਨਾਲ ਹੀ ਵਿਭਾਗੀ ਸੇਵਾਵਾਂ ਦੀ ਗੁਣਵੱਤਾ ਨੂੰ ਹੋਰ ਬਿਹਤਰ ਬਣਾਇਆ ਜਾ ਸਕਦਾ ਹੈ।

ਇਸ ਮੌਕੇ ਹਾਜ਼ਰ ਅਧਿਕਾਰੀਆਂ ਅਤੇ ਸਟਾਫ਼ ਨੇ ਡਾ. ਪਰਮਿੰਦਰ ਚੋਪੜਾ ਨੂੰ ਵਿਭਾਗੀ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਡਾ. ਚੋਪੜਾ ਨੇ ਸਾਰਿਆਂ ਵੱਲੋਂ ਦਿੱਤੇ ਪਿਆਰ ਅਤੇ ਸ਼ੁਭਕਾਮਨਾਵਾਂ ਲਈ ਧੰਨਵਾਦ ਕੀਤਾ।

ਇਸ ਮੌਕੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਜਸਪ੍ਰੀਤ ਕੌਰ, ਐੱਸ.ਐੱਸ. ਅਧਿਆਪਕਾ, ਅਤੇ ਪੁੱਤਰ ਜਸ਼ਨਪਾਲ ਸਿੰਘ ਚੋਪੜਾ ਤੋਂ ਇਲਾਵਾ ਸੰਗਰੂਰ ਤੋਂ ਸੇਵਾਮੁਕਤ ਡਿਪਟੀ ਡਾਇਰੈਕਟਰ ਡਾ. ਸੁਖਵਿੰਦਰ ਸਿੰਘ, ਬਰਨਾਲਾ ਤੋਂ ਸੇਵਾਮੁਕਤ ਡਿਪਟੀ ਡਾਇਰੈਕਟਰ ਡਾ. ਲਖਵੀਰ ਸਿੰਘ, ਡਾ. ਪਰਮਿੰਦਰਜੀਤ ਸਿੰਘ ਐੱਸ.ਵੀ.ਓ. ਸੰਗਰੂਰ, ਡਾ. ਜਗਵਿੰਦਰ ਕੌਰ ਐੱਸ.ਵੀ.ਓ. ਸੁਨਾਮ, ਡਾ. ਜਸਕਰਨ ਸਿੰਘ ਐੱਸ.ਵੀ.ਓ. ਧੂਰੀ, ਡਾ. ਸਵਿੰਦਰ ਪਾਲ ਐੱਸ.ਵੀ.ਓ. ਦਿੜ੍ਹਬਾ, ਡਾ. ਵਿਸ਼ਾਲ ਦੀਪ ਐੱਸ.ਵੀ.ਓ. ਲਹਿਰਾ, ਡਾ. ਸਿਮਰਜੋਤ ਮੀਮਸਾ, ਕਮਲ ਜੇ.ਆਰ.ਐੱਫ. ਬਰਨਾਲਾ, ਪੌਲੀਟੈਕਨਿਕ ਸਟਾਫ਼ ਅਤੇ ਦਫ਼ਤਰੀ ਸਟਾਫ਼ ਦੇ ਮੈਂਬਰ ਹਾਜ਼ਰ ਸਨ।

# ਸਮਾਧਾਨ ਕੈਂਪਾਂ ਦੇ ਪਹਿਲੇ ਦਿਨ 150 ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ



**ਮਲੇਰਕੋਟਲਾ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਿਲਾ ਮਲੇਰ ਕੋਟਲਾ ਪੁਲਿਸ ਵੱਲੋਂ ਲੋਕਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਲਈ ਜ਼ਿਲ੍ਹੇ ਵਿੱਚ 'ਸਮਾਧਾਨ ਕੈਂਪ' ਲਗਾਏ ਗਏ। ਪੁਲਿਸ ਲਾਈਨਜ਼ ਮਾਲੇਰਕੋਟਲਾ, ਅਹਿਮਦਗੜ੍ਹ ਅਤੇ ਅਮਰਗੜ੍ਹ ਵਿਖੇ ਲਗਾਏ ਇਨ੍ਹਾਂ ਕੈਂਪਾਂ ਦੇ ਪਹਿਲੇ ਦਿਨ 150 ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ।

ਕੈਂਪਾਂ ਵਿੱਚ ਐੱਸ.ਐੱਸ.ਪੀ., ਡੀ.ਐੱਸ.ਪੀਜ਼, ਐੱਸ.ਐੱਚ.ਓਜ਼ ਅਤੇ ਵੱਖ-ਵੱਖ ਪੁਲਿਸ ਯੂਨਿਟਾਂ ਦੇ ਅਧਿਕਾਰੀਆਂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਮਹਿਲਾ ਸੈੱਲ, ਸਾਈਬਰ ਕ੍ਰਾਈਮ ਅਤੇ ਵਿੱਤੀ ਮਾਮਲਿਆਂ ਲਈ ਵੀ ਵਿਸ਼ੇਸ਼ ਡੈਸਕ ਬਣਾਏ ਗਏ। ਐੱਸ.ਐੱਸ.ਪੀ. ਮਾਲੇਰਕੋਟਲਾ ਹਰਕਮਲਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਪੁਲਿਸ ਦਾ ਉਦੇਸ਼ ਲੋਕਾਂ ਨੂੰ ਵਾਰ-ਵਾਰ ਦਫ਼ਤਰਾਂ ਦੇ ਚੱਕਰ ਲਗਾਉਣ ਤੋਂ ਰਾਹਤ ਦੇਣਾ ਅਤੇ ਜਿੱਥੇ ਸੰਭਵ ਹੋਵੇ, ਮੌਕੇ 'ਤੇ ਹੀ ਸਮੱਸਿਆ ਦਾ ਹੱਲ ਕਰਨਾ ਹੈ।

# ਰੋਮਾਨੀਆ ਦੀ ਰਾਜਦੂਤ ਸੁਸ਼੍ਰੀ ਸੇਨਾ ਲਤੀਫ ਨੇ ਰਾਜਪਾਲ ਕਟਾਰੀਆ ਨਾਲ ਮੁਲਾਕਾਤ ਕੀਤੀ

**ਚੰਡੀਗੜ੍ਹ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਵਿੱਚ ਰੋਮਾਨੀਆ ਦੀ ਰਾਜਦੂਤ, ਸੁਸ਼੍ਰੀ ਸੇਨਾ ਲਤੀਫ ਨੇ ਅੱਜ ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਨਾਲ ਪੰਜਾਬ ਲੋਕ ਭਵਨ, ਚੰਡੀਗੜ੍ਹ ਵਿਖੇ ਸ਼ਿਸ਼ਟਾਚਾਰਕ ਮੁਲਾਕਾਤ ਕੀਤੀ।



ਇਸ ਅਵਸਰ 'ਤੇ ਭਾਰਤ ਅਤੇ ਰੋਮਾਨੀਆ ਦੇ ਦੋਸਤਾਨਾ ਸਬੰਧਾਂ ਅਤੇ ਵਿਭਿੰਨ ਖੇਤਰਾਂ ਵਿੱਚ ਆਪਸੀ ਸਹਿਯੋਗ ਦੀਆਂ ਸੰਭਾਵਨਾਵਾਂ 'ਤੇ ਸਾਰਥਕ ਚਰਚਾ ਹੋਈ।

# ਜ਼ਿਲ੍ਹੇ 'ਚ ਝੋਨੇ ਦੀ ਖਰੀਦ ਜਾਰੀ, ਡਿਪਟੀ ਕਮਿਸ਼ਨਰ ਵਲੋਂ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ

**ਮੁਕੇਰੀਆਂ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਕਤੂਬਰ : ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਲਗਾਤਾਰ ਚੱਲ ਰਹੀ ਝੋਨੇ ਦੀ ਖਰੀਦ ਦੀ ਅੱਜ ਇਥੇ ਸਮੀਖਿਆ ਕਰਦਿਆਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿਚ ਨਿਰਧਾਰਤ ਨਮੀ ਵਾਲਾ ਸੁੱਕਾ ਝੋਨਾ ਲਿਆਉਣ ਨੂੰ ਤਰਜ਼ੀਹ ਦਿੱਤੀ ਜਾਵੇ ਤਾਂ ਜੋ ਉਨ੍ਹਾਂ ਦੀ ਫਸਲ ਘੱਟੋ-ਘੱਟ ਸਮੇਂ ਵਿਚ ਖਰੀਦੀ ਜਾ ਸਕੇ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਜ਼ਿਲ੍ਹੇ ਵਿਚ 65 ਮੰਡੀਆਂ ਸਥਾਪਿਤ ਹਨ ਜਿਥੇ 1 ਅਕਤੂਬਰ ਤੋਂ ਝੋਨੇ ਦੀ ਖਰੀਦ ਸ਼ੁਰੂ ਹੋ ਚੁੱਕੀ ਹੈ ਅਤੇ ਕਿਸਾਨਾਂ, ਆੜ੍ਹਤੀਆਂ ਤੇ ਲੇਬਰ ਦੇ ਹਿੱਤਾਂ ਨੂੰ ਧਿਆਨ ਵਿਚ ਰੱਖਦਿਆਂ ਸਮੁੱਚੇ ਪ੍ਰਬੰਧ ਯਕੀਨੀ ਬਣਾਏ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ 17772 ਮੀਟ੍ਰਿਕ ਟਨ ਝੋਨੇ ਦੀ ਆਮਦ ਦਰਜ ਕੀਤੀ ਗਈ ਹੈ ਜਿਸ ਵਿਚੋਂ 14867 ਮੀਟ੍ਰਿਕ ਟਨ ਫਸਲ ਦੀ ਖਰੀਦ ਕਰਕੇ ਕਿਸਾਨਾਂ ਦੇ ਖਾਤਿਆਂ ਵਿਚ 4.85 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿਚ ਲਗਭਗ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਅਤੇ ਬਾਰਦਾਨੇ ਦੀ ਲੋੜ ਅਨੁਸਾਰ ਸਪਲਾਈ ਯਕੀਨੀ ਬਣਾਈ ਗਈ ਹੈ ਤਾਂ ਜੋ ਫ਼ਸਲ ਨੂੰ ਮਿਥੇ ਸਮੇਂ ਵਿਚ ਚੁੱਕਿਆ ਜਾ ਸਕੇ।



ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਸ ਸੀਜਨ ਦੌਰਾਨ 17 ਫੀਸਦੀ ਨਮੀ ਨਿਰਧਾਰਤ ਕੀਤੀ ਗਈ ਜਿਸ ਨੂੰ ਕਿਸਾਨਾਂ ਵਲੋਂ ਪੂਰੀ ਤਰਜੀਹ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਲਗਭਗ 4.15 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਣ ਦੀ ਸੰਭਾਵਨਾ ਹੈ ਜਿਸ ਦੇ ਮੱਦੇਨਜ਼ਰ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਖੁਰਾਕ ਅਤੇ ਸਿਵਲ ਸਪਲਾਈਜ਼ ਵਿਭਾਗ ਦੇ ਅਧਿਕਾਰੀਆਂ ਵਲੋਂ ਮੰਡੀਆਂ ਵਿਚ ਪ੍ਰਬੰਧਾਂ ਦੀ ਰੈਗੂਲਰ ਸਮੀਖਿਆ ਕੀਤੀ ਜਾ ਰਹੀ ਹੈ ਤਾਂ ਜੋ ਕਿਸਾਨਾਂ, ਆੜ੍ਹਤੀਆਂ ਅਤੇ ਕਾਮਿਆਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ।

ਉਨ੍ਹਾਂ ਦੱਸਿਆ ਕਿ ਖਰੀਦ ਏਜੰਸੀਆਂ ਵਿਚ ਮਾਰਕਫੈਡ, ਪਨਗ੍ਰੇਨ, ਪਨਸਪ, ਪੰਜਾਬ ਵੇਅਰਹਾਊਸ ਅਤੇ ਐਫ.ਸੀ.ਆਈ. ਸ਼ਾਮਲ ਹਨ ਜੋ ਕਿਸਾਨਾਂ ਦੀ ਫ਼ਸਲ ਨੂੰ ਖਰੀਦਣਗੀਆਂ । ਜ਼ਿਕਰਯੋਗ ਹੈ ਕਿ ਇਸ ਸੀਜਨ ਦੌਰਾਨ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 2,461 ਰੁਪਏ ਪ੍ਰਤੀ ਕੁਇੰਟਲ ਤੈਅ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਫ਼ਸਲ ਖਰੀਦ ਹੋਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਬਣਦੀ ਅਦਾਇਗੀ ਕਰਨ ਦੇ ਨਾਲ-ਨਾਲ ਫੌਰੀ ਲਿਫਟਿੰਗ ਨੂੰ ਯਕੀਨੀ ਬਣਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਇਨ ਨਾਲ ਝੋਨੇ ਦੀ ਕਟਾਈ 'ਤੇ ਪਾਬੰਦੀ ਲਗਾਈ ਗਈ ਹੈ ਜਿਸ ਨੂੰ ਹਰ ਹਾਲ ਬਰਕਰਾਰ ਰੱਖਿਆ ਜਾਵੇ।

# ਇਲੈਕਟੋਰਲ ਰੋਲ ਅਬਜ਼ਰਵਰ ਅਰਸ਼ਦੀਪ ਸਿੰਘ ਥਿੰਦ ਵੱਲੋਂ ਲੁਧਿਆਣਾ ਦੇ ਵੱਖ-ਵੱਖ ਪੋਲਿੰਗ ਬੂਥਾਂ ਦਾ ਨਿਰੀਖਣ

**ਲੁਧਿਆਣਾ, 7 ਅਕਤੂਬਰ**
**-ਜਗਮੇਲ ਸਿੰਘ ਢਿਲੋਂ-**

ਇਲੈਕਟੋਰਲ ਰੋਲ ਅਬਜ਼ਰਵਰ ਸ੍ਰੀ ਅਰਸ਼ਦੀਪ ਸਿੰਘ ਥਿੰਦ, ਆਈ.ਏ.ਐਸ. ਵੱਲੋਂ ਜ਼ਿਲ੍ਹਾ ਲੁਧਿਆਣਾ ਦੇ ਵੱਖ-ਵੱਖ ਵਿਧਾਨ ਸਭਾ ਚੋਣ ਹਲਕਿਆਂ ਅਧੀਨ ਪੈਂਦੇ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਵੋਟਰ ਸੂਚੀਆਂ ਦੀ ਤਿਆਰੀ ਅਤੇ ਸੋਧ ਸਬੰਧੀ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ ਗਿਆ।



ਦੌਰੇ ਦੌਰਾਨ ਸ੍ਰੀ ਥਿੰਦ ਵੱਲੋਂ ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ ਲਈ ਪ੍ਰਾਪਤ ਫਾਰਮ ਨੰਬਰ 6 ਅਤੇ ਵੋਟਰ ਕਾਰਡਾਂ ਵਿੱਚ ਦਰੁਸਤੀ ਲਈ ਪ੍ਰਾਪਤ ਫਾਰਮ ਨੰਬਰ 8 ਦੀ ਮੌਕੇ 'ਤੇ ਜਾਂਚ ਕੀਤੀ ਗਈ।

ਇਲੈਕਟੋਰਲ ਰੋਲ ਅਬਜ਼ਰਵਰ ਨੇ ਵਿਧਾਨ ਸਭਾ ਚੋਣ ਹਲਕਾ 68-ਦਾਖਾ ਅਧੀਨ ਮੁਲਾਂਪੁਰ ਦਾਖਾ ਵਿਖੇ ਪੋਲਿੰਗ ਬੂਥਾਂ ਦਾ ਦੌਰਾ ਕਰਦਿਆਂ ਨਵੀਆਂ 5 ਵੋਟਾਂ ਬਣਾਉਣ ਲਈ ਭਰੇ ਗਏ ਫਾਰਮ ਨੰਬਰ 6 ਦੀ ਜਾਂਚ ਕੀਤੀ। ਇਸੇ ਤਰ੍ਹਾਂ ਵਿਧਾਨ ਸਭਾ ਚੋਣ ਹਲਕਾ 69-ਰਾਏਕੋਟ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਨਵੀਂ ਅਬਾਦੀ, ਅਕਾਲਗੜ੍ਹ, ਬਲਾਕ ਸੁਧਾਰ ਵਿਖੇ ਪੋਲਿੰਗ ਬੂਥ ਦਾ ਨਿਰੀਖਣ ਕਰਕੇ 6 ਨਵੀਆਂ ਵੋਟਾਂ ਲਈ ਪ੍ਰਾਪਤ ਫਾਰਮ ਨੰਬਰ 6 ਦੀ ਚੈਕਿੰਗ ਕੀਤੀ ਗਈ।

ਇਸ ਤੋਂ ਬਾਅਦ ਵਿਧਾਨ ਸਭਾ ਚੋਣ ਹਲਕਾ 70-ਜਗਰਾਓਂ ਅਧੀਨ ਸਕੂਲ ਆਫ਼ ਐਮੀਨੈਂਸ, ਜਗਰਾਓਂ ਅਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਜਗਰਾਓਂ ਵਿਖੇ ਪੋਲਿੰਗ ਬੂਥਾਂ ਦਾ ਨਿਰੀਖਣ ਕੀਤਾ ਗਿਆ। ਇੱਥੇ ਵੀ 6 ਨਵੀਆਂ ਵੋਟਾਂ ਬਣਾਉਣ ਲਈ ਭਰੇ ਗਏ ਫਾਰਮ ਨੰਬਰ 6 ਦੀ ਜਾਂਚ ਕੀਤੀ ਗਈ।

# ਸਾਬਕਾ ਕੈਬਨਿਟ ਮੰਤਰੀ ਡਾਕਟਰ ਦਲਜੀਤ ਸਿੰਘ ਚੀਮਾ ਵੱਲੋਂ ਰੂਪਨਗਰ ਸ਼ਹਿਰ ਤੋਂ ਡੋਰ ਟੂ ਡੋਰ ਪ੍ਰੋਗਰਾਮ ਦੀ ਸ਼ੁਰੂਆਤ



**ਰੂਪਨਗਰ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਡਾਕਟਰ ਦਲਜੀਤ ਸਿੰਘ ਚੀਮਾ ਵੱਲੋਂ ਰੂਪਨਗਰ ਸ਼ਹਿਰ ਤੋਂ ਡੋਰ ਟੂ ਡੋਰ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ । ਇਸ ਮੌਕੇ ਪਤਰਕਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੱਸਿਆ ਕਿ ਪਾਰਟੀ ਵੱਲੋਂ ਅੱਜ ਤੋਂ ਸਾਰੇ ਪੰਜਾਬ ਵਿੱਚ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੀ ਅੱਜ ਹੀ ਹਲਕਾ ਗਿੱਦੜਬਾਹਾ ਤੋਂ ਇਸ ਮੁਹਿੰਮ ਦੀ ਸ਼ੁਰੂਆਤ ਕਰ ਰਹੇ ਹਨ । ਉਹਨਾਂ ਵਲੋਂ ਅੱਜ ਵਾਰਡ ਨੰਬਰ 15 ਦੇ ਸਾਹਿਬਜ਼ਾਦਾ ਜੁਝਾਰ ਸਿੰਘ ਨਗਰ ਤੋਂ ਇਹ ਮੁਹਿੰਮ ਸ਼ੁਰੂ ਕਰਦੇ ਹੋਏ ਕਈ ਘਰਾਂ ਵਿੱਚ ਗਏ ਜਿੱਥੇ ਉਨ੍ਹਾਂ ਨੇ ਸ਼ਹਿਰ ਵਾਸੀਆਂ ਦੇ ਫਾਰਮ ਭਰੇ ਜਿਹਨਾਂ ਵਿੱਚ ਪੰਜਾਬ ਦੇ ਮੁੱਖ ਮੁੱਦਿਆਂ ਬਾਰੇ ਸਵਾਲ ਕੀਤੇ ਗਏ ਹਨ ਜਿਹਨਾਂ ਵਿੱਚ ਬੇਰੁਜ਼ਗਾਰੀ, ਨਸ਼ਾ (ਚਿੱਟਾ), ਫ਼ਸਲਾਂ ਤੇ ਐਮ ਐਸ ਪੀ, ਅਮਨ ਤੇ ਕਾਨੂੰਨ ਦੀ ਸਥਿਤੀ,ਮੁੱਖ ਮੰਤਰੀ ਭਗਵੰਤ ਮਾਨ ਵਲੋਂ ਕੀਤੀ ਗਈ ਬੇਅਦਬੀ, ਝੂਠੇ ਪੁਲਸ ਮੁਕਾਬਲੇ,ਗੈਂਗਸਟਰਾਂ ਦਾ ਰਾਜ,ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਇਸ਼ਤਿਹਾਰਬਾਜ਼ੀ ਤੇ ਫਜ਼ੂਲ ਖਰਚੀ,ਮਹਿਲਾਵਾਂ ਨਾਲ ਧੋਖਾ,ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਦਾ ਬੁਰਾ ਹਾਲ, ਪੰਜਾਬ ਤੇ ਕਰਜ਼ਾ,ਨਾਕਾਮ ਕਾਨੂੰਨ ਵਿਵਸਥਾ,ਮਹਿੰਗਾਈ,ਠੱਪ ਪਏ ਵਿਕਾਸ ਕਾਰਜ ਅਤੇ ਬਿਜਲੀ ਦੇ ਕੱਟਾਂ ਵਰਗੇ ਮੁੱਖ ਮੁੱਦਿਆਂ ਦਾ ਜ਼ਿਕਰ ਕਰਦਿਆਂ ਵੋਟਰਾਂ ਨੂੰ ਸਵਾਲ ਪੁੱਛਿਆ ਗਿਆ ਹੈ ਕਿ ਪੰਜਾਬ ਵਿੱਚ ਮੁੱਖ ਮੁੱਦੇ ਕਿਹੜੇ ਹਨ । ਇਸ ਤੋਂ ਇਲਾਵਾ ਇੱਕ ਹੋਰ ਪਰਚੇ ਰਾਹੀਂ ਬਾਦਲ ਸਰਕਾਰ ਵਲੋਂ ਸ਼ੁਰੂ ਕੀਤੀਆਂ ਭਲਾਈ ਯੋਜਨਾਵਾਂ ਦਾ ਜ਼ਿਕਰ ਕੀਤਾ ਗਿਆ ਹੈ ਅਤੇ ਨਾਲ ਹੀ ਮਾਨ ਸਰਕਾਰ ਦੀਆਂ 17 ਨਾਕਾਮੀਆਂ ਜਿਹਨਾਂ ਵਿੱਚ ਮੁੱਖ ਤੌਰ ਤੇ ਦਿੱਲੀ ਵਾਲਿਆਂ ਦਾ ਸਰਕਾਰ ਤੇ ਕਬਜ਼ਾ,ਕਰਜ਼ੇ ਦੇ ਬੋਝ ਥੱਲੇ ਦੱਬਿਆ ਪੰਜਾਬ,ਕੱਟੜ ਇਮਾਨਦਾਰ ਨਿਕਲੇ ਬੇਈਮਾਨ ਅਤੇ ਵਿਕਾਸ ਦੀ ਥਾਂ ਸਰਵਨਾਸ਼ ਆਦਿਕ ਮੁੱਦਿਆਂ ਬਾਰੇ ਜ਼ਿਕਰ ਕੀਤਾ ਗਿਆ ਹੈ । ਵਾਰਡ ਵਾਸੀਆਂ ਵੱਲੋਂ ਇਸ ਮੁਹਿੰਮ ਨੂੰ ਭਰਵਾਂ ਸਮਰਥਨ ਮਿਲਿਆ । ਖ਼ਾਸ ਤੌਰ ਤੇ ਔਰਤਾਂ ਅਤੇ ਨੌਜਵਾਨਾਂ ਨੇ ਬਹੁਤ ਦਿਲਚਸਪੀ ਵਿਖਾਈ । ਇਸ ਮੌਕੇ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਸ਼ਾਮਲ ਹੋਏ ਜਿਹਨਾਂ ਵਿਚ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਮੱਕੜ,ਪਾਰਟੀ ਦੇ ਜਥੇਬੰਦਕ ਸਕੱਤਰ ਗੁਰਮੁੱਖ ਸਿੰਘ ਸੈਣੀ, ਅਨੁਸੂਚਿਤ ਜਾਤੀ ਵਿੰਗ ਦੇ ਮੀਤ ਪ੍ਰਧਾਨ ਆਰ ਪੀ ਸਿੰਘ ਸ਼ੈਲੀ,ਸੁਖਇੰਦਰ ਪਾਲ ਸਿੰਘ ਬੌਬੀ ਬੋਲਾ,ਕੌਂਸਲਰ ਸੁਖਵਿੰਦਰ ਸਿੰਘ ਪਟਵਾਰੀ, ਕੌਂਸਲਰ ਗੁਰਵਿੰਦਰ ਸਿੰਘ ਬਾਵਾ,ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਰੁਪਿੰਦਰ ਸਿੰਘ ਲੱਖੇਵਾਲ, ਸ਼ਹਿਰੀ ਪ੍ਰਧਾਨ ਤਰਨਜੀਤ ਸਿੰਘ ਤਰਨੀ, ਇਸਤਰੀ ਅਕਾਲੀ ਦਲ ਦੀ ਹਲਕਾ ਪ੍ਰਧਾਨ ਬੀਬਾ ਚਰਨਜੀਤ ਕੌਰ ਮਲਕਪੁਰ, ਸ਼ਹਿਰੀ ਪ੍ਰਧਾਨ ਬਲਵਿੰਦਰ ਕੌਰ ਸ਼ਾਮਪੁਰਾ,ਅਨੁਸੂਚਿਤ ਜਾਤੀ ਵਿੰਗ ਦੇ ਪ੍ਰਧਾਨ ਰਜਿੰਦਰ ਕੁਮਾਰ, ਬੀ ਸੀ ਵਿੰਗ ਦੇ ਪ੍ਰਧਾਨ ਚੌਧਰੀ ਵੇਦ ਪ੍ਰਕਾਸ਼, ਲੀਗਲ ਵਿੰਗ ਦੇ ਪ੍ਰਧਾਨ ਐਡਵੋਕੇਟ ਰਾਜੀਵ ਸ਼ਰਮਾ, ਕ੍ਰਿਸ਼ਚੀਅਨ ਵਿੰਗ ਦੇ ਪ੍ਰਧਾਨ ਸੁਨੀਲ ਪੌਲ, ਮਾਸਟਰ ਅਮਰੀਕ ਸਿੰਘ ;ਸ਼ਾਮਲ ਸਨ।

# ਵਾਅਦਿਆਂ ਦੀ ਥਾਂ ਕੰਮ ਦਾ ਹਿਸਾਬ, ਅਰਸ਼ ਸੱਚਰ ਨੇ ਲੋਕਾਂ ਅੱਗੇ ਰੱਖਿਆ ਰਿਪੋਰਟ ਕਾਰਡ



**ਫਰੀਦਕੋਟ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਿਸ਼ਨ 2027 ਤਹਿਤ ਸਮਾਜ ਸੇਵੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਰਸ਼ ਸੱਚਰ ਨੇ ਫਰੀਦਕੋਟ ਦੇ ਲੋਕਾਂ ਨਾਲ ਸਬੰਧਤ ਮੁੱਦਿਆਂ ਲਈ ਸਰਕਾਰ ਅਤੇ ਪ੍ਰਸ਼ਾਸਨ ਕੋਲ ਕੀਤੀ ਪੈਰਵੀ ਦਾ 'ਮੇਰਾ ਰਿਪੋਰਟ ਕਾਰਡ' ਪੇਸ਼ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਰਾਜਨੀਤੀ ਦਾ ਕੇਂਦਰ ਚੋਣਾਂ ਸਮੇਂ ਵਾਅਦੇ ਕਰਨ ਦੀ ਬਜਾਏ ਲੋਕਾਂ ਦੀਆਂ ਰੋਜ਼ਾਨਾ ਸਮੱਸਿਆਵਾਂ ਨੂੰ ਉਠਾਉਣਾ ਅਤੇ ਉਨ੍ਹਾਂ ਦੇ ਹੱਲ ਲਈ ਲਗਾਤਾਰ ਪੈਰਵੀ ਕਰਨਾ ਹੈ।

ਅਰਸ਼ ਸੱਚਰ ਨੇ ਦੱਸਿਆ ਕਿ ਸਰਕਾਰੀ ਹਸਪਤਾਲਾਂ ਵਿੱਚ ਇਲਾਜ, ਮੈਡੀਕਲ ਸਹੂਲਤਾਂ, ਸਫ਼ਾਈ, ਐਮਰਜੈਂਸੀ ਸੇਵਾਵਾਂ ਅਤੇ ਪ੍ਰਬੰਧਾਂ ਵਿੱਚ ਸੁਧਾਰ ਸਬੰਧੀ ਮੁੱਦੇ ਉਠਾਏ ਗਏ ਹਨ। ਇਸ ਤੋਂ ਇਲਾਵਾ ਨਸ਼ਾ ਮੁਕਤੀ ਲਈ ਨੌਜਵਾਨਾਂ ਤੇ ਪਰਿਵਾਰਾਂ ਨੂੰ ਜੋੜਨ, ਇਲਾਜ ਲਈ ਸਹਿਯੋਗ ਅਤੇ ਪਿੰਡਾਂ-ਵਾਰਡਾਂ ਵਿੱਚ ਜਾਗਰੂਕਤਾ ਵਧਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ, ਦਿਵਿਆਂਗਜਨਾਂ, ਸੀਨੀਅਰ ਸਿਟੀਜ਼ਨਾਂ, ਵਪਾਰੀਆਂ, ਗਊਸ਼ਾਲਾਵਾਂ, ਸਫ਼ਾਈ, ਪਿੰਡਾਂ-ਵਾਰਡਾਂ ਦੇ ਵਿਕਾਸ ਅਤੇ ਬੁਨਿਆਦੀ ਸਹੂਲਤਾਂ ਨਾਲ ਜੁੜੇ ਮੁੱਦੇ ਵੀ ਸਰਕਾਰ ਦੇ ਧਿਆਨ ਵਿੱਚ ਲਿਆਂਦੇ ਗਏ ਹਨ।

ਨੌਜਵਾਨਾਂ ਲਈ ਰੁਜ਼ਗਾਰ, ਕਰੀਅਰ ਮਾਰਗਦਰਸ਼ਨ, ਸਕਾਲਰਸ਼ਿਪ, ਸਵੈ-ਰੁਜ਼ਗਾਰ ਅਤੇ ਖੇਡਾਂ ਨਾਲ ਜੋੜਨ ਨੂੰ ਮਿਸ਼ਨ 2027 ਦਾ ਹਿੱਸਾ ਦੱਸਦਿਆਂ ਉਨ੍ਹਾਂ ਕਿਹਾ ਕਿ ਅੱਗੇ ਵੀ ਕੀਤੇ ਕੰਮਾਂ ਅਤੇ ਬਾਕੀ ਰਹਿੰਦੇ ਮੁੱਦਿਆਂ ਦਾ ਵੇਰਵਾ ਲੋਕਾਂ ਸਾਹਮਣੇ ਰੱਖਿਆ ਜਾਵੇਗਾ।

# ਪਰਾਲੀ ਨਾ ਸਾੜਨ ਅਤੇ ਸੁਚੱਜੇ ਪ੍ਰਬੰਧਨ ਲਈ ਪਿੰਡ ਪੱਧਰੀ ਕੈਂਪ ਲਗਾ ਕੇ ਕਿਸਾਨਾਂ ਨੂੰ ਕੀਤਾ ਜਾਗਰੂਕ



**ਨਾਭਾ, 7 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖੇਤੀਬਾੜੀ ਅਫ਼ਸਰ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਬਲਾਕ ਖੇਤੀਬਾੜੀ ਅਫ਼ਸਰ ਨਾਭਾ ਦੀ ਅਗਵਾਈ ਹੇਠ ਬਲਾਕ ਨਾਭਾ ਦੇ ਪਿੰਡ ਅਭੈਪੁਰ, ਬਾਬਰਪੁਰ, ਟੌਹੜਾ, ਘਮਰੌਦਾ, ਹਿਆਣਾ ਖੁਰਦ, ਫਤਿਹਪੁਰ ਆਦਿ ਵਿੱਚ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਅਤੇ ਇਸ ਦੇ ਸੁਚੱਜੇ ਪ੍ਰਬੰਧਨ ਲਈ ਲਗਾਤਾਰ ਪਿੰਡ ਪੱਧਰੀ ਕੈਂਪ ਲਗਾਏ ਜਾ ਰਹੇ ਹਨ।

ਕੈਂਪਾਂ ਦੌਰਾਨ ਖੇਤੀਬਾੜੀ ਵਿਭਾਗ ਨਾਭਾ ਵੱਲੋਂ ਕਿਸਾਨਾਂ ਨੂੰ ਦੱਸਿਆ ਗਿਆ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ, ਉੱਥੇ ਹੀ ਜ਼ਮੀਨ ਦੇ ਮਿੱਤਰ ਕੀੜੇ ਵੀ ਮਰ ਜਾਂਦੇ ਹਨ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ 'ਤੇ ਮਾੜਾ ਅਸਰ ਪੈਂਦਾ ਹੈ। ਪਰਾਲੀ ਸਾੜਨ ਤੋਂ ਪੈਦਾ ਹੋਣ ਵਾਲੇ ਧੂੰਏਂ ਕਾਰਨ ਸਾਹ ਦੀਆਂ ਬਿਮਾਰੀਆਂ, ਅੱਖਾਂ ਵਿੱਚ ਜਲਣ ਅਤੇ ਹੋਰ ਕਈ ਸਿਹਤ ਸਮੱਸਿਆਵਾਂ ਪੈਦਾ ਹੋ ਸਕਦੀਆਂ ਹਨ।

ਕੈਂਪ ਦੌਰਾਨ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਆਧੁਨਿਕ ਖੇਤੀ ਮਸ਼ੀਨਰੀ ਜਿਵੇਂ ਸੁਪਰ ਸੀਡਰ, ਹੈਪੀ ਸੀਡਰ, ਸਰਫੇਸ ਸੀਡਰ, ਸਮਾਰਟ ਸੀਡਰ ਅਤੇ ਬੇਲਰ ਆਦਿ ਦੀ ਵਰਤੋਂ ਸਬੰਧੀ ਜਾਣਕਾਰੀ ਦਿੱਤੀ ਗਈ। ਖੇਤੀਬਾੜੀ ਮਾਹਰਾਂ ਨੇ ਦੱਸਿਆ ਕਿ ਪਰਾਲੀ ਨੂੰ ਜ਼ਮੀਨ ਵਿੱਚ ਮਿਲਾਉਣ ਨਾਲ ਮਿੱਟੀ ਵਿੱਚ ਜੈਵਿਕ ਮਾਦੇ (ਔਰਗੈਨਿਕ ਮੈਟਰ) ਦੀ ਮਾਤਰਾ ਵਧਦੀ ਹੈ, ਜਿਸ ਨਾਲ ਜ਼ਮੀਨ ਦੀ ਗੁਣਵੱਤਾ ਵਿੱਚ ਸੁਧਾਰ ਹੋਣ ਦੇ ਨਾਲ-ਨਾਲ ਅਗਲੀ ਫ਼ਸਲ ਦੇ ਝਾੜ ਵਿੱਚ ਵੀ ਵਾਧਾ ਹੁੰਦਾ ਹੈ।

ਇਸ ਮੌਕੇ ਕਿਸਾਨਾਂ ਨੂੰ ਵਿਭਾਗ ਵੱਲੋਂ ਖੇਤੀ ਮਸ਼ੀਨਰੀ 'ਤੇ ਦਿੱਤੀ ਜਾ ਰਹੀ ਸਬਸਿਡੀ ਅਤੇ ਹੋਰ ਸਰਕਾਰੀ ਯੋਜਨਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ।

ਵਿਭਾਗ ਦੇ ਨੁਮਾਇੰਦਿਆਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਲਈ ਪਰਾਲੀ ਨੂੰ ਅੱਗ ਨਾ ਲਗਾਉਣ ਅਤੇ 'ਜ਼ੀਰੋ ਬਰਨਿੰਗ' ਦਾ ਸੁਨੇਹਾ ਅਮਲ ਵਿੱਚ ਲਿਆਉਣ।

ਕੈਂਪ ਦੇ ਅਖੀਰ ਵਿੱਚ ਸਮੂਹ ਕਿਸਾਨਾਂ ਨੇ ਪਰਾਲੀ ਨਾ ਸਾੜਨ ਅਤੇ ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਵਿੱਚ ਆਪਣਾ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।



# ਹਰਿਆਣਾ ਖ਼ਬਰਨਾਮਾ



## ‘ਨਮੋ ਸੇਵਾ ਅਣਕਹੀ ਕਹਾਣੀਆਂ’ ਤਹਿਤ ਨੁੱਕੜ ਨਾਟਕ ਰਾਹੀਂ ਜਨ-ਸੇਵਾ ਅਤੇ ਰਾਸ਼ਟਰ ਨਿਰਮਾਣ ਦਾ ਦਿੱਤਾ ਸੰਦੇਸ਼

**ਚੰਡੀਗੜ੍ਹ, 7 ਅਕਤੂਬਰ**
**-ਸੰਜੀਵ ਸਿੰਗਲਾ-**



ਨਮੋ ਸੇਵਾ ਅਣਕਹੀ ਕਹਾਣੀਆਂ’ ਮੁਹਿੰਮ ਤਹਿਤ ਮੰਗਲਵਾਰ ਨੂੰ ਸਰਕਾਰੀ ਹਾਈ ਸਕੂਲ ਨੂਰਵਾਲਾ, ਪਾਣੀਪਤ ਵਿੱਚ ਨੁੱਕੜ ਨਾਟਕ ਦਾ ਆਯੋਜਨ ਕੀਤਾ ਗਿਆ।

ਪ੍ਰੋਗਰਾਮ ਵਿੱਚ ਹਰਿਆਣਾ ਦੇ ਸਿੱਖਿਆ ਮੰਤਰੀ ਸ਼੍ਰੀ ਮਹੀਪਾਲ ਢਾਂਡਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਨੁੱਕੜ ਨਾਟਕ ਰਾਹੀਂ ਸਮਾਜਿਕ ਸਰੋਕਾਰ, ਜਨ-ਸੇਵਾ, ਰਾਸ਼ਟਰ ਹਿੱਤ ਅਤੇ ਸਮਾਜ ਦੇ ਆਖਰੀ ਵਿਅਕਤੀ ਤੱਕ ਵਿਕਾਸ ਦਾ ਲਾਭ ਪਹੁੰਚਾਉਣ ਦਾ ਪ੍ਰਭਾਵਸ਼ਾਲੀ ਸੰਦੇਸ਼ ਦਿੱਤਾ ਗਿਆ।

ਸਿੱਖਿਆ ਮੰਤਰੀ ਨੇ ਪ੍ਰੋਗਰਾਮ ਦੌਰਾਨ ਕਲਾਕਾਰਾਂ ਵੱਲੋਂ ਪੇਸ਼ ਕੀਤੇ ਗਏ ਨੁੱਕੜ ਨਾਟਕ ਦਾ ਜਾਇਜ਼ਾ ਲਿਆ ਅਤੇ ਉਨ੍ਹਾਂ ਦੀ ਪੇਸ਼ਕਾਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਨੁੱਕੜ ਨਾਟਕ ਵਰਗੇ ਸ਼ਕਤਿਸ਼ਾਲੀ ਮਾਧਿਅਮ ਸਮਾਜ ਵਿੱਚ ਸਿੱਧੀ ਗੱਲਬਾਤ ਕਾਇਮ ਕਰਦੇ ਹਨ ਅਤੇ ਗੁੰਝਲਦਾਰ ਵਿਸ਼ਿਆਂ ਨੂੰ ਵੀ ਸਰਲ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਸਿੱਖਿਆ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਸੇਵਾ, ਸੁਸ਼ਾਸਨ ਅਤੇ ਜਨ-ਕਲਿਆਣ ਨੂੰ ਕੇਂਦਰ ਵਿੱਚ ਰੱਖ ਕੇ ਕਈ ਜਨ-ਹਿਤਕਾਰੀ ਕੰਮ ਕੀਤੇ ਜਾ ਰਹੇ ਹਨ। ’ਨਮੋ ਸੇਵਾ ਅਣਕਹੀ ਕਹਾਣੀਆਂ’ ਰਾਹੀਂ ਅਜਿਹੇ ਕੰਮਾਂ ਅਤੇ ਉਨ੍ਹਾਂ ਨਾਲ ਜੁੜੇ ਸਕਾਰਾਤਮਕ ਬਦਲਾਵਾਂ ਨੂੰ ਰਚਨਾਤਮਕ ਮਾਧਿਅਮ ਰਾਹੀਂ ਆਮ ਲੋਕਾਂ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ।

ਸਿੱਖਿਆ ਮੰਤਰੀ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਰਾਸ਼ਟਰ ਨਿਰਮਾਣ ਦੀ ਪ੍ਰਕਿਰਿਆ ਨਾਲ ਜੋੜਨਾ ਸਮੇਂ ਦੀ ਲੋੜ ਹੈ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਿੰਗਾਪੁਰ ਸਥਿਤ ਸੁਰਬਾਨਾ ਜੁਰੋਂਗ ਦਾ ਕੀਤਾ ਦੌਰਾ

**ਚੰਡੀਗੜ੍ਹ 7 ਅਕਤੂਬਰ**
**-ਛਤਰਪਾਲ ਸਿੰਘ-**



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਸਿੰਗਾਪੁਰ ਸਥਿਤ ਵਿਸ਼ਵ ਪ੍ਰਸਿੱਧ ਸ਼ਹਿਰੀ ਵਿਕਾਸ ਅਤੇ ਬੁਨਿਆਦੀ ਢਾਂਚਾ ਸੁਰਬਾਨਾ ਜੁਰੋਂਗ ਦਾ ਦੌਰਾ ਕੀਤਾ। ਇਸ ਦੌਰੇ ਦਾ ਮੁੱਖ ਉਦੇਸ਼ ਹਰਿਆਣਾ ਵਿੱਚ ਵਿਕਸਿਤ ਕੀਤੀ ਜਾ ਰਹੀ ਨਵੀਂ ਉਦਯੋਗਿਕ ਮਾਡਲ ਟਾਊਨਸ਼ਿਪ ਲਈ ਆਧੁਨਿਕ, ਇੰਟੀਗ੍ਰੇਟਿਡ ਅਤੇ ਭਵਿੱਖਮੁਖੀ ਵਿਵਸਥਾਵਾਂ ਨੂੰ ਸਮਝਣਾ ਅਤੇ ਉਹਨਾਂ ਦਾ ਅਧਿਐਨ ਕਰਨਾ ਸੀ।

ਦੌਰੇ ਦੌਰਾਨ ਮੁੱਖ ਮੰਤਰੀ ਨੇ ਵੱਖ-ਵੱਖ ਕਾਰੋਬਾਰੀ ਇਕਾਈਆਂ ਨੂੰ ਇੱਕ ਹੀ ਸਥਾਨ ’ਤੇ ਇੱਕਠੇ ਵਿਕਸਿਤ ਕਰਨ ਦੀ ਸੰਚਾਲਨ ਪ੍ਰਕਿਰਿਆ ਦਾ ਗੰਭੀਰਤਾ ਨਾਲ ਅਧਿਐਨ ਕੀਤਾ। ਉਹਨਾਂ ਨੇ ਵਾਟਰ ਟ੍ਰੀਟਮੈਂਟ ਤੋਂ ਲੈ ਕੇ ਸੁਚਾਰੂ ਟ੍ਰੈਫਿਕ ਪ੍ਰਬੰਧਨ ਤੱਕ ਦੀਆਂ ਸਮੁੱਚੀਆਂ ਬਾਰੀਕੀਆਂ ਨੂੰ ਵਿਸਥਾਰ ਨਾਲ ਸਮਝਿਆ।

ਨਾਲ ਹੀ, ਕਾਰੋਬਾਰੀ ਇਕਾਈਆਂ ਦੇ ਨਾਲ-ਨਾਲ ਮੈਨਪਾਵਰ ਲਈ ਵਿਵਸਥਿਤ, ਸੁਵਿਧਾਜਨਕ ਅਤੇ ਬਿਹਤਰ ਕੰਮਕਾਜੀ ਮਾਹੌਲ ਤਿਆਰ ਕਰਨ ਸੰਬੰਧੀ ਪ੍ਰਬੰਧਾਂ ’ਤੇ ਵਿਸ਼ੇਸ਼ ਧਿਆਨ ਦਿੱਤਾ।

ਮੁੱਖ ਮੰਤਰੀ ਨੇ ਇਸ ਮੌਕੇ ’ਤੇ ਕਿਹਾ ਕਿ ਹਰਿਆਣਾ ਵਿੱਚ ਉਦਯੋਗਾਂ ਲਈ ਹਾਂ-ਪੱਖੀ ਅਤੇ ਨਿਵੇਸ਼ਕ-ਪੱਖੀ ਮਾਹੌਲ ਤਿਆਰ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ। ਇਸ ਦੌਰੇ ਦਾ ਟੀਚਾ ਰਾਜ ਵਿੱਚ ਉਦਯੋਗਿਕ ਵਿਕਾਸ ਨੂੰ ਨਵੀਂ ਦਿਸ਼ਾ ਦੇਣਾ ਅਤੇ ਭਵਿੱਖ ਦੀਆਂ ਜ਼ਰੂਰਤਾਂ ਦੇ ਅਨੁਕੂਲ ਆਧੁਨਿਕ ਸਹੂਲਤਾਂ ਨਾਲ ਲੈਸ ਸ਼ਹਿਰਾਂ ਅਤੇ ਉਦਯੋਗਿਕ ਖੇਤਰਾਂ ਦਾ ਵਿਕਾਸ ਕਰਨਾ ਹੈ।

ਸੁਰਬਾਨਾ ਜੁਰੋਂਗ ਦੇ ਮਾਹਰਾਂ ਨਾਲ ਚਰਚਾ ਦੌਰਾਨ ਮੁੱਖ ਮੰਤਰੀ ਨੇ ਭਵਿੱਖ ਦੇ ਸ਼ਹਿਰਾਂ ਨੂੰ ਵਿਕਸਿਤ ਕਰਨ ਅਤੇ ਆਧੁਨਿਕ ਸਹੂਲਤਾਂ ਦੇ ਨਾਲ ਮਜ਼ਬੂਤ ਪ੍ਰਬੰਧ ਬਣਾਉਣ ਦੀ ਪ੍ਰਕਿਰਿਆ ਨੂੰ ਨੇੜਿਓਂ ਦੇਖਿਆ।

## ਹਰਿਆਣਾ ਦੀਆਂ ਸੜਕਾਂ ਦੀ ਬਦਲੇਗੀ ਤਸਵੀਰ, ਭਵਿੱਖ ਦੀ ਲੋੜ ਦੇ ਹਿਸਾਬ ਨਾਲ ਬਣੇਗੀ ਯੋਜਨਾ

**ਚੰਡੀਗੜ੍ਹ, 7 ਅਕਤੂਬਰ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਤੇਜ਼ੀ ਨਾਲ ਵਧਦੇ ਵਿਕਾਸ ਦੇ ਨਾਲ ਸੂਬੇ ਦੇ ਸੜਕ ਤੰਤਰ ਨੂੰ ਵੀ ਨਵੀਂ ਦਿਸ਼ਾ ਦੇਣ ਦੀ ਤਿਆਰੀ ਹੈ। ਵਧਦੇ ਆਵਾਜਾਈ ਦੇ ਬੋਝ, ਉਦਯੋਗਿਕ ਵਿਸਤਾਰ ਅਤੇ ਬਿਹਤਰ ਕਨੈਕਟੀਵਿਟੀ ਦੀ ਲੋੜ ਨੂੰ ਦੇਖਦੇ ਹੋਏ ਆਉਣ ਵਾਲੇ ਸਾਲਾਂ ਲਈ ਸੜਕਾਂ ਦੀ ਸਮਰੱਥਾ ਵਧਾਉਣ ਅਤੇ ਆਵਾਜਾਈ ਨੂੰ ਹੋਰ ਸੁਖਾਲਾ ਬਣਾਉਣ ’ਤੇ ਜ਼ੋਰ ਦਿੱਤਾ ਜਾ ਰਹਾ ਹੈ। ਗੁਜਰਾਤ ਦੇ ਨਰਮਦਾ ਜ਼ਿਲ੍ਹੇ ਦੇ ਏਕਤਾ ਨਗਰ ਵਿੱਚ ਆਯੋਜਿਤ ਦੋ ਰੋਜ਼ਾ ਰਾਸ਼ਟਰੀ ਚਿੰਤਨ ਸ਼ਿਵਿਰ ਦੇ ਆਖਰੀ ਦਿਨ ਲੋਕ ਨਿਰਮਾਣ ਅਤੇ ਜਨ ਸਿਹਤ ਇੰਜੀਨੀਅਰਿੰਗ ਮੰਤਰੀ ਰਣਬੀਰ ਗੰਗਵਾ ਨੇ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਕੇ ਹਰਿਆਣਾ ਦੀਆਂ ਭਵਿੱਖ ਦੀਆਂ ਸੜਕ ਯੋਜਨਾਵਾਂ ਨੂੰ ਲੈ ਕੇ ਚਰਚਾ ਕੀਤੀ।ਇਸ ਦੌਰਾਨ ਸੂਬੇ ਵਿੱਚ ਮਾਰਗਾਂ ਦੇ ਲੇਨ ਵਿਸਤਾਰ, ਮੁੱਖ ਸੜਕਾਂ ਦੀ ਸਮਰੱਥਾ ਵਧਾਉਣ, ਬਿਹਤਰ ਸੰਪਰਕ ਵਿਵਸਥਾ ਅਤੇ ਸੜਕ ਸੁਰੱਖਿਆ ਦੇ ਅਧੁਨਿਕ ਮਾਪਦੰਡਾਂ ਨੂੰ ਲੈ ਕੇ ਵਿਚਾਰ-ਵਟਾਂਦਰਾ ਹੋਇਆ। ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ ਹਰਿਆਣਾ ਦੀਆਂ ਸੜਕਾਂ ਹੁਣ ਮੌਜੂਦਾ ਲੋੜਾਂ ਦੇ ਨਾਲ-ਨਾਲ ਆਉਣ ਵਾਲੇ ਸਮੇਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀਆਂ ਜਾਣਗੀਆਂ।

ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਦੱਸਿਆ ਕਿ ਪ੍ਰਦੇਸ਼ ਵਿੱਚ ਜਿੱਥੇ ਟ੍ਰੈਫਿਕ ਦਾ ਦਬਾਅ ਲਗਾਤਾਰ ਵਧ ਰਿਹਾ ਹੈ ਜਾਂ ਆਉਣ ਵਾਲੇ ਸਮੇਂ ਵਿੱਚ ਵਧਣ ਦੀ ਸੰਭਾਵਨਾ ਹੈ, ਅਜਿਹੇ ਮੁੱਖ ਮਾਰਗਾਂ ਦੀ ਪਛਾਣ ਕਰਕੇ ਉਨ੍ਹਾਂ ਦੀ ਸਮਰੱਥਾ ਵਧਾਉਣ ਦੀ ਦਿਸ਼ਾ ਵਿੱਚ ਯੋਜਨਾ ਤਿਆਰ ਕੀਤੀ ਜਾਵੇਗੀ। ਲੋਕ ਨਿਰਮਾਣ ਵਿਭਾਗ ਇਨ੍ਹਾਂ ਮਾਰਗਾਂ ਦਾ ਅਧਿਐਨ ਕਰਕੇ ਲੋੜ ਅਨੁਸਾਰ ਲੇਨਾਂ ਵਧਾਉਣ ਲਈ ਸੜਕ ਪ੍ਰੋਜੈਕਟਾਂ ਦੇ ਪ੍ਰਸਤਾਵ ਤਿਆਰ ਕਰੇਗਾ। ਉਨ੍ਹਾਂ ਕਿਹਾ ਕਿ ਸੜਕ ਦਾ ਵਿਸਤਾਰ ਕੇਵਲ ਚੌੜਾਈ ਵਧਾਉਣ ਤੱਕ ਸੀਮਤ ਨਹੀਂ ਹੋਣਾ ਚਾਹੀਦਾ। ਲੋਕਾਂ ਦਾ ਸਫਰ ਆਸਾਨ ਹੋਵੇ, ਸਮੇਂ ਦੀ ਬਚਤ ਹੋਵੇ ਅਤੇ ਆਵਾਜਾਈ ਸੁਰੱਖਿਅਤ ਤੇ ਸੁਵਿਧਾਜਨਕ ਬਣੇ, ਇਸੇ ਸੋਚ ਦੇ ਨਾਲ ਸੜਕ ਯੋਜਨਾਵਾਂ ਨੂੰ ਅੱਗੇ ਵਧਾਇਆ ਜਾਵੇਗਾ।ਚਰਚਾ ਵਿੱਚ ਰਾਸ਼ਟਰੀ ਰਾਜਮਾਰਗਾਂ ’ਤੇ ਅਪਣਾਏ ਜਾ ਰਹੇ ਸੜਕ ਸੁਰੱਖਿਆ ਮਾਪਦੰਡਾਂ ਅਤੇ ਸੜਕ ਸੁਰੱਖਿਆ ਪ੍ਰੀਖਣ ਦੀ ਵਿਵਸਥਾ ਦਾ ਵੀ ਜ਼ਿਕਰ ਹੋਇਆ। ਸੜਕ ਦੀ ਬਣਤਰ, ਚੌਰਾਹਿਆਂ, ਸੰਕੇਤਕ ਵਿਵਸਥਾ, ਪੈਦਲ ਯਾਤਰੀਆਂ ਦੀ ਸੁਵਿਧਾ ਅਤੇ ਆਵਾਜਾਈ ਦੇ ਸੁਚਾਰੂ ਸੰਚਾਲਨ ਵਰਗੇ ਪਹਿਲੂਆਂ ਨੂੰ ਸੜਕ ਪ੍ਰੋਜੈਕਟਾਂ ਦੀ ਯੋਜਨਾ ਵਿੱਚ ਪਹਿਲਾਂ ਤੋਂ ਹੀ ਸ਼ਾਮਲ ਕਰਨ ’ਤੇ ਜ਼ੋਰ ਦਿੱਤਾ ਗਿਆ। ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ ਸੜਕ ਦੀ ਰਫ਼ਤਾਰ ਦੇ ਨਾਲ ਉਸ ਦੀ ਸੁਰੱਖਿਆ ਅਤੇ ਸੁਵਿਧਾ ਵੀ ਉੱਨੀ ਹੀ ਜ਼ਰੂਰੀ ਹੈ। ਪ੍ਰਦੇਸ਼ ਵਿੱਚ ਵੱਡੇ ਸੜਕ ਪ੍ਰੋਜੈਕਟਾਂ ਦੀ ਯੋਜਨਾ ਬਣਾਉਂਦੇ ਸਮੇਂ ਇਨ੍ਹਾਂ ਸਾਰੇ ਪਹਿਲੂਆਂ ਨੂੰ ਨਾਲ ਲੈ ਕੇ ਅੱਗੇ ਵਧਿਆ ਜਾਵੇਗਾ।



ਕੈਬਨਿਟ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਉਦਯੋਗ, ਵਪਾਰ ਅਤੇ ਸ਼ਹਿਰਾਂ ਦਾ ਵਿਸਤਾਰ ਤੇਜ਼ੀ ਨਾਲ ਹੋ ਰਿਹਾ ਹੈ। ਅਜਿਹੇ ਵਿੱਚ ਮਜ਼ਬੂਤ ਸੜਕ ਸੰਪਰਕ ਪ੍ਰਦੇਸ਼ ਦੀ ਵਿਕਾਸ ਯਾਤਰਾ ਨੂੰ ਹੋਰ ਗਤੀ ਦੇਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਬਿਹਤਰ ਸੜਕਾਂ ਪਿੰਡਾਂ, ਕਸਬਿਆਂ, ਸ਼ਹਿਰਾਂ ਅਤੇ ਉਦਯੋਗਿਕ ਖੇਤਰਾਂ ਵਿਚਕਾਰ ਆਵਾਜਾਈ ਨੂੰ ਆਸਾਨ ਬਣਾਉਣ ਦੇ ਨਾਲ-ਨਾਲ ਆਰਥਿਕ ਗਤੀਵਿਧੀਆਂ ਨੂੰ ਵੀ ਬਿਹਤਰ ਸੰਪਰਕ ਦੇਣਗੀਆਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਪ੍ਰਦੇਸ਼ ਸਰਕਾਰ ਸੇਵਾ ਦੇ ਸੰਕਲਪ ਨਾਲ ਲੋਕਾਂ ਨੂੰ ਬਿਹਤਰ ਕਨੈਕਟੀਵਿਟੀ ਅਤੇ ਸੁਗਮ ਆਵਾਜਾਈ ਉਪਲਬਧ ਕਰਵਾਉਣ ਲਈ ਸੜਕ ਢਾਂਚੇ ਨੂੰ ਮਜ਼ਬੂਤ ਕਰਨ ’ਤੇ ਕੰਮ ਕਰ ਰਹੀ ਹੈ। ਕੇਂਦਰ ਅਤੇ ਪ੍ਰਦੇਸ਼ ਸਰਕਾਰ ਦੇ ਬਿਹਤਰ ਤਾਲਮੇਲ ਨਾਲ ਸੜਕ ਪ੍ਰੋਜੈਕਟਾਂ ਨੂੰ ਯੋਜਨਾਬੱਧ ਤਰੀਕੇ ਨਾਲ ਅੱਗੇ ਵਧਾਇਆ ਜਾਵੇਗਾ।

ਦੌਰੇ ਦੌਰਾਨ ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਗੁਜਰਾਤ ਦੇ ਨਰਮਦਾ ਜ਼ਿਲ੍ਹੇ ਦੇ ਏਕਤਾ ਨਗਰ ਵਿੱਚ ਸਥਿਤ ਸਟੈਚੂ ਆਫ ਯੂਨਿਟੀ ਪਹੁੰਚ ਕੇ ਸਰਦਾਰ ਵੱਲਭਭਾਈ ਪਟੇਲ ਨੂੰ ਨਮਨ ਕੀਤਾ। ਉਨ੍ਹਾਂ ਕਿਹਾ ਕਿ ਸਰਦਾਰ ਪਟੇਲ ਦਾ ਜੀਵਨ ਦੇਸ਼ ਦੀ ਏਕਤਾ ਅਤੇ ਮਜ਼ਬੂਤ ਰਾਸ਼ਟਰ ਨਿਰਮਾਣ ਦੀ ਪ੍ਰੇਰਨਾ ਦਿੰਦਾ ਹੈ।

ਦੋ ਰੋਜ਼ਾ ਚਿੰਤਨ ਸ਼ਿਵਿਰ ਦੇ ਸਮਾਪਨ ਦੇ ਦਿਨ ਭਰ ਤੋਂ ਆਏ ਮੰਤਰੀਆਂ ਅਤੇ ਸੀਨੀਅਰ ਅਧਿਕਾਰੀਆਂ ਵਿਚਕਾਰ ਰਾਜਾਂ ਦੇ ਵਿਕਾਸ, ਸੜਕ ਅਤੇ ਬੁਨਿਆਦੀ ਢਾਂਚੇ, ਨਵੀਂ ਤਕਨਾਲੋਜੀ, ਸੜਕ ਸੁਰੱਖਿਆ ਅਤੇ ਆਉਣ ਵਾਲੇ ਸਮੇਂ ਦੀਆਂ ਲੋੜਾਂ ਨਾਲ ਜੁੜੇ ਵਿਸ਼ਿਆਂ ’ਤੇ ਅਨੁਭਵ ਸਾਂਝੇ ਕੀਤੇ ਗਏ।

## ਹਰਿਆਣਾ ਦੇ ਹਰ ਪਰਿਵਾਰ ਨੂੰ ਮਿਲੇਗੀ ਮਿਆਰੀ ਸਿਹਤ ਸੁਵਿਧਾ - ਸਿਹਤ ਮੰਤਰੀ

**ਚੰਡੀਗੜ੍ਹ, 7 ਅਕਤੂਬਰ**
**-ਹਰਮਨਪ੍ਰੀਤ ਕੌਰ-**



ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਪ੍ਰਦੇਸ਼ ਦੇ ਹਰ ਨਾਗਰਿਕ ਨੂੰ ਮਿਆਰੀ ਅਤੇ ਕਿਫ਼ਾਇਤੀ ਸਿਹਤ ਸੇਵਾਵਾਂ ਉਪਲਬਧ ਕਰਵਾਉਣ ਦੇ ਸੰਕਲਪ ਨੂੰ ਦੁਹਰਾਉਂਦਿਆਂ ਚਿਰਾਯੂ ਆਯੁਸਮਾਨ ਭਾਰਤ ਯੋਜਨਾ ਦੇ ਵਿਆਪਕ ਵਿਸਤਾਰ ਦਾ ਐਲਾਨ ਕੀਤਾ ਹੈ।ਸਿਹਤ ਮੰਤਰੀ ਨੇ ਦੱਸਿਆ ਕਿ ਰਾਜ ਸਰਕਾਰ ਦੀ ਇਸ ਵੱਡੀ ਪਹਿਲਕਦਮੀ ਤਹਿਤ ਹੁਣ ?1.80 ਲੱਖ ਤੋਂ ਵੱਧ ਸਾਲਾਨਾ ਆਮਦਨ ਵਾਲੇ ਪਰਿਵਾਰ ਵੀ ਨਾਮਾਤਰ ਸਾਲਾਨਾ ਪ੍ਰੀਮੀਅਮ ਦੇ ਕੇ ਇਸ ਅਭਿਲਾਸ਼ੀ ਯੋਜਨਾ ਦਾ ਲਾਭ ਲੈ ਸਕਣਗੇ। ਯੋਜਨਾ ਤਹਿਤ ਪਾਤਰਤਾ ਪਰਿਵਾਰ ਪਛਾਣ ਪੱਤਰ ਵਿੱਚ ਦਰਜ ਤਸਦੀਕਸ਼ੁਦਾ ਸਾਲਾਨਾ ਆਮਦਨ ਦੇ ਆਧਾਰ ’ਤੇ ਤੈਅ ਕੀਤੀ ਜਾਵੇਗੀ ਅਤੇ ਪਾਤਰ ਪਰਿਵਾਰਾਂ ਨੂੰ ਪ੍ਰਦੇਸ਼ ਦੇ ਸੂਚੀਬੱਧ ਹਸਪਤਾਲਾਂ ਵਿੱਚ ਪ੍ਰਤੀ ਸਾਲ ?5 ਲੱਖ ਤੱਕ ਦਾ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾਵੇਗਾ।

ਆਰਤੀ ਸਿੰਘ ਰਾਓ ਨੇ ਦੱਸਿਆ ਕਿ ਯੋਜਨਾ ਨੂੰ ਪਾਰਦਰਸ਼ੀ ਅਤੇ ਆਸਾਨ ਬਣਾਉਣ ਲਈ ਆਮਦਨ ਸਲੈਬ ਦੇ ਹਿਸਾਬ ਨਾਲ ਪ੍ਰੀਮੀਅਮ ਦੀਆਂ ਦਰਾਂ ਤੈਅ ਕੀਤੀਆਂ ਗਈਆਂ ਹਨ। ਇਸ ਤਹਿਤ ?1.80 ਲੱਖ ਤੋਂ ?3.00 ਲੱਖ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਲਈ ?1,500 ਪ੍ਰਤੀ ਸਾਲ, ?3.00 ਲੱਖ ਤੋਂ ?6.00 ਲੱਖ ਆਮਦਨ ਵਰਗ ਲਈ ?4,000 ਪ੍ਰਤੀ ਸਾਲ ਅਤੇ ?6.00 ਲੱਖ ਤੋਂ ਵੱਧ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਲਈ ?5,000 ਪ੍ਰਤੀ ਸਾਲ ਦਾ ਪ੍ਰੀਮੀਅਮ ਤੈਅ ਕੀਤਾ ਗਿਆ ਹੈ।

ਇਸ ਯੋਜਨਾ ਦਾ ਲਾਭ ਲੈਣ ਲਈ ਰਜਿਸਟ੍ਰੇਸ਼ਨ ਅਤੇ ਭੁਗਤਾਨ ਗੇਟਵੇ ਪੋਰਟਲ 30 ਨਵੰਬਰ, 2026 ਤੱਕ ਖੁੱਲ੍ਹਾ ਰਹੇਗਾ, ਜਦੋਂ ਕਿ ਨਵੀਂ ਪਾਲਸੀ ਦੀ ਮਿਆਦ 1 ਨਵੰਬਰ, 2026 ਤੋਂ 31 ਅਕਤੂਬਰ, 2027 ਤੱਕ ਪ੍ਰਭਾਵਸ਼ਾਲੀ ਰਹੇਗੀ।

ਸਿਹਤ ਮੰਤਰੀ ਨੇ ਰਾਜ ਵਿੱਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ’ਤੇ ਰੌਸ਼ਨੀ ਪਾਉਂਦਿਆਂ ਦੱਸਿਆ ਕਿ ਆਯ??ਮਾਨ ਭਾਰਤ ਹਰਿਆਣਾ ਸਿਹਤ ਸੁਰੱਖਿਆ ਅਥਾਰਟੀ ਰਾਹੀਂ ਪ੍ਰਦੇਸ਼ ਭਰ ਦੇ 1,307 ਸੂਚੀਬੱਧ ਹਸਪਤਾਲਾਂ ਵਿੱਚ ਆਯੂਸਮਾਨ ਭਾਰਤ ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ ਅਤੇ ਚਿਰਾਯੂ ਯੋਜਨਾ ਤਹਿਤ ਹੁਣ ਤੱਕ 40,27,391 ਲਾਭਪਾਤਰੀਆਂ ਨੂੰ ਸਫਲਤਾਪੂਰਵਕ ਇਲਾਜ ਮੁਹੱਈਆ ਕਰਵਾਇਆ ਜਾ ਚੁੱਕਾ ਹੈ।

ਇਸ ਤੋਂ ਇਲਾਵਾ, ?1.8 ਲੱਖ ਤੋਂ ?3 ਲੱਖ ਆਮਦਨ ਵਰਗ ਵਿੱਚ ਹੁਣ ਤੱਕ 47,547 ਪਰਿਵਾਰਾਂ ਨੂੰ ਯੋਜਨਾ ਦਾ ਸਿੱਧਾ ਲਾਭ ਮਿਲ ਚੁੱਕਾ ਹੈ।

## ਸ਼ਿਕਾਇਤਾਂ ਦੇ ਹੱਲ ਦੀ ਹੁਣ ਹੋਵੇਗੀ ਬਾਰੀਕੀ ਨਾਲ ਨਿਗਰਾਨੀ, ਏ.ਟੀ.ਆਰ. ’ਤੇ ਨੋਡਲ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼

- ➢ ਸੀ.ਐਮ. ਵਿੰਡੋ, ਜਨਸੰਵਾਦ ਅਤੇ ਸੋਸ਼ਲ ਮੀਡੀਆ ਗ੍ਰੀਵੈਂਸ ਟ੍ਰੈਕਰ ਤੋਂ ਪ੍ਰਾਪਤ ਸ਼ਿਕਾਇਤਾਂ ਦੇ ਹੱਲ ਦੀ ਸਮੀਖਿਆ ਤੇਜ਼
- ➢ ਮੈਡੀਕਲ ਸਿੱਖਿਆ ਅਤੇ ਸਿਹਤ ਵਿਭਾਗ ਦੀਆਂ 259 ਸ਼ਿਕਾਇਤਾਂ ਦੀ ਐਕਸ਼ਨ ਟੇਕਨ ਰਿਪੋਰਟ ਦੀ ਸਮੀਖਿਆ

**ਚੰਡੀਗੜ੍ਹ, 7 ਅਕਤੂਬਰ**
**-ਜੀ. ਐਸ. ਤੁੰਗ-**

ਹਰਿਆਣਾ ਦੇ ਮੁੱਖ ਮੰਤਰੀ ਦੇ ਵਿਸ਼ੇਸ਼ ਅਧਿਕਾਰੀ (ਸ਼ਿਕਾਇਤ ਨਿਵਾਰਨ) ਭੋਪਾਲ ਸਿੰਘ ਖੱਦਰੀ ਨੇ ਦੱਸਿਆ ਕਿ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਵੱਲੋਂ ਪਿਛਲੇ ਦਿਨੀਂ ਜਨ ਸੰਵਾਦ, ਸੀ.ਐਮ. ਵਿੰਡੋ, ਐਸ.ਐਮ.ਜੀ.ਟੀ. (ਸੋਸ਼ਲ ਮੀਡੀਆ ਗ੍ਰੀਵੈਂਸ ਟ੍ਰੈਕਰ) ਅਤੇ ਸਮਾਧਾਨ ਸ਼ਿਵਿਰਾਂ ਰਾਹੀਂ ਪ੍ਰਾਪਤ ਸ਼ਿਕਾਇਤਾਂ ਦੇ ਹੱਲ ਦੀ ਸਮੀਖਿਆ ਲਈ ਆਯੋਜਿਤ ਮੀਟਿੰਗ ਤੋਂ ਬਾਅਦ ਹੁਣ ਹਾਂ-ਪੱਖੀ ਨਤੀਜੇ ਸਾਹਮਣੇ ਆਉਣ ਲੱਗੇ ਹਨ। ਇਸੇ ਲੜੀ ਵਿੱਚ ਅੱਜ ਮੈਡੀਕਲ ਸਿੱਖਿਆ ਅਤੇ ਖੋਜ ਅਤੇ ਸਿਹਤ ਵਿਭਾਗ ਨਾਲ ਸਬੰਧਤ ਨੋਡਲ ਅਧਿਕਾਰੀਆਂ ਦੀ ਮੀਟਿੰਗ ਲੈਂਦੇ ਹੋਏ ਸ਼ਿਕਾਇਤਾਂ ਦੇ ਹੱਲ ਨੂੰ ਲੈ ਕੇ ਕੀਤੀ ਗਈ ਕਾਰਵਾਈ ਦੀ ਰਿਪੋਰਟ (ਏ.ਟੀ.ਆਰ.) ’ਤੇ ਵਿਸ਼ੇਸ਼ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ਿਕਾਇਤਾਂ ਦੇ ਹੱਲ ਦੀ ਪ੍ਰਕਿਰਿਆ ਵਿੱਚ ਸਿਰਫ ਕਾਰਵਾਈ ਦਰਜ ਕਰਨਾ ਹੀ ਕਾਫੀ ਨਹੀਂ ਹੈ, ਸਗੋਂ ਇਹ ਵੀ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਸਬੰਧਤ ਸ਼ਿਕਾਇਤਕਰਤਾ ਨੂੰ ਮੌਜਦਾ ਰਾਹਤ ਮਿਲੀ ਹੈ ਜਾਂ ਨਹੀਂ।

ਖੱਦਰੀ ਨੇ ਕਿਹਾ ਕਿ ਮੁੱਖ ਮੰਤਰੀ ਕੋਲ ਆਪਣੀ ਸ਼ਿਕਾਇਤ ਲੈ ਕੇ ਆਉਣ ਵਾਲੇ ਹਰ ਫਰਿਆਦੀ ਦੀ ਸਮੱਸਿਆ ਦੇ ਹੱਲ ਨੂੰ ਗੰਭੀਰਤਾ ਨਾਲ ਲਿਆ ਜਾਵੇ। ਮੁੱਖ ਮੰਤਰੀ ਕੋਲ ਫਰਿਆਦੀ ਦੇ ਦਸਤਾਵੇਜ਼ ਇਸ ਆਸ ਅਤੇ ਵਿਸ਼ਵਾਸ ਨਾਲ ਭੇਜੇ ਜਾਂਦੇ ਹਨ ਕਿ ਉਸ ਦੀ ਸ਼ਿਕਾਇਤ ’ਤੇ ਕਾਰਵਾਈ ਹੋਵੇਗੀ। ਅਜਿਹੇ ਵਿੱਚ ਵਿਭਾਗਾਂ ਦੇ ਨੋਡਲ ਅਧਿਕਾਰੀ ਇਹ ਯਕੀਨੀ ਬਣਾਉਣ ਕਿ ਸ਼ਿਕਾਇਤਾਂ ’ਤੇ ਪ੍ਰਭਾਵੀ ਕਾਰਵਾਈ ਹੋਵੇ ਅਤੇ ਫਰਿਆਦੀ ਨੂੰ ਹੱਲ ਮਿਲੇ।

ਉਨ੍ਹਾਂ ਇਹ ਨਿਰਦੇਸ਼ ਸਕੱਤਰੇਤ ਸਥਿਤ ਆਪਣੇ ਦਫ਼ਤਰ ਵਿੱਚ ਮੈਡੀਕਲ ਸਿੱਖਿਆ ਅਤੇ ਸਿਹਤ ਵਿਭਾਗ ਨਾਲ ਸਬੰਧਤ ਸ਼ਿਕਾਇਤਾਂ ਦੀ ਐਕਸ਼ਨ ਟੇਕਨ ਰਿਪੋਰਟ ਦੀ ਸਮੀਖਿਆ ਦੌਰਾਨ ਦਿੱਤੇ। ਮੀਟਿੰਗ ਵਿੱਚ 1 ਮਾਰਚ 2026 ਤੋਂ ਪ੍ਰਾਪਤ ਕੁੱਲ 259 ਸ਼ਿਕਾਇਤਾਂ ਦੀ ਸਮੀਖਿਆ ਕੀਤੀ ਗਈ, ਜਿਨ੍ਹਾਂ ਵਿੱਚ ਜਨਸੰਵਾਦ ਰਾਹੀਂ ਪ੍ਰਾਪਤ 68 ਅਤੇ ਸੀ.ਐਮ. ਵਿੰਡੋ ਰਾਹੀਂ ਪ੍ਰਾਪਤ 191 ਸ਼ਿਕਾਇਤਾਂ ਸ਼ਾਮਲ ਹਨ। ਇਸ ਦੌਰਾਨ ਸ਼ਿਕਾਇਤਾਂ ’ਤੇ ਕੀਤੀ ਗਈ ਕਾਰਵਾਈ, ਪੈਂਡਿੰਗ ਮਾਮਲਿਆਂ ਦੀ ਸਥਿਤੀ ਅਤੇ ਉਨ੍ਹਾਂ ਦੇ ਹੱਲ ਲਈ ਚੁੱਕੇ ਜਾ ਰਹੇ ਕਦਮਾਂ ਦੀ ਜਾਣਕਾਰੀ ਲਈ ਗਈ।

ਉਨ੍ਹਾਂ ਵਿਭਾਗਾਂ ਦੇ ਨੋਡਲ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੀ.ਐਮ. ਵਿੰਡੋ ਅਤੇ ਜਨਸੰਵਾਦ ਰਾਹੀਂ ਪ੍ਰਾਪਤ ਸ਼ਿਕਾਇਤਾਂ ਦੀ ਰੈਗੂਲਰ ਸਮੀਖਿਆ ਕੀਤੀ ਜਾਵੇ ਅਤੇ ਜਿਨ੍ਹਾਂ ਮਾਮਲਿਆਂ ਵਿੱਚ ਕਾਰਵਾਈ ਕੀਤੀ ਜਾ ਚੁੱਕੀ ਹੈ, ਉਨ੍ਹਾਂ ਦੀ ਐਕਸ਼ਨ ਟੇਕਨ ਰਿਪੋਰਟ ਸਮੇਂ ’ਤੇ ਅਪਡੇਟ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸ਼ਿਕਾਇਤ ਨੂੰ ਸਿਰਫ ਇੱਕ ਦਫ਼ਤਰ ਤੋਂ ਦੂਜੇ ਦਫ਼ਤਰ ਭੇਜਣ ਤੱਕ ਕਾਰਵਾਈ ਸੀਮਤ ਨਾ ਰਹੇ, ਸਗੋਂ ਉਸ ਦੀ ਮੌਜੂਦਾ ਸਥਿਤੀ ਅਤੇ ਹੱਲ ਦੀ ਵੀ ਨਿਗਰਾਨੀ ਕੀਤੀ ਜਾਵੇ।

ਆਗਾਮੀ ਦੋ-ਤਿੰਨ ਮਹੀਨਿਆਂ ਵਿੱਚ ਲਗਭਗ ਸੱਤ ਵਿਭਾਗਾਂ ਦੀਆਂ ਮੀਟਿੰਗਾਂ ਦਾ ਰੋਡਮੈਪ

ਖੱਦਰੀ ਨੇ ਦੱਸਿਆ ਕਿ ਆਗਾਮੀ ਦੋ-ਤਿੰਨ ਮਹੀਨਿਆਂ ਦੌਰਾਨ ਸਾਰੇ ਵਿਭਾਗਾਂ ਨਾਲ ਇਸੇ ਤਰ੍ਹਾਂ ਦੀਆਂ ਲਗਭਗ ਸੱਤ ਮੀਟਿੰਗਾਂ ਦਾ ਰੋਡਮੈਪ ਤਿਆਰ ਕੀਤਾ ਗਿਆ ਹੈ। ਇਨ੍ਹਾਂ ਮੀਟਿੰਗਾਂ ਵਿੱਚ ਸਬੰਧਤ ਵਿਭਾਗਾਂ ਦੇ ਨੋਡਲ ਅਧਿਕਾਰੀਆਂ ਨਾਲ ਸ਼ਿਕਾਇਤਾਂ ਦੀ ਸਥਿਤੀ, ਪੈਂਡਿੰਗ ਮਾਮਲਿਆਂ ਵਿੱਚ ਕੀਤੀ ਗਈ ਕਾਰਵਾਈ ਅਤੇ ਏ.ਟੀ.ਆਰ. ਦੀ ਬਾਰੀਕੀ ਨਾਲ ਸਮੀਖਿਆ ਕੀਤੀ ਜਾਵੇਗੀ, ਤਾਂ ਜੋ ਸ਼ਿਕਾਇਤਾਂ ਦੇ ਨਿਪਟਾਰੇ ਦੀ ਪ੍ਰਕਿਰਿਆ ਨੂੰ ਹੋਰ ਵਧੇਰੇ ਪ੍ਰਭਾਵੀ ਬਣਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਕੋਈ ਵੀ ਸ਼ਿਕਾਇਤ ਪੈਂਡਿੰਗ ਨਹੀਂ ਰਹਿਣੀ ਚਾਹੀਦੀ। ਸ਼ਿਕਾਇਤਾਂ ਦਾ ਹੱਲ ਜਲਦ ਤੋਂ ਜਲਦ ਕੀਤਾ ਜਾਣਾ ਚਾਹੀਦਾ ਹੈ। ਜੇਕਰ ਕਿਸੇ ਮਾਮਲੇ ਵਿੱਚ ਵਿਭਾਗੀ ਪੱਧਰ ’ਤੇ ਹੱਲ ਸੰਭਵ ਨਹੀਂ ਹੈ ਤਾਂ ਉਸ ਨੂੰ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਜ਼ਰੂਰੀ ਕਾਰਵਾਈ ਲਈ ਰੈਫਰ ਕੀਤਾ ਜਾਵੇ ਜਾਂ ਨਿਯਮਾਂ ਅਨੁਸਾਰ ਡਿਸਪੋਜ਼ ਆਫ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਿਨ੍ਹਾਂ ਮਾਮਲਿਆਂ ਵਿੱਚ ਕਿਸੇ ਉੱਚ ਪੱਧਰੀ ਫੈਸਲੇ ਜਾਂ ਮਾਰਗਦਰਸ਼ਨ ਦੀ ਲੋੜ ਹੈ, ਉਨ੍ਹਾਂ ਨੂੰ ਅਣਚਾਹੇ ਢੰਗ ਨਾਲ ਪੈਂਡਿੰਗ ਰੱਖਣ ਦੀ ਬਜਾਏ ਸਮਾਂ ਰਹਿੰਦੇ ਸਬੰਧਤ ਅਧਿਕਾਰੀ ਦੇ ਧਿਆਨ ਵਿੱਚ ਲਿਆਂਦਾ ਜਾਵੇ।

**ਐਮ.ਪੀ.ਐਚ.ਡਬਲਿਊ. ਕੋਰਸ ਨਾਲ ਸਬੰਧਤ ਸ਼ਿਕਾਇਤਾਂ ’ਤੇ ਵੀ ਚਰਚਾ**

ਮੀਟਿੰਗ ਵਿੱਚ ਬਹੁ-ਉਦੇਸ਼ੀ ਸਿਹਤ ਵਰਕਰ (ਐਮ.ਪੀ.ਐਚ.ਡਬਲਿਊ.) ਦੇ ਕੋਰਸ ਨਾਲ ਸਬੰਧਤ ਸ਼ਿਕਾਇਤਾਂ ’ਤੇ ਵੀ ਚਰਚਾ ਹੋਈ। ਇਸ ਸਬੰਧ ਵਿੱਚ ਖੱਦਰੀ ਨੂੰ ਜਾਣੂ ਕਰਵਾਇਆ ਗਿਆ ਕਿ ਸੂਬੇ ਵਿੱਚ ਐਮ.ਪੀ.ਐਚ.ਡਬਲਿਊ. ਕੋਰਸ ਲਈ 24 ਨਿੱਜੀ ਅਤੇ 2 ਸਰਕਾਰੀ ਸਿੱਖਿਆ ਸੰਸਥਾਵਾਂ ਹਨ। ਸਾਲ 2025 ਵਿੱਚ ਇਸ ਕੋਰਸ ਲਈ ਨਿਰਧਾਰਤ ਵਿਦਿਅਕ ਯੋਗਤਾ ਨੂੰ ਦਸਵੀਂ ਤੋਂ ਵਧਾ ਕੇ 12ਵੀਂ ਕੀਤੀ ਗਈ ਸੀ। ਇਸ ਦੇ ਨਾਲ ਹੀ ਹੋਰ ਨਿਰਧਾਰਤ ਨਿਯਮਾਂ ਅਨੁਸਾਰ ਵਿਦਿਆਰਥੀਆਂ ਨੂੰ ਸਿੱਖਿਆ ਅਤੇ ਸਿਖਲਾਈ ਦਿੱਤੀ ਜਾ ਰਹੀ ਹੈ।

ਮੀਟਿੰਗ ਵਿੱਚ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਅਰਜ਼ੀ ਤੌਰ ’ਤੇ ਹਰਿਆਣਾ ਅਲਾਇਡ ਹੈਲਥ ਕੇਅਰ ਕੌਂਸਲ ਦਾ ਗਠਨ ਕੀਤਾ ਗਿਆ ਹੈ। ਅੱਗੇ ਤੋਂ ਐਮ.ਪੀ.ਐਚ.ਡਬਲਿਊ. ਕੋਰਸ ਦੇ ਮਾਪਦੰਡ ਕੌਂਸਲ ਦੀਆਂ ਗਾਈਡਲਾਈਨਜ਼ ਅਨੁਸਾਰ ਤੈਅ ਕੀਤੇ ਜਾਣਗੇ। ਖੱਦਰੀ ਨੇ ਕਿਹਾ ਕਿ ਲੋਕਾਂ ਦੀ ਮੰਗ ਅਤੇ ਉਮੀਦਾਂ ਨੂੰ ਦੇਖਦੇ ਹੋਏ ਮੁੱਖ ਮੰਤਰੀ ਨੇ ਜਨਸੰਵਾਦ ਅਤੇ ਸੀ.ਐਮ. ਵਿੰਡੋ ਪੋਰਟਲ ’ਤੇ ਪ੍ਰਾਪਤ ਸ਼ਿਕਾਇਤਾਂ ਦੇ ਹੱਲ ’ਤੇ ਵਿਸ਼ੇਸ਼ ਫੋਕਸ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਨੋਡਲ ਅਧਿਕਾਰੀਆਂ ਨੂੰ ਕਿਹਾ ਕਿ ਮੁੱਖ ਮੰਤਰੀ ਦੀ ਇਸ ਪ੍ਰਾਥਮਿਕਤਾ ਅਨੁਸਾਰ ਸ਼ਿਕਾਇਤਾਂ ਦੇ ਨਿਪਟਾਰੇ ਨੂੰ ਗੰਭੀਰਤਾ ਨਾਲ ਲਿਆ ਜਾਵੇ ਅਤੇ ਹਰੇਕ ਸ਼ਿਕਾਇਤ ਨੂੰ ਉਸ ਦੇ ਤਰਕਪੂਰਨ ਸਿੱਟੇ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾਵੇ।

## ਹਰਿਆਣਾ ਵਿੱਚ ਵਿਭਾਗੀ ਪ੍ਰੀਖਿਆਵਾਂ 16 ਤੋਂ 20 ਨਵੰਬਰ ਤੱਕ

**ਚੰਡੀਗੜ੍ਹ, 7 ਅਕਤੂਬਰ**
**-ਸੰਜੀਵ ਸਿੰਗਲਾ-**

ਹਰਿਆਣਾ ਸਰਕਾਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਲਈ ਆਉਣ ਵਾਲੀਆਂ ਵਿਭਾਗੀ ਪ੍ਰੀਖਿਆਵਾਂ ਦਾ ਪ੍ਰੋਗਰਾਮ ਜਾਰੀ ਕਰ ਦਿੱਤਾ ਹੈ। ਵਿਭਾਗੀ ਪ੍ਰੀਖਿਆਵਾਂ 16 ਨਵੰਬਰ ਤੋਂ 20 ਨਵੰਬਰ, 2026 ਤੱਕ ਪੰਚਕੂਲਾ ਦੇ ਸੈਕਟਰ-12-ਏ ਸਥਿਤ ਸਾਰਥਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਆਯੋਜਿਤ ਕੀਤੀਆਂ ਜਾਣਗੀਆਂ। ਪ੍ਰੀਖਿਆਵਾਂ ਨਿਰਧਾਰਤ ਦੋ ਸੈਸ਼ਨਾਂ ਵਿੱਚ ਹੋਣਗੀਆਂ। ਸਵੇਰ ਦਾ ਸੈਸ਼ਨ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਅਤੇ ਸ਼ਾਮ ਦਾ ਸੈਸ਼ਨ ਦੁਪਹਿਰ 2 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗਾ।

ਇਸ ਸਬੰਧ ਵਿੱਚ ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ।

16 ਨਵੰਬਰ ਨੂੰ ਸਹਾਇਕ ਕਮਿਸ਼ਨਰ, ਵਧੀਕ ਸਹਾਇਕ ਕਮਿਸ਼ਨਰ ਦੇ ਅਹੁਦੇ ਦੇ ਉਮੀਦਵਾਰਾਂ ਅਤੇ ਤਹਿਸੀਲਦਾਰਾਂ ਲਈ ਕ੍ਰਿਮੀਨਲ ਲਾਅ ਪਹਿਲਾ ਪ੍ਰਸ਼ਨ-ਪੱਤਰ ਅਤੇ ਸਿਵਲ ਲਾਅ ਦੀ ਪ੍ਰੀਖਿਆ ਹੋਵੇਗੀ। ਜੰਗਲਾਤ ਵਿਭਾਗ ਲਈ ਜੰਗਲਾਤ ਕਾਨੂੰਨ ਅਤੇ ਭੂ-ਰਾਜਸਵ, ਪਸ਼ੂ ਪਾਲਣ ਅਤੇ ਡੇਅਰੀ ਵਿਭਾਗ ਅਤੇ ਮੱਛੀ ਪਾਲਣ ਵਿਭਾਗ ਲਈ ਲੇਖਾ ਅਤੇ ਵਿਭਾਗੀ ਨਿਯਮ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਲਈ ਪ੍ਰਸ਼ਨ ਪੱਤਰ-1 ਵਿਕਾਸ ਅਤੇ ਯੋਜਨਾਬੰਦੀ, ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਐਸਟੀਮੇਸ਼ਨ ਅਤੇ ਲਾਗਤ ਨਿਰਧਾਰਨ (ਬਿਜਲੀ)-1, ਲੋਕ ਨਿਰਮਾਣ ਵਿਭਾਗ ਦੀਆਂ ਵਿਸ਼ੇਸ਼ਤਾਵਾਂ-1 ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਲਈ ਲੇਖਾ ਅਤੇ ਵਿਭਾਗੀ ਨਿਯਮਾਂ ਨਾਲ ਸਬੰਧਤ ਪ੍ਰੀਖਿਆ ਵੀ ਇਸੇ ਦਿਨ ਹੋਵੇਗੀ।

17 ਨਵੰਬਰ ਨੂੰ ਸਹਾਇਕ ਕਮਿਸ਼ਨਰ, ਵਧੀਕ ਸਹਾਇਕ ਕਮਿਸ਼ਨਰ ਦੇ ਅਹੁਦੇ ਦੇ ਉਮੀਦਵਾਰਾਂ ਅਤੇ ਤਹਿਸੀਲਦਾਰਾਂ ਲਈ ਕ੍ਰਿਮੀਨਲ ਲਾਅ ਦੂਜਾ ਪ੍ਰਸ਼ਨ-ਪੱਤਰ ਅਤੇ ਵਿੱਤੀ ਨਿਯਮਾਂ ਦੀ ਪ੍ਰੀਖਿਆ ਹੋਵੇਗੀ। ਜੰਗਲਾਤ ਵਿਭਾਗ ਲਈ ਪ੍ਰਕਿਰਿਆ ਅਤੇ ਲੇਖਾ ਅਤੇ ਹਿੰਦੀ, ਸਹਿਕਾਰਤਾ ਵਿਭਾਗ ਲਈ ਲੇਖਾ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਲਈ ਵਿਕਾਸ ਯੋਜਨਾ ਪ੍ਰਸ਼ਨ ਪੱਤਰ-2, ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਪਾਵਰ ਟਰਾਂਸਮਿਸ਼ਨ ਅਤੇ ਡਿਸਟ੍ਰੀਬਿਊਸ਼ਨ-2 ਪ੍ਰੀਖਿਆ ਅਤੇ ਡਿਜ਼ਾਈਨ-2 ਦੀ ਪ੍ਰੀਖਿਆ ਵੀ ਇਸੇ ਦਿਨ ਹੋਵੇਗੀ।

18 ਨਵੰਬਰ ਨੂੰ ਸਹਾਇਕ ਕਮਿਸ਼ਨਰਾਂ ਅਤੇ ਈਏਸੀ ਅਹੁਦੇ ਦੇ ਉਮੀਦਵਾਰਾਂ ਲਈ ਅਤੇ ਤਹਿਸੀਲਦਾਰਾਂ ਲਈ ਕ੍ਰਿਮੀਨਲ ਲਾਅ ਤੀਜਾ ਪ੍ਰਸ਼ਨ-ਪੱਤਰ, ਜਿਸ ਵਿੱਚ ਜੇਲ੍ਹ ਨਾਲ ਸਬੰਧਤ ਪ੍ਰਬੰਧ ਵੀ ਸ਼ਾਮਲ ਹਨ, ਅਤੇ ਮਾਲੀਆ ਕਾਨੂੰਨ ਪਹਿਲਾ ਪ੍ਰਸ਼ਨ-ਪੱਤਰ ਹੋਵੇਗਾ। ਜੇਲ੍ਹ ਵਿਭਾਗ ਲਈ ਪੰਜਾਬ ਜੇਲ੍ਹ ਮੈਨੂਅਲ ਅਤੇ ਸਬੰਧਤ ਵਿਸ਼ਿਆਂ ਦੀ ਪ੍ਰੀਖਿਆ, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਲਈ ਬਜਟ ਅਤੇ ਲੇਖਾ ਪ੍ਰਸ਼ਨ ਪੱਤਰ-3, ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਮੈਨੂਅਲ ਆਫ਼ ਆਰਡਰਜ਼, ਲੇਖਾ ਅਤੇ ਦਫ਼ਤਰ ਪ੍ਰਕਿਰਿਆ ਦੀ ਪ੍ਰੀਖਿਆ (ਬਿਜਲੀ) ਅਤੇ ਚੋਣ ਵਿਭਾਗ ਦੇ ਸਹਾਇਕ ਅਤੇ ਚੋਣ ਕਾਨੂੰਨਗੋ ਲਈ ਇਲੈਕਸ਼ਨ ਲਾਅ-1 ਦੀ ਪ੍ਰੀਖਿਆ ਹੋਵੇਗੀ।

19 ਨਵੰਬਰ ਨੂੰ ਸਹਾਇਕ ਕਮਿਸ਼ਨਰ, ਵਧੀਕ ਸਹਾਇਕ ਕਮਿਸ਼ਨਰ ਦੇ ਅਹੁਦੇ ਦੇ ਉਮੀਦਵਾਰਾਂ ਅਤੇ ਤਹਿਸੀਲਦਾਰਾਂ ਲਈ ਸਥਾਨਕ ਫੰਡ ਅਤੇ ਮਾਲੀਆ ਵਿਧੀ ਦੂਜਾ ਪ੍ਰਸ਼ਨ-ਪੱਤਰ ਦੀ ਪ੍ਰੀਖਿਆ ਹੋਵੇਗੀ। ਜੇਲ੍ਹ ਵਿਭਾਗ ਲਈ ਕ੍ਰਿਮੀਨਲ ਲਾਅ ਪ੍ਰਸ਼ਨ ਪੱਤਰ-3 ਅਤੇ ਵਿੱਤੀ ਨਿਯਮ ਪ੍ਰਸ਼ਨ ਪੱਤਰ-4, ਵਿਕਾਸ ਅਤੇ ਪੰਚਾਇਤ ਵਿਭਾਗ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਲਈ ਪ੍ਰਸ਼ਨ ਪੱਤਰ-4 (ਸਬੰਧਤ ਐਕਟ), ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਬਿਜਲੀ ਐਕਟ ਅਤੇ ਸਬੰਧਤ ਤਕਨੀਕੀ ਵਿਸ਼ਿਆਂ ਦੀ ਪ੍ਰੀਖਿਆ ਹੋਵੇਗੀ। ਚੋਣ ਵਿਭਾਗ ਦੇ ਸਹਾਇਕ ਅਤੇ ਚੋਣ ਕਾਨੂੰਨਗੋ ਲਈ ਪ੍ਰਸ਼ਾਸਕੀ/ਲੇਖਾ ਨਿਯਮਾਂ ਅਤੇ ਕਲਰਕ, ਜੂਨੀਅਰ ਸਕੇਲ ਸਟੈਨੋ ਗ੍ਰਾਫਰ ਅਤੇ ਮੁਹਰਿਰ ਲਈ ਚੋਣ ਕਾਨੂੰਨ ਦੀ ਪ੍ਰੀਖਿਆ ਵੀ ਇਸੇ ਦਿਨ ਹੋਵੇਗੀ।

20 ਨਵੰਬਰ ਨੂੰ ਸਹਾਇਕ ਕਮਿਸ਼ਨਰ, ਵਧੀਕ ਸਹਾਇਕ ਕਮਿਸ਼ਨਰ ਅਤੇ 513 ਅਹੁਦੇ ਦੇ ਉਮੀਦਵਾਰਾਂ ਲਈ ਹਿੰਦੀ ਅਤੇ ਤਹਿਸੀਲਦਾਰਾਂ ਲਈ ਪਟਵਾਰੀ, ਖੇਤਰਮਿਤੀ ਅਤੇ ਉਰਦੂ ਦੀ ਪ੍ਰੀਖਿਆ ਹੋਵੇਗੀ। ਖੇਤੀਬਾੜੀ ਅਤੇ ਬਾਗਬਾਨੀ ਵਿਭਾਗ ਲਈ ਲੇਖਾ, ਜੇਲ੍ਹ ਵਿਭਾਗ ਲਈ ਹਿੰਦੀ ਭਾਸ਼ਾ ਅਤੇ ਪੰਚਾਇਤ ਰਾਜ ਵਿਭਾਗ ਦੇ ਇੰਜੀਨੀਅਰਿੰਗ ਗਰੁੱਪ ਦੇ ਐਸਡੀਓ ਲਈ ਐਚਪੀਡਬਲਿਊਡੀ ਸਪੈਸੀਫਿਕੇਸ਼ਨ ਅਤੇ ਐਸਟੀਮੇਸ਼ਨ ਦੀ ਪ੍ਰੀਖਿਆ ਵੀ ਇਸੇ ਦਿਨ ਹੋਵੇਗੀ।





